@Qpatrika @qaumipatrika punjabi instagram.com/ qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Tuesday, 3 March 2026

VISIT: www.qaumipatrika.org Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 3 ਮਾਰਚ 2026, 19 ਫੱਗਣ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 118, qpatrika@gmail.com ਫੋਨ : 9971359517 www.qaumipatrika.org

## ਬਿਹਾਰ ਸਰਕਾਰ ਨੇ ਪ੍ਰਵਾਸੀ ਮਜ਼ਦੂਰਾਂ ਲਈ ਜਾਰੀ ਕੀਤਾ ਹੈਲਪਲਾਈਨ ਨੰਬਰ

ਨੈਸ਼ਨਲ ਡੈਸਕ 2 ਮਾਰਚ। ਪੱਛਮੀ ਏਸ਼ੀਆ ਵਿੱਚ ਵਧਦੇ ਜੰਗ ਦੇ ਸੰਕਟ ਅਤੇ ਖਾੜੀ ਦੇਸ਼ਾਂ ਵਿੱਚ ਤਣਾਅਪੂਰਨ ਹਾਲਾਤਾਂ ਨੂੰ ਦੇਖਦੇ ਹੋਏ, ਬਿਹਾਰ ਸਰਕਾਰ ਨੇ ਉੱਥੇ ਰਹਿ ਰਹੇ ਆਪਣੇ ਪ੍ਰਵਾਸੀ ਮਜ਼ਦੂਰਾਂ ਦੀ ਸੁਰੱਖਿਆ ਲਈ ਅਹਿਮ ਕਦਮ ਚੁੱਕਿਆ ਹੈ। ਸੋਮਵਾਰ ਨੂੰ ਰਾਜ ਦੇ ਸ਼੍ਰਮ ਸੰਸਾਧਨ ਅਤੇ ਪ੍ਰਵਾਸੀ ਮਜ਼ਦੂਰ ਭਲਾਈ ਵਿਭਾਗ ਨੇ ਦਿੱਲੀ ਸਥਿਤ ਬਿਹਾਰ ਭਵਨ ਲਈ ਇੱਕ ਵਿਸ਼ੇਸ਼ ਹੈਲਪਲਾਈਨ ਨੰਬਰ 7217788114 ਜਾਰੀ ਕਰਨ ਦਾ ਐਲਾਨ ਕੀਤਾ। ਵਿਭਾਗ ਦੇ ਸਕੱਤਰ ਦੀਪਕ ਆਨੰਦ ਨੇ ਦੱਸਿਆ ਕਿ ਸਰਕਾਰ ਆਪਣੇ ਨਾਗਰਿਕਾਂ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ



ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਕੋਈ ਵੀ ਪ੍ਰਵਾਸੀ ਬਿਹਾਰੀ ਆਪਣੇ ਆਪ ਨੂੰ ਇਕੱਲਾ ਮਹਿਸੂਸ ਨਾ ਕਰੇ, ਇਸ ਲਈ ਇਹ ਵਿਵਸਥਾ ਕੀਤੀ ਗਈ ਹੈ ਤਾਂ ਜੋ ਸੰਕਟ ਦੀ ਸਥਿਤੀ ਵਿੱਚ ਤੁਰੰਤ ਸਹਾਇਤਾ ਪਹੁੰਚਾਈ ਜਾ ਸਕੇ। ਵਿਭਾਗ ਦੀ ਇੱਕ ਵਿਸ਼ੇਸ਼ ਟੀਮ 24 ਘੰਟੇ ਇਸ ਨੰਬਰ ਦੀ ਨਿਗਰਾਨੀ ਕਰੇਗੀ ਅਤੇ ਲੋੜ ਪੈਣ 'ਤੇ ਸਬੰਧਤ ਏਜੰਸੀਆਂ ਨਾਲ ਤਾਲਮੇਲ ਕਰਕੇ ਤੁਰੰਤ ਕਾਰਵਾਈ ਕੀਤੀ ਜਾਵੇਗੀ। ਸਰਕਾਰ ਨੇ ਅਪੀਲ ਕੀਤੀ ਹੈ ਕਿ ਜੇਕਰ ਖਾੜੀ ਦੇਸ਼ਾਂ ਵਿੱਚ ਕੰਮ ਕਰ ਰਹੇ ਕਿਸੇ ਵੀ ਮਜ਼ਦੂਰ ਦਾ ਪਰਿਵਾਰ ਆਪਣੇ ਮੈਂਬਰ ਦੀ ਸੁਰੱਖਿਆ ਨੂੰ ਲੈ ਕੇ ਚਿੰਤਤ ਹੈ ਜਾਂ ਉਹ ਕਿਸੇ ਪਰੇਸ਼ਾਨੀ ਵਿੱਚ ਹਨ, ਤਾਂ ਉਹ ਇਸ ਹੈਲਪਲਾਈਨ ਦੀ ਵਰਤੋਂ ਕਰ ਸਕਦੇ ਹਨ। ਸਕੱਤਰ ਨੇ ਕਿਹਾ ਕਿ ਰਾਜ ਸਰਕਾਰ ਦੀ ਮੁੱਖ ਤਰਜੀਹ ਵਿਦੇਸ਼ਾਂ ਵਿੱਚ ਕੰਮ ਕਰ ਰਹੇ ਮਜ਼ਦੂਰਾਂ ਦੀ ਸੁਰੱਖਿਆ, ਸਨਮਾਨ ਅਤੇ ਸੁਵਿਧਾਵਾਂ ਯਕੀਨੀ ਬਣਾਉਣਾ ਹੈ। ਸਰਕਾਰ ਨੇ ਭਰੋਸਾ ਦਿੱਤਾ ਹੈ ਕਿ ਲੋੜਵੰਦ ਪ੍ਰਵਾਸੀਆਂ ਤੱਕ ਸਹਾਇਤਾ ਪਹੁੰਚਾਉਣ ਲਈ ਹਰ ਸੰਭਵ ਜ਼ਰੂਰੀ ਕਦਮ ਚੁੱਕੇ ਜਾਣਗੇ।

## ਪੰਜਾਬ ਦੀ ਮੌਜੂਦਾ ਸਥਿਤੀ ਨੂੰ ਲੈ ਕੇ ਹਰਸਿਮਰਤ ਕੌਰ ਬਾਦਲ ਨੇ ਚੁੱਕੇ ਗੰਭੀਰ ਸਵਾਲ

ਚੰਡੀਗੜ੍ਹ 2 ਮਾਰਚ। ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਆਗੂ ਅਤੇ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਸੋਸ਼ਲ ਮੀਡੀਆ ਰਾਹੀਂ ਤਿੱਖੇ ਸ਼ਬਦੀ ਹਮਲੇ ਕੀਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਮੁੱਖ ਮੰਤਰੀ ਤੋਂ ਚੁਟਕਲੇ ਨਹੀਂ ਬਲਕਿ ਸੂਬੇ ਦੇ ਭਖਦੇ ਮੁੱਦਿਆਂ 'ਤੇ ਠੋਸ ਜਵਾਬ ਚਾਹੀਦੇ ਹਨ। ਬੀਬਾ ਬਾਦਲ ਨੇ ਸੂਬੇ ਦੀ ਸਿਹਤ ਵਿਵਸਥਾ 'ਤੇ ਸਵਾਲ ਉਠਾਉਂਦਿਆਂ ਪੁੱਛਿਆ ਕਿ ਜੇਕਰ ਪੰਜਾਬ ਵਿੱਚ 'ਸਿਹਤ ਕ੍ਰਾਂਤੀ' ਦੇ ਪ੍ਰਚਾਰ 'ਤੇ ਕਰੋੜਾਂ ਰੁਪਏ ਖਰਚੇ ਗਏ ਹਨ, ਤਾਂ ਫਿਰ ਮੁੱਖ ਮੰਤਰੀ ਨੂੰ ਆਪਣੇ ਇਲਾਜ ਲਈ ਬੈਂਗਲੂਰ ਕਿਉਂ ਜਾਣਾ ਪਿਆ? ਉਨ੍ਹਾਂ ਨੇ ਸੂਬੇ ਵਿੱਚ ਲਗਾਤਾਰ ਵਧ ਰਹੇ ਨਸ਼ੇ ਅਤੇ ਗੈਂਗਸਟਰਵਾਦ ਦੇ ਮੁੱਦੇ 'ਤੇ ਵੀ ਸਰਕਾਰ ਨੂੰ ਘੇਰਿਆ ਅਤੇ ਸਵਾਲ ਕੀਤਾ ਕਿ ਪੰਜਾਬ ਵਿੱਚ ਗੈਂਗਸਟਰਵਾਦ ਅਤੇ ਨਸ਼ਾ ਖਤਮ ਕਿਉਂ ਨਹੀਂ ਹੋਇਆ? ਇਸ ਤੋਂ ਇਲਾਵਾ, ਹਰਸਿਮਰਤ ਕੌਰ ਬਾਦਲ ਨੇ ਸਿੱਖ ਨੌਜਵਾਨ ਰਣਜੀਤ ਸਿੰਘ ਦੇ ਮਾਮਲੇ ਨੂੰ ਉਠਾਉਂਦਿਆਂ ਇਸ ਨੂੰ 'ਝੂਠਾ ਐਨਕਾਊਂਟਰ' ਕਰਾਰ ਦਿੱਤਾ ਅਤੇ ਕਿਹਾ ਕਿਸਦੇ ਇਸ਼ਾਰੇ 'ਤੇ ਹੋਇਆ ਸਿੱਖ ਨੌਜਵਾਨ ਰਣਜੀਤ ਸਿੰਘ ਦਾ ਝੂਠਾ ਐਨਕਾਊਂਟਰ? ਪੰਜਾਬ ਪੁਲਸ ਦੀ ਵਰਤਮਾਨ ਸਥਿਤੀ ਬਾਰੇ ਬੋਲਦਿਆਂ ਕਿਹਾ ਕਿ ਕੀ ਹੁਣ ਪੁਲਸ ਦਾ ਕੰਮ ਸਿਰਫ 'ਆਪ' ਆਗੂਆਂ ਦੇ ਵਿਆਹਾਂ ਵਿੱਚ ਐਕਟਿੰਗ ਕਰਨਾ ਹੀ ਰਹਿ ਗਿਆ ਹੈ?

# ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੱਲੋਂ ਦਿੱਲੀ ਦੀਆਂ ਔਰਤਾਂ ਲਈ 4 ਵੱਡੀਆਂ ਭਲਾਈ ਯੋਜਨਾਵਾਂ ਦੀ ਸ਼ੁਰੂਆਤ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਨਵੀਂ ਦਿੱਲੀ 2 ਮਾਰਚ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸੋਮਵਾਰ ਨੂੰ ਦਿੱਲੀ ਸਰਕਾਰ ਦੀਆਂ ਮਹਿਲਾ ਭਲਾਈ ਨਾਲ ਸਬੰਧਤ ਚਾਰ ਅਹਿਮ ਯੋਜਨਾਵਾਂ ਦਾ ਉਦਘਾਟਨ ਕੀਤਾ। ਇੰਦਰਾ ਗਾਂਧੀ ਇੰਡੋਰ ਸਟੇਡੀਅਮ ਵਿੱਚ ਆਯੋਜਿਤ 'ਸਸ਼ਕਤ ਨਾਰੀ, ਸਮ੍ਰਿਧ ਦਿੱਲੀ' ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ 'ਪਿੰਕ ਨੈਸ਼ਨਲ ਕਾਮਨ ਮੋਬਿਲਿਟੀ ਕਾਰਡ' ਸਮੇਤ ਤਿੰਨ ਹੋਰ ਮਹਿਲਾ-ਕੇਂਦ੍ਰਿਤ ਸਕੀਮਾਂ ਦੀ ਸ਼ੁਰੂਆਤ ਕੀਤੀ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਬੱਸਾਂ ਵਿੱਚ ਮੁਫ਼ਤ ਸਫ਼ਰ ਅਤੇ ਏਕੀਕ੍ਰਿਤ ਆਵਾਜਾਈ ਵਰਗੀਆਂ ਸਹੂਲਤਾਂ ਔਰਤਾਂ ਦੀ ਆਜ਼ਾਦੀ ਅਤੇ ਸੁਰੱਖਿਆ ਨੂੰ ਮਜ਼ਬੂਤ ਕਰਨਗੀਆਂ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮਹਿਲਾ ਸਸ਼ਕਤੀਕਰਨ ਸਿਰਫ਼ ਸਰਕਾਰ ਦਾ ਹੀ ਨਹੀਂ, ਸਗੋਂ ਸਮਾਜ ਦੀ ਵੀ ਸਾਂਝੀ ਜ਼ਿੰਮੇਵਾਰੀ ਹੈ। ਰਾਸ਼ਟਰਪਤੀ ਅਨੁਸਾਰ, ਫ਼ੈਸਲੇ ਲੈਣ ਦੀ ਆਜ਼ਾਦੀ ਨਾਲ ਲੈਸ ਔਰਤਾਂ ਸਮਾਜ ਅਤੇ ਦੇਸ਼ ਦੀ ਦਿਸ਼ਾ ਬਦਲ ਸਕਦੀਆਂ ਹਨ। ਮੁਫ਼ਤ ਐੱਲ.ਪੀ.ਜੀ. ਸਿਲੰਡਰ: ਰਾਸ਼ਨ ਕਾਰਡ ਧਾਰਕ ਪਰਿਵਾਰਾਂ ਨੂੰ ਹਰ ਸਾਲ ਹੋਲੀ ਅਤੇ ਦੀਵਾਲੀ ਦੇ ਮੌਕੇ 'ਤੇ ਦੋ ਐੱਲ.ਪੀ.ਜੀ. ਸਿਲੰਡਰ ਮੁਫ਼ਤ ਦਿੱਤੇ ਜਾਣਗੇ। ਸਿੱਧਾ ਲਾਭ ਤਬਾਦਲਾ ਸਰਕਾਰ ਵੱਲੋਂ 129 ਕਰੋੜ ਰੁਪਏ ਦੀ ਰਾਸ਼ੀ ਸਿੱਧੇ ਲਾਭਪਾਤਰੀਆਂ ਦੇ



ਬੈਂਕ ਖਾਤਿਆਂ ਵਿੱਚ ਜਮ?ਹਾਂ ਕਰਵਾਈ ਜਾਵੇਗੀ। ਨਵੀਆਂ ਯੋਜਨਾਵਾਂ: ਇਸ ਮੌਕੇ 'ਦਿੱਲੀ ਲਖਪਤੀ ਬਿਟੀਆ ਯੋਜਨਾ' ਅਤੇ 'ਮੇਰੀ ਪੂੰਜੀ, ਮੇਰਾ ਅਧਿਕਾਰ' ਨਾਮਕ ਪਹਿਲਕਦਮੀਆਂ ਵੀ ਸ਼ੁਰੂ ਕੀਤੀਆਂ ਗਈਆਂ। ਸਹੇਲੀ ਪਿੰਕ ਸਮਾਰਟ ਕਾਰਡ: ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਨੇ ਦੱਸਿਆ ਕਿ ਇਹ ਕਾਰਡ ਸਿਰਫ਼ ਇੱਕ ਯਾਤਰਾ ਕਾਰਡ ਨਹੀਂ, ਸਗੋਂ ਔਰਤਾਂ ਲਈ 'ਸਨਮਾਨ ਦਾ ਕਾਰਡ' ਹੈ। ਉਨ੍ਹਾਂ ਪਿਛਲੀ ਸਰਕਾਰ ਦੀ ਮੁਫ਼ਤ ਬੱਸ ਯਾਤਰਾ ਯੋਜਨਾ ਦੀ ਆਲੋਚਨਾ ਕਰਦਿਆਂ ਕਿਹਾ ਕਿ ਉਸ ਵਿੱਚ ਭ੍ਰਿਸ਼ਟਾਚਾਰ ਦੀ ਗੁੰਜਾਇਸ਼ ਸੀ। ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਨ੍ਹਾਂ ਯੋਜਨਾਵਾਂ ਰਾਹੀਂ ਬਾਲੜੀ ਦੇ ਜਨਮ ਤੋਂ ਲੈ ਕੇ ਉਸ ਦੀ ਸਿੱਖਿਆ, ਆਵਾਜਾਈ ਅਤੇ ਰਸੋਈ ਤੱਕ ਹਰ ਪੱਧਰ 'ਤੇ ਸੁਰੱਖਿਆ ਅਤੇ ਰਾਹਤ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਮਹਿਲਾ ਸਸ਼ਕਤੀਕਰਨ ਹੁਣ ਸਿਰਫ਼ ਇੱਕ ਨੀਤੀ ਨਹੀਂ, ਸਗੋਂ ਇੱਕ ਰਾਸ਼ਟਰੀ ਸੰਕਲਪ ਬਣ ਚੁੱਕਾ ਹੈ।

## ਅਮਰੀਕਾ-ਇਰਾਨ ਜੰਗ 'ਤੇ ਸੁਖਬੀਰ ਬਾਦਲ ਦਾ ਵੱਡਾ ਬਿਆਨ ! ਪੰਜਾਬੀਆਂ ਦੀ ਸੁਰੱਖਿਆ ਨੂੰ ਲੈ ਕੇ ਕੇਂਦਰ ਅੱਗੇ ਰੱਖੀ ਇਹ ਮੰਗ

ਸਮਰਾਲਾ 2 ਮਾਰਚ। ਸ਼੍ਰੋਮਣੀ ਅਕਾਲੀ ਦਲ ਵੱਲੋਂ ਸਮਰਾਲਾ ਵਿਖੇ 'ਪੰਜਾਬ ਬਚਾਓ ਰੈਲੀ' ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਕਾਰਕੁਨਾਂ ਅਤੇ ਸਮਰਥਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਨੂੰ ਸਿਰਫ਼ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੀ ਬਚਾ ਸਕਦੀ ਹੈ। ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪਿਛਲੇ ਨੌਂ ਸਾਲਾਂ 'ਚ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਸਰਕਾਰਾਂ ਨੇ ਪੰਜਾਬ ਨੂੰ ਹਰ ਪੱਖੋਂ ਪਿੱਛੇ ਧੱਕ ਦਿੱਤਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਸੂਬੇ ਦੀ ਆਰਥਿਕ ਹਾਲਤ ਕਮਜ਼ੋਰ ਹੋਈ ਹੈ, ਨੌਜਵਾਨ ਬੇਰੁਜ਼ਗਾਰੀ ਨਾਲ ਜੂਝ ਰਹੇ ਹਨ ਅਤੇ ਉਦਯੋਗਾਂ ਨੂੰ ਵੀ ਨੁਕਸਾਨ ਝੱਲਣਾ ਪਿਆ ਹੈ। ਉਨ੍ਹਾਂ ਕਿਹਾ ਕਿ ਹੁਣ ਲੋੜ ਹੈ ਕਿ 2027 'ਚ ਅਕਾਲੀ ਦਲ ਦੀ ਸਰਕਾਰ ਬਣਾ ਕੇ ਪੰਜਾਬ ਨੂੰ ਮੁੜ ਤਰੱਕੀ ਦੇ ਰਾਹ 'ਤੇ ਲਿਆਂਦਾ ਜਾਵੇ। ਅੰਤਰਰਾਸ਼ਟਰੀ ਮਸਲਿਆਂ 'ਤੇ ਗੱਲ ਕਰਦੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਅਮਰੀਕਾ-ਇਰਾਨ ਜੰਗ ਨੂੰ ਲੈ ਕੇ ਉਹ ਚਿੰਤਤ ਹਨ, ਕਿਉਂਕਿ ਖ਼ਤਰੇ ਵਾਲੇ ਦੇਸ਼ਾਂ 'ਚ ਵੱਡੀ ਗਿਣਤੀ ਵਿੱਚ ਪੰਜਾਬੀ ਰੁਜ਼ਗਾਰ ਲਈ ਗਏ ਹੋਏ ਹਨ। ਉਨ੍ਹਾਂ ਕਿਹਾ ਕਿ ਉੱਥੇ ਮੌਜੂਦ ਪੰਜਾਬੀਆਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਵੱਧ ਰਹੀ ਹੈ ਅਤੇ ਪੰਜਾਬ ਵਿੱਚ ਰਹਿੰਦੇ ਉਨ੍ਹਾਂ ਦੇ ਪਰਿਵਾਰ ਵੀ ਫਿਕਰਮੰਦ ਹਨ। ਇਸ ਮਾਮਲੇ 'ਚ ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਜ਼ਰੂਰਤ ਪੈਣ 'ਤੇ ਵਿਸ਼ੇਸ਼ ਉਡਾਨਾਂ ਦਾ ਇੰਤਜ਼ਾਮ ਕਰਕੇ ਪੰਜਾਬੀਆਂ ਨੂੰ ਸੁਰੱਖਿਅਤ ਵਾਪਸ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਉਹ ਇਸ ਮਸਲੇ ਨੂੰ ਲੈ ਕੇ ਜਲਦ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਵੀ ਮੁਲਾਕਾਤ ਕਰਨਗੇ। ਰੈਲੀ ਦੌਰਾਨ ਵੱਡਾ ਐਲਾਨ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਜੇਕਰ 2027 ਵਿੱਚ ਅਕਾਲੀ ਦਲ ਦੀ ਸਰਕਾਰ ਬਣਦੀ ਹੈ ਤਾਂ ਸਮਰਾਲਾ ਵਿੱਚ ਵਰਲਡ ਕਲਾਸ ਸਕਿਲ ਯੂਨੀਵਰਸਿਟੀ ਸਥਾਪਤ ਕੀਤੀ ਜਾਵੇਗੀ। ਇਸ ਤੋਂ ਇਲਾਵਾ ਹਰ ਜ਼ਿਲ੍ਹੇ 'ਚ ਸਕਿਲ ਕਾਲਜ ਖੋਲ੍ਹ ਕੇ ਹਰ ਸਾਲ ਲਗਭਗ ਇਕ ਲੱਖ ਨੌਜਵਾਨਾਂ ਨੂੰ ਤਕਨੀਕੀ ਅਤੇ ਰੁਜ਼ਗਾਰਮੁਖੀ ਟ?ਰੇਨਿੰਗ ਦਿੱਤੀ ਜਾਵੇਗੀ ਤਾਂ ਜੋ ਨੌਜਵਾਨਾਂ ਨੂੰ ਦੇਸ਼-ਵਿਦੇਸ਼ ਵਿੱਚ ਰੋਜ਼ਗਾਰ ਦੇ ਮੌਕੇ ਮਿਲ ਸਕਣ।

# ਪੰਜਾਬ ਦੇ ਹਾਲਾਤ ਚਿੰਤਾਜਨਕ, ਸੁਧਾਰ ਲਿਆਉਣ ਲਈ ਭਾਜਪਾ ਸਰਕਾਰ ਜ਼ਰੂਰੀ: ਨਾਇਬ ਸੈਣੀ

ਕੌਮੀ ਪਤ੍ਰਿਕਾ

ਦੀਨਾਨਗਰ 2 ਮਾਰਚ। ਦੀਨਾਨਗਰ ਵਿਖੇ ਪੰਜਾਬ ਪੱਧਰੀ ਸੈਣੀ ਸਭਾ ਵੱਲੋਂ ਕਰਵਾਏ ਗਏ ਇੱਕ ਵਿਸ਼ੇਸ਼ ਪ੍ਰੋਗਰਾਮ 'ਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਜਿੱਥੇ ਪੰਜਾਬ ਦੀ ਅਮੀਰ ਵਿਰਾਸਤ ਦੀ ਸ਼ਲਾਘਾ ਕੀਤੀ, ਉੱਥੇ ਹੀ ਸੂਬੇ ਦੀ ਮੌਜੂਦਾ ਸਥਿਤੀ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਵੀ ਕੀਤਾ। ਮੁੱਖ ਮੰਤਰੀ ਸੈਣੀ ਨੇ ਪੰਜਾਬ ਨੂੰ ਅਧਿਆਤਮਿਕਤਾ ਅਤੇ ਕੁਰਬਾਨੀਆਂ ਦੀ ਧਰਤੀ ਦੱਸਦਿਆਂ ਕਿਹਾ ਕਿ ਇਸ ਧਰਤੀ ਨੇ ਦੇਸ਼ ਨੂੰ ਬਹੁਤ ਕੁਝ ਦਿੱਤਾ ਹੈ। ਉਨ੍ਹਾਂ ਨੇ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਡੇਰਾ ਬਾਬਾ ਨਾਨਕ ਦਾ ਜ਼ਿਕਰ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਰਤਾਰਪੁਰ ਲਾਂਘਾ ਖੋਲ੍ਹ ਕੇ ਦੇਸ਼ ਦੇ ਲੋਕਾਂ ਨੂੰ ਇੱਕ ਵੱਡਾ ਤੋਹਫ਼ਾ ਦਿੱਤਾ ਹੈ, ਜੋ ਕਿ ਬਹੁਤ ਮਾਣ ਵਾਲੀ ਗੱਲ ਹੈ। ਗੁਰਦਾਸਪੁਰ ਦੀ ਧਰਤੀ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ 1947 ਦੀ ਵੰਡ ਤੋਂ ਬਾਅਦ ਇੰਨਾ ਦੁੱਖ ਝੱਲਣ ਦੇ ਬਾਵਜੂਦ, ਅਸੀਂ ਅਜੇ ਵੀ ਇੱਥੇ ਹਾਂ। ਆਪਣੀਆਂ ਯਾਦਾਂ ਸਾਂਝੀਆਂ ਕਰਦਿਆਂ ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਪਾਕਿਸਤਾਨ ਵਿੱਚ ਪੜ੍ਹਾਈ ਕੀਤੀ ਹੈ ਅਤੇ ਉਹ ਇਸ ਖੇਤਰ ਦੇ ਲੋਕਾਂ ਦੇ ਆਪਸੀ ਭਾਈਚਾਰੇ ਅਤੇ ਅਟੁੱਟ ਵਿਸ਼ਵਾਸ ਤੋਂ ਭਲੀ-ਭਾਂਤ ਜਾਣੂ ਹਨ। ਕਈ ਵਾਰ ਜਦੋਂ ਹਾਲਾਤ ਇੰਨੇ ਭਿਆਨਕ ਹੋ ਜਾਂਦੇ ਹਨ,



ਲੋਕ ਅਜੇ ਵੀ ਆਪਣਾ ਆਤਮਵਿਸ਼ਵਾਸ ਬਰਕਰਾਰ ਰੱਖਦੇ ਹਨ। ਸੈਣੀ ਭਾਈਚਾਰੇ ਦੇ ਪ੍ਰੋਗਰਾਮ ਵਿੱਚ ਪਹੁੰਚਣ 'ਤੇ ਨਾਇਬ ਸੈਣੀ ਨੇ ਕਿਹਾ ਕਿ ਉਹ ਇੱਥੇ ਇੱਕ ਮੁੱਖ ਮੰਤਰੀ ਵਜੋਂ ਨਹੀਂ, ਸਗੋਂ ਤੁਹਾਡੇ 'ਪੁੱਤਰ ਅਤੇ ਭਰਾ' ਵਜੋਂ ਆਏ ਹਨ। ਉਨ੍ਹਾਂ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਹਰਿਆਣਾ ਦੇ ਮੁੱਖ ਮੰਤਰੀ ਨਿਵਾਸ ਦੇ ਦਰਵਾਜ਼ੇ ਪੰਜਾਬ ਦੇ ਲੋਕਾਂ ਲਈ 24 ਘੰਟੇ ਖੁੱਲ੍ਹੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਅੱਜ ਉਨ੍ਹਾਂ ਨੂੰ ਜੋ ਸਨਮਾਨ ਮਿਲਿਆ ਹੈ, ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਅਤੇ ਲੋਕਾਂ ਦੇ ਸਹਿਯੋਗ ਸਦਕਾ ਹੀ ਸੰਭਵ ਹੋਇਆ ਹੈ। ਨਾਇਬ ਸੈਣੀ ਨੇ ਕਿਹਾ ਇੱਥੇ ਮੌਜੂਦ ਸਾਰੀਆਂ ਬਜ਼ੁਰਗ ਮਾਵਾਂ ਨੂੰ ਸਲਾਮ ਕਰਦਾ ਹਾਂ ਅਤੇ ਤੁਹਾਡਾ ਸਾਰਿਆਂ ਦਾ ਧੰਨਵਾਦ ਕਰਦਾ ਹਾਂ। ਉਨ੍ਹਾਂ ਕਿਹਾ ਜੇਕਰ ਅਸੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵੋਟ ਨਾ ਦਿੱਤੀ ਹੁੰਦੀ, ਤਾਂ ਮੈਨੂੰ ਇੱਥੇ ਆਉਣ ਦਾ ਸਨਮਾਨ ਕਦੇ ਨਹੀਂ ਮਿਲਦਾ। ਇਸ ਮੌਕੇ ਪੰਜਾਬ ਸਰਕਾਰ ਦੀਆਂ ਨਾਕਾਮੀਆਂ 'ਤੇ ਨਿਸ਼ਾਨਾ ਸੂਬੇ ਦੀ ਮੌਜੂਦਾ ਸਥਿਤੀ 'ਤੇ ਬੋਲਦਿਆਂ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ (ਲਾਅ ਐਂਡ ਆਰਡਰ) ਦੀ ਸਥਿਤੀ ਕਾਫੀ ਚਿੰਤਾਜਨਕ ਬਣੀ ਹੋਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਸੂਬੇ ਵਿੱਚ ਨਸ਼ਾ ਅਤੇ ਗੈਂਗਸਟਰਵਾਦ ਲਗਾਤਾਰ ਵਧ ਰਿਹਾ ਹੈ। ਮੌਜੂਦਾ ਪੰਜਾਬ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਉਨ੍ਹਾਂ ਕਿਹਾ ਕਿ ਹੁਣ ਜਦੋਂ ਸਰਕਾਰ ਦੇ ਕੁਝ ਮਹੀਨੇ ਹੀ ਬਾਕੀ ਹਨ ਤਾਂ ਫਿਰ ਵੀ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ।

# ਮੁੱਖ ਮੰਤਰੀ ਸੁੱਖੂ ਨੇ ਦਿੱਲੀ 'ਚ ਨਿਰਮਲਾ ਸੀਤਾਰਮਨ ਨਾਲ ਕੀਤੀ ਮੁਲਾਕਾਤ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 2 ਮਾਰਚ। ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਸੋਮਵਾਰ ਨੂੰ ਰਾਸ਼ਟਰੀ ਰਾਜਧਾਨੀ 'ਚ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨਾਲ ਮੁਲਾਕਾਤ ਕਰ ਕੇ ਵਿੱਤੀ ਸਾਲ 2026-27 ਲਈ ਮਾਲੀਆ ਘਾਟੇ ਦੀ ਭਰਪਾਈ ਲਈ ਵਿਸ਼ੇਸ਼ ਕੇਂਦਰੀ ਮਦਦ ਦੇ ਅਧੀਨ ਵਿੱਤੀ ਪੈਕੇਜ ਦੀ ਮੰਗ ਰੱਖੀ। ਸੁੱਖੂ ਨੇ ਸੀਤਾਰਮਨ ਨੂੰ ਜਾਣੂ ਕਰਵਾਇਆ ਕਿ ਮਾਲੀਆ ਘਾਟਾ ਗਰਾਂਟ (ਆਰਡੀਜੀ) ਨੂੰ ਬੰਦ ਕੀਤੇ ਜਾਣ ਨਾਲ ਸੂਬੇ ਦੀ ਵਿੱਤੀ ਸਥਿਤੀ 'ਤੇ ਲੰਬੇ ਸਮੇਂ ਲਈ ਮਾੜਾ ਪ੍ਰਭਾਵ ਪਵੇਗਾ। ਉਨ੍ਹਾਂ ਕਿਹਾ ਕਿ ਪਰਬਤੀ ਸੂਬੇ ਦੀ ਤੁਲਨਾ ਉਨ੍ਹਾਂ ਹੋਰ ਸੂਬਿਆਂ ਨਾਲ ਕੀਤੀ ਜਾ ਸਕਦੀ ਹੈ, ਜਿਨ੍ਹਾਂ ਦਾ ਆਰਡੀਜੀ ਬੰਦ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਰਾਜ ਲਈ ਆਰਡੀਜੀ ਦਾ ਯੋਗਦਾਨ ਲਗਭਗ 12.7 ਫੀਸਦੀ ਸੀ, ਜੋ ਨਾਗਾਲੈਂਡ ਤੋਂ ਬਾਅਦ ਦੂਜਾ ਸਭ ਤੋਂ ਵੱਧ ਸੀ। ਉਨ੍ਹਾਂ ਦਾ ਕਹਿਣਾ ਸੀ ਕਿ ਵੱਡੇ ਪ੍ਰਦੇਸ਼ ਇਸ ਕਟੌਤੀ ਨੂੰ ਝੱਲ ਸਕਦੇ ਹਨ ਪਰ ਹਿਮਾਚਲ ਪ੍ਰਦੇਸ਼ ਵਰਗੇ ਛੋਟੇ ਪਰਬਤੀ ਸੂਬੇ ਦੀ ਅਰਥਵਿਵਸਥਾ 'ਤੇ ਇਸ ਦਾ ਗੰਭੀਰ ਅਸਰ ਪਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸਾਰੇ ਸੂਬਿਆਂ ਦਾ ਮੁਲਾਂਕਣ ਇਕ ਹੀ ਪੈਮਾਨੇ 'ਤੇ



ਕਰਨਾ ਨਾ ਤਾਂ ਸਿਹਤਮੰਦ ਪਰੰਪਰਾ ਹੈ ਅਤੇ ਨਾ ਹੀ ਪਾਰਦਰਸ਼ੀ। ਉਨ੍ਹਾਂ ਨੇ ਆਰਡੀਜੀ ਨੂੰ ਬੰਦ ਕਰਨ ਦੇ ਫੈਸਲੇ ਨੂੰ ਫੈਡਰਲ ਢਾਂਚੇ ਦੀ ਭਾਵਨਾ ਨੂੰ ਕਮਜ਼ੋਰ ਕਰਨ ਵਾਲਾ ਦੱਸਿਆ। ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਦੀ ਧਾਰਾ 275 (1) ਦੇ ਅਧੀਨ ਉਨ੍ਹਾਂ ਸੂਬਿਆਂ ਨੂੰ ਗਰਾਂਟ ਦੀ ਵਿਵਸਥਾ ਹੈ, ਜੋ ਆਪਣੀਆਂ ਮਾਲੀਆ ਪ੍ਰਾਪਤੀਆਂ ਅਤੇ ਖਰਚਿਆਂ ਵਿਚਾਲੇ ਪਾੜੇ ਨੂੰ ਖੁਦ ਪੂਰਾ ਨਹੀਂ ਕਰ ਸਕਦੇ। ਉਨ੍ਹਾਂ ਇਹ ਵੀ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਵਿੱਤ ਕਮਿਸ਼ਨ ਨੇ ਛੋਟੇ ਪਹਾੜੀ ਸੂਬਿਆਂ ਦੀਆਂ ਵਿਕਾਸ ਲੋੜਾਂ ਦੀ ਪੂਰੀ ਤਰ੍ਹਾਂ ਅਣਦੇਖੀ ਕੀਤੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ 2-3 ਸਾਲਾਂ 'ਚ ਸੂਬਾ ਸਰਕਾਰ ਨੇ ਖਰਚ 'ਚ ਕਟੌਤੀ ਦੇ ਕਈ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਵਸਤੂ ਅਤੇ ਸੇਵਾ ਟੈਕਸ (ਜੀਐੱਸਟੀ) ਕਾਰਨ ਸੂਬੇ ਨੂੰ ਮਾਲੀਆ ਹਾਨੀ ਹੋਈ ਹੈ। ਜਿੱਥੇ ਸੰਭਵ ਸੀ, ਉੱਥੇ ਟੈਕਸ ਦਰਾਂ 'ਚ ਵਾਧਾ ਅਤੇ ਸਬਸਿਡੀ ਦਾ ਤਰਕਸੰਗਤ ਵੀ ਕੀਤਾ ਗਿਆ ਹੈ ਪਰ ਇਸ ਦੇ ਬਾਵਜੂਦ ਮਾਲੀਆ ਘਾਟੇ ਦੀ ਭਰਪਾਈ ਸੰਭਵ ਨਹੀਂ ਹੋ ਪਾ ਰਹੀ ਹੈ। ਸੁੱਖੂ ਨੇ ਪਹਾੜੀ ਸੂਬਿਆਂ ਦੀ ਆਰਥਿਕਤਾ ਦਾ ਸਹੀ ਢੰਗ ਨਾਲ ਮੁਲਾਂਕਣ ਕਰਨ ਅਤੇ ਲੋੜੀਂਦੇ ਸੁਧਾਰਾਤਮਕ ਉਪਾਅ ਸੁਝਾਉਣ ਲਈ ਇਕ ਕਮੇਟੀ ਦੇ ਗਠਨ ਦੀ ਵੀ ਬੇਨਤੀ ਕੀਤੀ। ਕੇਂਦਰੀ ਵਿੱਤ ਮੰਤਰੀ ਨੇ ਮੁੱਖ ਮੰਤਰੀ ਨੂੰ ਭਰੋਸਾ ਦਿੱਤਾ ਕਿ ਰਾਜ ਦੀਆਂ ਮੰਗਾਂ 'ਤੇ ਵਿਚਾਰ ਕੀਤਾ ਜਾਵੇਗਾ।

# ਖਾਮੇਨੇਈ ਦੀ ਮੌਤ 'ਤੇ ਜੰਮੂ 'ਚ ਹੋ ਰਹੇ ਵਿਰੋਧ ਪ੍ਰਦਰਸ਼ਨ ! ਮੁੱਖ ਮੰਤਰੀ ਅਬਦੁੱਲਾ ਨੇ ਕੀਤੀ ਸ਼ਾਂਤੀ ਦੀ ਅਪੀਲ

ਜੰਮੂ 2 ਮਾਰਚ। ਜੰਮੂ ਅਤੇ ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਈਰਾਨ ਦੇ ਸੁਪਰੀਮ ਲੀਡਰ ਅਯਾਤੁੱਲਾ ਅਲੀ ਖਾਮੇਨੇਈ ਦੇ ਕਤਲ ਤੋਂ ਬਾਅਦ ਹੋ ਰਹੇ ਵੱਡੇ ਪੈਮਾਨੇ 'ਤੇ ਵਿਰੋਧ ਪ੍ਰਦਰਸ਼ਨ ਵਿਚਾਲੇ ਸ਼ਾਂਤੀ ਦੀ ਅਪੀਲ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਸ਼?ਰੀਨਗਰ- ਕਸ਼ਮੀਰ ਘਾਟੀ ਦੇ ਵੱਖ-ਵੱਖ ਹਿੱਸਿਆਂ 'ਚ ਐਤਵਾਰ ਨੂੰ ਹਜ਼ਾਰਾਂ ਸ਼ੀਆ ਮੁਸਲਮਾਨਾਂ ਨੇ ਈਰਾਨ ਦੇ ਸਰਵਉੱਚ ਨੇਤਾ ਅਯਾਤੁੱਲਾ ਅਲੀ ਖਾਮੇਨੇਈ ਦੇ ਮਾਰੇ ਜਾਣ ਤੋਂ ਬਾਅਦ ਪ੍ਰਦਰਸ਼ਨ ਕੀਤੇ। ਸ਼?ਰੀਨਗਰ ਦੇ ਲਾਲ ਚੌਕ 'ਤੇ ਵੱਡੀ ਗਿਣਤੀ 'ਚ ਪ੍ਰਦਰਸ਼ਨਕਾਰੀ ਇਕੱਠੇ ਹੋਏ। ਕਈ ਲੋਕ ਖਾਮੇਨੇਈ ਦੇ ਚਿੱਤਰ ਲਏ ਹੋਏ ਸਨ। ਪ੍ਰਦਰਸ਼ਨਕਾਰੀਆਂ ਨੇ ਅਮਰੀਕਾ ਅਤੇ ਇਜ਼ਰਾਈਲ ਖ਼?ਲਾਫ਼ ਨਾਅਰੇ ਲਗਾਏ। ਪ੍ਰਦਰਸ਼ ਸ਼?ਰੀਨਗਰ ਦੇ ਹੋਰ ਹਿੱਸਿਆਂ ਤੋਂ ਇਲਾਵਾ ਮੱਧ ਕਸ਼ਮੀਰ ਦੇ ਬਡਗਾਮ ਅਤੇ ਉੱਤਰ ਕਸ਼ਮੀਰ ਦੇ ਬਾਰਾਮੂਲਾ 'ਚ ਵੀ ਹੋਏ, ਜਿੱਥੇ ਸ਼ੀਆ ਭਾਈਚਾਰੇ ਦੇ ਪੁਰਸ਼ਾਂ ਅਤੇ ਔਰਤਾਂ ਨੇ ਜਲੂਸ ਕੱਢੇ। ਪ੍ਰਸ਼ਾਸਨ ਅਨੁਸਾਰ ਪ੍ਰਦਰਸ਼ਨ ਸ਼ਾਂਤੀਪੂਰਨ ਰਹੇ। ਅਬਦੁੱਲਾ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਈਰਾਨ 'ਚ ਮੌਜੂਦ ਜੰਮੂ ਕਸ਼ਮੀਰ ਦੇ ਨਿਵਾਸੀਆਂ, ਜਿਸ 'ਚ ਵਿਦਿਆਰਥੀ ਵੀ ਸ਼ਾਮਲ ਹਨ ਦੀ ਸੁਰੱਖਿਆ ਅਤੇ ਭਲਾਈ ਯਕੀਨੀ ਕਰਨ ਲਈ ਕੇਂਦਰੀ ਵਿਦੇਸ਼ ਮੰਤਰਾਲਾ ਨਾਲ ਕਰੀਬੀ ਤਾਲਮੇਲ 'ਚ ਹੈ। ਮੁੱਖ ਮੰਤਰੀ ਦੇ ਦਫ਼ਤਰ ਨੇ 'ਐਕਸ' 'ਤੇ ਇਕ ਪੋਸਟ 'ਚ ਕਿਹਾ,"ਮੁੱਖ ਮੰਤਰੀ ਨੇ ਈਰਾਨ 'ਚ ਹੋ ਰਹੇ ਘਟਨਾਕ੍ਰਮ 'ਤੇ ਡੂੰਘੀ ਚਿੰਤਾ ਜਤਾਈ ਹੈ, ਜਿਸ 'ਚ ਈਰਾਨ ਦੇ ਸੁਪਰੀਮ ਲੀਡਰ ਅਯਾਤੁੱਲਾ ਅਲੀ ਖਾਮੇਨੇਈ ਦੇ ਕਤਲ ਦੀਆਂ ਖ਼ਬਰਾਂ ਵੀ ਸ਼ਾਮਲ ਹਨ।



ਉਨ੍ਹਾਂ ਨੇ ਸਾਰੀ ਕਮਿਊਨਿਟੀ ਨੂੰ ਸ਼ਾਂਤ ਰਹਿਣ, ਸ਼ਾਂਤੀ ਬਣਾਏ ਰੱਖਣ ਅਤੇ ਅਜਿਹੇ ਕਿਸੇ ਵੀ ਕੰਮ ਤੋਂ ਬਚਣ ਦੀ ਅਪੀਲ ਕੀਤੀ ਹੈ, ਜਿਸ ਨਾਲ ਟੈਨਸ਼ਨ ਜਾਂ ਅਸ਼ਾਂਤੀ ਹੋ ਸਕਦੀ ਹੈ।" ਈਰਾਨ ਦੇ ਸਰਕਾਰੀ ਮੀਡੀਆ ਨੇ ਐਤਵਾਰ ਸਵੇਰੇ ਕਨਫਰਮ ਕੀਤਾ ਕਿ ਖਾਮੇਨੇਈ ਦੀ ਮੌਤ ਇਜ਼ਰਾਈਲ ਅਤੇ ਯੂਨਾਈਟੇਡ ਸਟੇਟਸ ਦੇ ਹਮਲੇ ਨਾਲ ਹੋਈ ਸੀ।

## ਉਮਾ ਭਾਰਤੀ ਦੀ ਨੂੰਹ-ਭਤੀਜੇ ਨੂੰ ਜਾਨੋਂ ਮਾਰਨ ਦੀ ਧਮਕੀ

ਟੀਕਮਗੜ੍ਹ 1 ਮਾਰਚ। ਭਾਜਪਾ ਦੀ ਤੇਜ਼ ਤਰਾਰ ਨੇਤਾ ਅਤੇ ਸਾਬਕਾ ਮੁੱਖ ਮੰਤਰੀ ਉਮਾ ਭਾਰਤੀ ਦੀ ਨੂੰਹ ਅਤੇ ਭਤੀਜੇ ਨੂੰ ਨਿਸ਼ਾਨਾ ਬਣਾ ਕੇ ਬੰਬ ਨਾਲ ਉਡਾ ਦੇਣ ਦੀ ਖ਼ਬਰ ਸਾਹਮਣੇ ਆਈ ਹੈ, ਜਿਸ ਨਾਲ ਸਨਸਨੀ ਫੈਲ ਗਈ। ਫੇਸਬੁੱਕ 'ਤੇ ਮਿਲੀ ਇਸ ਧਮਕੀ ਤੋਂ ਬਾਅਦ ਦੋ ਅਣਪਛਾਤੇ ਵਿਅਕਤੀ ਉਨ੍ਹਾਂ ਦੇ ਬੰਗਲੇ 'ਤੇ ਪਹੁੰਚੇ ਅਤੇ ਸ਼ਰੇਆਮ ਧਮਕੀਆਂ ਦਿੱਤੀਆਂ। ਹਾਲਾਂਕਿ, ਜ਼ਿਲ੍ਹਾ



ਪੰਚਾਇਤ ਪ੍ਰਧਾਨ ਦੀ ਸ਼ਿਕਾਇਤ ਤੋਂ ਬਾਅਦ ਪੁਲਸ ਨੇ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਦਰਅਸਲ, ਸਾਬਕਾ ਮੁੱਖ ਮੰਤਰੀ ਉਮਾ ਭਾਰਤੀ ਦੀ ਨੂੰਹ ਉਮਿਤਾ ਅਤੇ ਰਾਹੁਲ ਲੋਧੀ ਟੀਕਮਗੜ੍ਹ ਜ਼ਿਲ੍ਹਾ ਪੰਚਾਇਤ ਚੇਅਰਪਰਸਨ ਹਨ। ਆਪਣੀ ਸ਼ਿਕਾਇਤ ਵਿੱਚ ਉਨ੍ਹਾਂ ਦੱਸਿਆ ਕਿ ਉਸਨੇ 21 ਤਰੀਕ ਨੂੰ ਫੇਸਬੁੱਕ 'ਤੇ ਕੁਝ ਪੋਸਟ ਕੀਤਾ ਸੀ। 22 ਫਰਵਰੀ ਦੀ ਰਾਤ ਨੂੰ ਇੱਕ ਖਾਸ ਜੀ.ਡਬਲਯੂ. ਬ੍ਰਿਜੇਂਦਰ ਕੁਸ਼ਵਾਹਾ ਦੇ ਆਈਡੀ ਤੋਂ ਇਸ ਪੋਸਟ 'ਤੇ ਧਮਕੀ ਭਰੀ ਟਿੱਪਣੀ ਕੀਤੀ ਗਈ ਸੀ। ਇਸ ਟਿੱਪਣੀ ਵਿੱਚ ਉਸਨੂੰ ਅਤੇ ਉਸਦੇ ਪਤੀ ਸਾਬਕਾ ਮੰਤਰੀ ਰਾਹੁਲ ਲੋਧੀ ਨੂੰ ਜਾਨੋਂ ਮਾਰਨ ਅਤੇ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਸੀ। ਜ਼ਿਲ੍ਹਾ ਪੰਚਾਇਤ ਚੇਅਰਪਰਸਨ ਅਮਿਤਾ ਅਤੇ ਰਾਹੁਲ ਸਿੰਘ ਨੇ ਇਸ ਟਿੱਪਣੀ ਦਾ ਸਕ੍ਰੀਨਸ਼ਾਟ ਸੇਵ ਕੀਤਾ। ਫਿਰ ਉਸ ਰਾਤ ਲਗਭਗ 11 ਵਜੇ ਦੋ ਅਣਪਛਾਤੇ ਨੌਜਵਾਨ ਮਾਸਕ ਪਹਿਨੇ ਦਿਹਾਤੀ ਪੁਲਸ ਸਟੇਸ਼ਨ ਦੇ ਅਧਿਕਾਰ ਖੇਤਰ ਵਿੱਚ ਸਥਿਤ ਉਸਦੇ ਬੰਗਲੇ ਵਿੱਚ ਪਹੁੰਚੇ।

# ਨਸ਼ਿਆਂ ਵਿਰੁੱਧ ਜ਼ੀਰੋ-ਟੌਲਰੈਂਸ ਨੀਤੀ ਨੂੰ ਲੋਕਾਂ ਦੇ ਸਹਿਯੋਗ ਨਾਲ ਲੋਕ ਲਹਿਰ ਵਿੱਚ ਬਦਲਿਆ ਗਿਆ: ਮੁੱਖ ਮੰਤਰੀ ਮਾਨ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਚੰਡੀਗੜ੍ਹ, 2 ਮਾਰਚ: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਇਕ ਸਾਲ ਸਫ਼ਲਤਾਪੂਰਵਕ ਮੁਕੰਮਲ ਹੋਣ ਤੇ ਪੰਜਾਬ ਦੇ ਲੋਕਾਂ ਨੂੰ ਵਧਾਈ ਦਿੱਤੀ ਅਤੇ ਇਸ ਨੂੰ ਪੰਜਾਬ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਮੁਕਤ ਕਰਨ ਲਈ ਫੈਸਲਾਕੁਨ ਤੇ ਬੇਮਿਸਾਲ ਮੁਹਿੰਮ ਐਲਾਨਿਆ। ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਇਸ ਜਨ ਅੰਦੋਲਨ ਦੀ ਪਹਿਲੀ ਵਰ੍ਹੇਗੰਢ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਮੁਹਿੰਮ ਨੇ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਲੜਾਈ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ, ਜਿਸ ਨਾਲ ਨਸ਼ਾ ਸਪਲਾਈ ਦੇ ਨੈੱਟਵਰਕ ਨੂੰ ਸਖ਼ਤੀ ਨਾਲ ਖ਼ਤਮ ਕੀਤਾ ਗਿਆ ਹੈ। ਇਕ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਪੰਜਾਬ ਵਿੱਚ ਡਰੱਗ ਨੈੱਟਵਰਕ ਵਿਰੁੱਧ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਰਹੀ ਹੈ। ਪੰਜਾਬ ਵਿੱਚ ਪਿਛਲੀਆਂ ਸਰਕਾਰਾਂ ਨੇ ਡਰੱਗ ਵਪਾਰ ਨੂੰ ਸਰਪ੍ਰਸਤੀ ਦਿੱਤੀ ਸੀ, ਜਿਸ ਨਾਲ ਸੂਬੇ ਦੀਆਂ ਕਈ ਪੀੜ੍ਹੀਆਂ ਬਰਬਾਦ ਹੋ ਗਈਆਂ ਸਨ। ਦੂਜੇ ਪਾਸੇ ਪੰਜਾਬ ਸਰਕਾਰ ਨੇ ਨਸ਼ਿਆਂ ਦੀ ਸਪਲਾਈ ਲਾਈਨ ਤੋੜ ਕੇ ਅਤੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਸੁੱਟ ਕੇ ਨਸ਼ਿਆਂ ਦੇ ਵਪਾਰ ਦੀ ਰੀੜ੍ਹ ਦੀ ਹੱਡੀ ਤੋੜ ਦਿੱਤੀ ਹੈ। ਇਸ ਮੁਹਿੰਮ ਦੇ ਪੱਧਰ ਅਤੇ ਪ੍ਰਭਾਵ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਸ ਮੁਹਿੰਮ ਨੂੰ ਆਮ ਆਦਮੀ ਦੇ ਸਰਗਰਮ ਸਹਿਯੋਗ ਨਾਲ ਇਕ ਜਨ ਲਹਿਰ ਵਿੱਚ ਬਦਲਣ ਲਈ ਇਕ ਵਿਆਪਕ ਅਤੇ ਬਹੁਪੱਖੀ ਰਣਨੀਤੀ ਤਿਆਰ ਕੀਤੀ ਗਈ ਹੈ। ਉਨ੍ਹਾਂ ਕਿਹਾ, "ਪਿਛਲੇ ਇਕ ਸਾਲ ਵਿੱਚ ਮਾਰਚ 2025 ਤੋਂ ਫਰਵਰੀ 2026 ਤੱਕ ਨਸ਼ਿਆਂ ਦੇ ਖ਼ਤਰੇ ਵਿਰੁੱਧ ਜ਼ੀਰੋ-ਟੌਲਰੈਂਸ ਨੀਤੀ ਅਪਣਾਈ ਗਈ। ਇਸ ਮੁਹਿੰਮ ਤਹਿਤ ਕੀਤੀ ਕਾਰਵਾਈ ਦਾ ਵੇਰਵਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਨਸ਼ਾ ਤਸਕਰਾਂ ਵਿਰੁੱਧ ਕੁੱਲ 36,178 ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ, 51,648 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਤੋਂ ਇਲਾਵਾ 2,277 ਕਿਲੋ ਹੈਰੋਇਨ ਜ਼ਬਤ ਕੀਤੀ ਗਈ ਅਤੇ 49 ਲੱਖ ਤੋਂ ਵੱਧ



ਨਸ਼ੇ ਦੀਆਂ ਗੋਲੀਆਂ ਤੇ ਕੈਪਸੂਲ ਜ਼ਬਤ ਕੀਤੇ ਗਏ ਹਨ। ਉਨ੍ਹਾਂ ਅੱਗੇ ਕਿਹਾ, "ਨਸ਼ਾ ਤਸਕਰਾਂ ਤੋਂ 16.70 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ ਅਤੇ ਤਸਕਰਾਂ ਨਾਲ ਸਬੰਧਤ ਕਰੋੜਾਂ ਰੁਪਏ ਦੀਆਂ ਜਾਇਦਾਦਾਂ ਜ਼ਬਤ ਜਾਂ ਢਾਹ ਦਿੱਤੀਆਂ ਗਈਆਂ ਹਨ। ਐਨ.ਡੀ.ਪੀ.ਐਸ. ਐਕਟ ਤਹਿਤ ਕੁੱਲ ਸਜ਼ਾ ਦਰ ਲਗਪਗ 84 ਫੀਸਦੀ ਹੈ, ਜੋ ਲਗਾਤਾਰ ਸੁਧਰ ਰਹੀ ਹੈ ਅਤੇ 2025 ਵਿੱਚ ਲਗਪਗ 88 ਫੀਸਦੀ ਤੱਕ ਪਹੁੰਚ ਗਈ ਹੈ। ਇਹ ਮਜ਼ਬੂਤ ਕੇਸ ਤਿਆਰੀ ਅਤੇ ਫੋਰੈਂਸਿਕ ਸਹਾਇਤਾ ਨੂੰ ਦਰਸਾਉਂਦੀ ਹੈ। ਭਗਵੰਤ ਸਿੰਘ ਮਾਨ ਨੇ ਪਿਛਲੀਆਂ ਸਰਕਾਰਾਂ ਤੋਂ ਹੁਣ ਦੇ ਹਾਲਾਤ ਵਿੱਚ ਆਏ ਸਪੱਸ਼ਟ ਫਰਕ ਬਾਰੇ ਕਿਹਾ, "ਪੁਰਾਣੇ ਆਗੂਆਂ ਦੇ ਉਲਟ ਪੰਜਾਬ ਸਰਕਾਰ ਹੁਣ ਨਸ਼ਾ ਪੀੜਤਾਂ ਦੀਆਂ ਲਾਸ਼ਾਂ ਅਤੇ ਚਿਤਾਵਾਂ ਦੀ ਕੀਮਤ ਤੇ ਤਸਕਰਾਂ ਨੂੰ ਵਧਦੇ-ਫੁੱਲਦੇ ਦੇਖਣ ਲਈ ਚੁੱਪ ਨਹੀਂ ਬੈਠੀ ਹੈ। ਅਸੀਂ ਨਸ਼ਾ ਤਸਕਰਾਂ ਵਿਰੁੱਧ ਮਿਸਾਲੀ ਕਾਰਵਾਈ ਯਕੀਨੀ ਬਣਾਈ ਹੈ। ਪੰਜਾਬ ਸਰਕਾਰ ਦਾ ਦ੍ਰਿੜ੍ਹ ਇਰਾਦਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ, "ਪੰਜਾਬ ਸਰਕਾਰ ਦੀ ਲੜਾਈ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਬਚਾਉਣ ਲਈ ਹੈ ਅਤੇ ਇਹ ਬਿਨਾਂ ਕਿਸੇ ਰੋਕ-ਟੋਕ ਤੋਂ ਲਗਾਤਾਰ ਜਾਰੀ ਰਹੇਗੀ।

# ’ਬ੍ਰਾਂਡਡ’ ਬੋਤਲਾਂ ’ਚ ਘਟੀਆ ਸ਼ਰਾਬ ! ਨਾਮੀ ਹੋਟਲ ਦੀ ਪਾਰਕਿੰਗ ’ਚ ਫੜੀ ਗਈ ਰੀਫਿਲਿੰਗ ਫੈਕਟਰੀ, ਮੁਲਜ਼ਮ ਗ੍ਰਿਫ਼ਤਾਰ

ਕੌਮੀ ਪਤ੍ਰਿਕਾ

ਲੁਧਿਆਣਾ 2 ਮਾਰਚ। ਸ਼ਹਿਰ ਦੇ ਸ਼ੌਕੀਨਾਂ ਦੀ ਸਿਹਤ ਨਾਲ ਖਿਲਵਾੜ ਕਰਕੇ ਆਪਣੀਆਂ ਜੇਬਾਂ ਭਰਨ ਵਾਲੇ ਇੱਕ ਸ਼ਾਤਰ ਜਾਲਸਾਜ਼ ਨੂੰ ਲੁਧਿਆਣਾ ਪੁਲਸ ਅਤੇ ਆਬਕਾਰੀ ਵਿਭਾਗ ਨੇ ਗ੍ਰਿਫ਼ਤਾਰ ਕੀਤਾ ਹੈ, ਜੋ ਲਗਜ਼ਰੀ ਵਿਦੇਸ਼ੀ ਬ੍ਰਾਂਡਾਂ ਦੀ ਚਮਕ-ਧਮਕ ਵਾਲੀਆਂ ਖਾਲੀ ਬੋਤਲਾਂ ਵਿੱਚ ਕੌਡੀਆਂ ਦੇ ਭਾਅ ਮਿਲਣ ਵਾਲੀ ਸਸਤੀ ਸ਼ਰਾਬ ਭਰ ਕੇ ਉਸ ਨੂੰ ’ਪ੍ਰੀਮੀਅਮ’ ਦੱਸ ਕੇ ਬਾਜ਼ਾਰ ਵਿੱਚ ਖਪਾ ਰਿਹਾ ਸੀ। ਮੁਲਜ਼ਮ ਦੀ ਪਛਾਣ ਲਵਲੇਸ਼ ਵਰਮਾ ਵਜੋਂ ਹੋਈ ਹੈ, ਜੋ ਰਈਸ ਇਲਾਕਿਆਂ ਵਿੱਚ ਨਕਲੀ ਸ਼ਰਾਬ ਦਾ ਜਾਲ ਵਿਛਾ ਚੁੱਕਾ ਸੀ। ਏ.ਸੀ.ਐਕਸ. ਲੁਧਿਆਣਾ ਈਸਟ ਡਾ. ਸ਼ਿਵਾਨੀ ਗੁਪਤਾ ਨੇ ਦੱਸਿਆ ਕਿ ਆਬਕਾਰੀ ਵਿਭਾਗ ਦੇ ਇੰਸਪੈਕਟਰ ਨਵਦੀਪ ਸਿੰਘ ਨੂੰ ਸਟੀਕ ਜਾਣਕਾਰੀ ਮਿਲੀ ਸੀ ਕਿ ਚੰਡੀਗੜ੍ਹ ਰੋਡ ਸਥਿਤ ਹੋਟਲ ਰੀਗਲ ਬਲੂ ਦੀ ਪਾਰਕਿੰਗ ਵਿੱਚ ਕੁਝ ਸ਼ੱਕੀ ਚੱਲ ਰਿਹਾ ਹੈ। ਪੁਲਸ ਅਤੇ ਆਬਕਾਰੀ ਵਿਭਾਗ ਨੇ ਜਦੋਂ ਸਾਂਝੇ ਤੌਰ ’ਤੇ ਹੋਟਲ ਦੀ ਪਾਰਕਿੰਗ ਵਿੱਚ ਧਾਵਾ ਬੋਲਿਆ, ਤਾਂ ਉੱਥੋਂ ਦਾ ਨਜ਼ਾਰਾ ਦੇਖ ਕੇ ਅਧਿਕਾਰੀ ਵੀ ਦੰਗ ਰਹਿ ਗਏ। ਮੁਲਜ਼ਮ ਲਵਲੇਸ਼ ਵਰਮਾ ਉੱਥੇ ਸ਼ਰੇਆਮ ਨਾਮੀ ਬ੍ਰਾਂਡਾਂ ਦੀਆਂ ਬੋਤਲਾਂ ਵਿੱਚ ਸਸਤੀ ਸ਼ਰਾਬ ਦੀ ਰੀਫਿਲਿੰਗ ਕਰ ਰਿਹਾ ਸੀ। ਪੁਲਸ ਨੇ ਉਸ ਨੂੰ ਮੌਕੇ ’ਤੇ ਹੀ ਰੰਗੇ ਹੱਥੀਂ ਦਬੋਚ ਲਿਆ ਅਤੇ ਉਸ ਕੋਲੋਂ ਮਿਲਾਵਟੀ ਸ਼ਰਾਬ ਦਾ ਸਟਾਕ ਬਰਾਮਦ ਕੀਤਾ। ਪੁਲਸ ਦੀ ਮੁਢਲੀ ਪੁੱਛਗਿੱਛ ਵਿੱਚ ਲਵਲੇਸ਼ ਨੇ ਕਬੂਲਿਆ ਕਿ ਅਸਲੀ ਖੇਡ ਤਾਂ ਉਸ ਦੇ ਘਰ ਵਿੱਚ ਛੁਪੀ ਹੋਈ ਹੈ। ਜਦੋਂ ਟੀਮ ਨੇ ਸਿਵਲ ਲਾਈਨਜ਼ ਦੇ ਨੇੜੇ ਕੁੰਦਨ ਪੁਰੀ ਸਥਿਤ ਉਸ ਦੀ ਰਿਹਾਇਸ਼ ’ਤੇ ਰੇਡ ਕੀਤੀ, ਤਾਂ ਉੱਥੋਂ ਨਾਮੀ ਬ੍ਰਾਂਡਾਂ ਦੀਆਂ 80 ਖਾਲੀ ਬੋਤਲਾਂ ਅਤੇ ਵੱਡੀ ਗਿਣਤੀ ਵਿੱਚ ਬੋਤਲਾਂ ਦੇ ਢੱਕਣ (ਕੈਪ) ਬਰਾਮਦ ਹੋਏ। ਮੁਲਜ਼ਮ ਆਪਣੀ ’ਵਰਨਾ’ ਕਾਰ ਦੀ ਵਰਤੋਂ ਇਸ ਜ਼ਹਿਰੀਲੀ ਖੇਪ ਨੂੰ ਸਪਲਾਈ



ਕਰਨ ਲਈ ਕਰਦਾ ਸੀ, ਜਿਸ ਨੂੰ ਪੁਲਸ ਨੇ ਕਬਜ਼ੇ ਵਿੱਚ ਲੈ ਲਿਆ ਹੈ। ਬਰਾਮਦ ਬੋਤਲਾਂ ਅਤੇ ਢੱਕਣਾਂ ਦੀ ਫਿਨਿਸ਼ਿੰਗ ਇੰਨੀ ਸਟੀਕ ਸੀ ਕਿ ਇੱਕ ਆਮ ਇਨਸਾਨ ਅਸਲੀ ਅਤੇ ਨਕਲੀ ਵਿਚਕਾਰ ਫਰਕ ਵੀ ਨਹੀਂ ਕਰ ਪਾਉਂਦਾ। ਥਾਣਾ ਮੋਤੀ ਨਗਰ ਦੀ ਪੁਲਸ ਨੇ ਮੁਲਜ਼ਮ ਖ਼?ਲਾਫ਼ ਸੰਗੀਨ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਪੁਲਸ ਹੁਣ ਇਸ ਗੱਲ ਦੀ ਡੂੰਘਾਈ ਨਾਲ ਤਫਤੀਸ਼ ਕਰ ਰਹੀ ਹੈ ਕਿ ਲਵਲੇਸ਼ ਨੂੰ ਇਹ ਖਾਲੀ ਬੋਤਲਾਂ ਅਤੇ ਢੱਕਣ ਕਿੱਥੋਂ ਸਪਲਾਈ ਹੁੰਦੇ ਸਨ ਅਤੇ ਉਹ ਸ਼ਹਿਰ ਦੇ ਕਿਹੜੇ-ਕਿਹੜੇ ਵੱਡੇ ਹੋਟਲਾਂ ਜਾਂ ਸ਼ਰਾਬ ਮਾਫੀਆ ਦੇ ਸੰਪਰਕ ਵਿੱਚ ਸੀ। ਅਧਿਕਾਰੀਆਂ ਦਾ ਦਾਅਵਾ ਹੈ ਕਿ ਇਹ ਇੱਕ ਵੱਡੇ ਨੈੱਟਵਰਕ ਦਾ ਹਿੱਸਾ ਹੈ ਅਤੇ ਜਲਦ ਹੀ ਇਸ ਰੈਕੇਟ ਨਾਲ ਜੁੜੇ ਕਈ ਹੋਰ ਰਸੂਖਦਾਰ ਚਿਹਰੇ ਬੇਨਕਾਬ ਹੋ ਸਕਦੇ ਹਨ।

## ਦਰਦਨਾਕ ਹਾਦਸਾ ! ਪਟਾਕਾ ਫੈਕਟਰੀ ’ਚ ਧਮਾਕੇ ਨਾਲ 18 ਲੋਕਾਂ ਦੀ ਮੌਤ

ਕਾਕਿਨਾਡਾ 2 ਮਾਰਚ। ਆਂਧਰਾ ਪ੍ਰਦੇਸ਼ ਦੇ ਗ੍ਰਹਿ ਮੰਤਰੀ ਵੰਗਾਲਾਪੁਡੀ ਅਨੀਤਾ ਨੇ ਕਿਹਾ ਕਿ ਸ਼ਨੀਵਾਰ ਨੂੰ ਕਾਕਿਨਾਡਾ ਜ਼ਿਲ੍ਹੇ ’ਚ ਇਕ ਪਟਾਕਾ ਫੈਕਟਰੀ ’ਚ ਹੋਏ ਧਮਾਕੇ ’ਚ 18 ਲੋਕਾਂ ਦੀ ਮੌਤ ਹੋ ਗਈ ਅਤੇ 6 ਹੋਰ ਗੰਭੀਰ ਜ਼ਖ਼ਮੀ ਹਨ। ਗ੍ਰਹਿ ਮੰਤਰੀ ਨੇ ਖ਼ਦਸ਼ਾ ਜਤਾਇਆ ਕਿ ਮ੍ਰਿਤਕਾਂ ਦੀ ਗਿਣਤੀ ਵਧ ਸਕਦੀ ਹੈ। ਉਨ੍ਹਾਂ ਨੇ ਦੱਸਿਆ ਕਈ ਲੋਕਾਂ ਨੂੰ ਗੰਭੀਰ ਸਥਿਤੀ ’ਚ ਹਸਪਤਾਲਾਂ ’ਚ ਦਾਖ਼ਲ ਕਰਵਾਇਆ ਗਿਆ ਹੈ। ਅਨੀਤਾ ਨੇ ਕਿਹਾ ਕਿ ਸਾਨੂੰ ਜਾਣਕਾਰੀ ਮਿਲੀ ਹੈ ਕਿ 18 ਲੋਕਾਂ ਦੀ ਮੌਤ ਹੋ ਗਈ ਅਤੇ 6 ਹੋਰ ਗੰਭੀਰ ਰੂਪ ਨਾਲ ਜ਼ਖ਼ਮੀ ਹਨ। ਇਸ ਵਿਚ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਐੱਨ. ਚੰਦਰਬਾਬੂ ਨਾਇਡੂ ਨੇ ਘਟਨਾ ’ਤੇ ਦੁੱਖ ਜ਼ਾਹਰ ਕੀਤਾ ਹੈ। ਨਾਇਡੂ ਨੇ ਸੋਸ਼ਲ ਮੀਡੀਆ ਮੰਚ ’ਐਕਸ’ ’ਤੇ ਇਕ ਪੋਸਟ ’ਚ ਕਿਹਾ,’’ਕਾਕਿਨਾਡਾ ਜ਼ਿਲ੍ਹੇ ਦੇ ਵੇਲਾਪਲੇਮ ਪਿੰਡ ’ਚ ਪਟਾਕਾ ਫੈਕਟਰੀ ’ਚ ਧਮਾਕੇ ਦੀ ਘਟਨਾ ’ਚ ਕਈ ਲੋਕਾਂ ਦੀ ਮੌਤ ਬੇਹੱਦ ਦੁਖਦ ਹੈ।’’ ਨਾਇਡੂ ਨੇ ਕਿਹਾ ਕਿ ਉਨ੍ਹਾਂ ਨੇ ਹਾਦਸੇ ਦੇ ਸੰਬੰਧ ’ਚ ਅਧਿਕਾਰੀਆਂ ਨਾਲ ਗੱਲ ਕੀਤੀ ਅਤੇ ਉਨ੍ਹਾਂ ਨੂੰ ਪੀੜਤਾ ਨੂੰ ਤੁਰੰਤ ਮਦਦ ਪ੍ਰਦਾਨ ਕਰਨ ਦਾ ਨਿਰਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ,’’ਅਸੀਂ ਬਚਾਅ ਕੋਸ਼ਿਸ਼ਾਂ ਦੀ ਨਿਗਰਾਨੀ ਕਰ ਰਹੇ ਹਾਂ ਅਤੇ ਪ੍ਰਭਾਵਿਤ ਪਰਿਵਾਰਾਂ ਦੀ ਮਦਦ ਕਰਾਂਗੇ।’’

# ਗੁਜਰਾਤ ’ਚ ਕਾਲ ਬਣ ਕੇ ਆਇਆ ਟਰੱਕ ! ਭਿਆਨਕ ਟੱਕਰ ’ਚ ਕਾਰ ਦੇ ਉੱਡੇ ਪਰਖੱਚੇ

ਕੌਮੀ ਪਤ੍ਰਿਕਾ

ਨੈਸ਼ਨਲ ਡੈਸਕ 2 ਮਾਰਚ। ਗੁਜਰਾਤ ਦੇ ਵਲਸਾਡ ਜ਼ਿਲ੍ਹੇ ਵਿੱਚ ਇੱਕ ਬਹੁਤ ਹੀ ਭਿਆਨਕ ਅਤੇ ਦਰਦਨਾਕ ਸੜਕ ਹਾਦਸਾ ਵਾਪਰਨ ਦੀ ਖ਼ਬਰ ਸਾਹਮਣੇ ਆਈ ਹੈ। ਜ਼ਿਲ੍ਹੇ ਦੇ ਕੁੰਭਘਾਟ ਇਲਾਕੇ ਵਿੱਚ ਇੱਕ ਕਾਰ ਤੇ ਦੋ ਟਰੱਕਾਂ ਵਿਚਾਲੇ ਹੋਈ ਟੱਕਰ ਵਿੱਚ 7 ਲੋਕਾਂ ਦੀ ਮੌਤ ਹੋ ਗਈ ਹੈ। ਪੁਲਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਹ ਘਟਨਾ ਸ਼ੁੱਕਰਵਾਰ ਦੁਪਹਿਰ ਲਗਭਗ ਇੱਕ ਵਜੇ ਵਾਪਰੀ। ਇਸ ਸਬੰਧੀ ਕਰਪਾੜਾ ਪੁਲਸ ਥਾਣੇ ਦੇ ਇੰਸਪੈਕਟਰ ਐੱਸ. ਐੱਲ. ਵਸਾਵਾ ਨੇ ਦੱਸਿਆ ਕਿ ਜਦੋਂ ਕਾਰ ਪਹਾੜੀ ਰਸਤੇ ਤੋਂ ਹੇਠਾਂ ਉਤਰ ਰਹੀ ਸੀ, ਤਾਂ ਇੱਕ ਤੇਜ਼ ਰਫ਼ਤਾਰ ਟਰੱਕ ਨੇ ਕਾਰ ਨੂੰ ਪਿੱਛੇ ਤੋਂ ਜ਼ੋਰਦਾਰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਬੇਕਾਬੂ ਹੋ ਕੇ ਅੱਗੇ ਖੜ੍ਹੇ ਇੱਕ ਹੋਰ ਟਰੱਕ ਨਾਲ ਜਾ ਟਕਰਾਈ। ਇਸ ਹਾਦਸੇ ਵਿੱਚ ਕਾਰ ਵਿੱਚ ਸਵਾਰ 7 ਲੋਕਾਂ ਵਿੱਚੋਂ 5 ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦੋਂ ਕਿ 2 ਹੋਰਾਂ ਦੀ ਮੌਤ ਇਲਾਜ ਦੌਰਾਨ ਨੇੜਲੇ ਸਿਹਤ ਕੇਂਦਰ ਵਿੱਚ ਹੋਈ। ਪੁਲਸ ਅਨੁਸਾਰ ਇਸ ਹਾਦਸੇ ਦਾ ਸ਼ਿਕਾਰ ਹੋਏ ਸਾਰੇ ਲੋਕ ਕਰਪਾੜਾ ਤਾਲੁਕਾ ਦੇ ਅੰਬਾ ਜੰਗਲ ਪਿੰਡ ਦੇ ਰਹਿਣ ਵਾਲੇ ਸਨ। ਦੱਸਿਆ ਜਾ ਰਿਹਾ ਹੈ ਕਿ ਜਦੋਂ ਇਹ ਹਾਦਸਾ ਵਾਪਰਿਆ, ਉਸ ਸਮੇਂ ਇਹ ਸਾਰੇ ਲੋਕ ਨਾਨਾ ਪੋਂਡਾ ਜਾ ਰਹੇ ਸਨ।



ਮ੍ਰਿਤਕਾਂ ਵਿੱਚ ਦੋ ਔਰਤਾਂ ਵੀ ਸ਼ਾਮਲ ਹਨ। ਸਥਾਨਕ ਵਿਧਾਇਕ ਜੀਤੂ ਚੌਧਰੀ ਨੇ ਇਸ ਘਟਨਾ ’ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਇਹ ਪਹਾੜੀ ਖੇਤਰ ਪਹਿਲਾਂ ਹੀ ਹਾਦਸਿਆਂ ਦੇ ਲਿਹਾਜ਼ ਨਾਲ ਕਾਫ਼ੀ ਸੰਵੇਦਨਸ਼ੀਲ ਮੰਨਿਆ ਜਾਂਦਾ ਹੈ। ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਸ਼ਿਮਲਾ ’ਚ ਨੇਪਾਲੀ ਮਜ਼ਦੂਰ ਦਾ ਕਤਲ, ਇਲਾਕੇ ’ਚ ਫੈਲੀ ਸਨਸਨੀ

ਨੈਸ਼ਨਲ ਡੈਸਕ 2 ਮਾਰਚ। ਹਿਮਾਚਲ ਪ੍ਰਦੇਸ਼ ਵਿੱਚ ਇੱਕ 36 ਸਾਲਾ ਨੇਪਾਲੀ ਵਿਅਕਤੀ ਦਾ ਕਥਿਤ ਤੌਰ ’ਤੇ ਕਤਲ ਕਰਨ ਦੀ ਖਬਰ ਹੈ ਅਤੇ ਉਸਦੀ ਲਾਸ਼ ਰੋਹੜੂ ਸਬ-ਡਿਵੀਜ਼ਨ ਵਿੱਚ ਪੱਬਰ ਨਦੀ ਦੇ ਕੰਢੇ ਤੋਂ ਮਿਲੀ ਪੁਲਸ ਅਨੁਸਾਰ ਮ੍ਰਿਤਕ ਦੀ ਪਛਾਣ ਰਾਕੇਸ਼ ਪ੍ਰਤਾਪ ਵਜੋਂ ਹੋਈ ਹੈ, ਜੋ ਮੂਲ ਰੂਪ ਵਿੱਚ ਨੇਪਾਲ ਦਾ ਰਹਿਣ ਵਾਲਾ ਸੀ ਅਤੇ ਰੋਹੜੂ ਖੇਤਰ ਵਿੱਚ ਮਜ਼ਦੂਰ ਵਜੋਂ ਕੰਮ ਕਰਦਾ ਸੀ। ਲਾਸ਼ ਬੁੱਧਵਾਰ ਨੂੰ ਚਿਰਗਾਓਂ ਵਿੱਚ ਨਦੀ ਦੇ ਕੰਢੇ ਤੋਂ ਮਿਲੀ। ਪੁਲਸ ਦੇ ਅਨੁਸਾਰ ਮੁੱਢਲੀ ਜਾਂਚ ਤੋਂ ਪਤਾ ਚੱਲਦਾ ਹੈ




ਕਿ ਉਸ ’ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕੀਤਾ ਗਿਆ ਸੀ। ਭਾਰਤੀ ਦੰਡ ਸੰਹਿਤਾ (ਆਈਪੀਸੀ) ਦੀ ਧਾਰਾ 103 (ਕਤਲ) ਅਤੇ 3(5) (ਸਾਂਝਾ ਇਰਾਦਾ) ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਇੱਕ ਫੋਰੈਂਸਿਕ ਟੀਮ ਨੇ ਘਟਨਾ ਸਥਾਨ ਦਾ ਦੌਰਾ ਕੀਤਾ ਅਤੇ ਸਬੂਤ ਇਕੱਠੇ ਕੀਤੇ। ਜਾਂਚ ਦੌਰਾਨ, ਪੁਲਿਸ ਨੇ ਆਲੇ ਦੁਆਲੇ ਦੇ ਖੇਤਰ ਤੋਂ ਸੀਸੀਟੀਵੀ ਫੁਟੇਜ ਦੀ ਜਾਂਚ ਕੀਤੀ, ਜਿਸ ਵਿੱਚ ਮੰਗਲਵਾਰ ਨੂੰ ਪੀੜਤ ਨੂੰ ਦੋ ਸ਼ੱਕੀਆਂ ਨਾਲ ਦਿਖਾਇਆ ਗਿਆ। ਸ਼ਿਮਲਾ ਦੇ ਸੀਨੀਅਰ ਪੁਲਸ ਸੁਪਰਡੈਂਟ ਗੌਰਵ ਸਿੰਘ ਨੇ ਕਿਹਾ ਕਿ ਜਾਂਚ ਜਾਰੀ ਹੈ ਅਤੇ ਟੀਮਾਂ ਮੁਲਜ਼ਮਾਂ ਨੂੰ ਫੜਨ ਲਈ ਕਈ ਥਾਵਾਂ ’ਤੇ ਤਲਾਸ਼ੀ ਲੈ ਰਹੀਆਂ ਹਨ।

## ਤੇਜ਼ਧਾਰ ਹਥਿਆਰਾਂ ਨਾਲ ਵਿਅਕਤੀ ਦਾ ਕਤਲ

ਜਲੰਧਰ 2 ਮਾਰਚ। ਜਲੰਧਰ ਵਿਚ ਵੱਡੀ ਵਾਰਦਾਤ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਨਕੋਦਰ-ਨੂਰਮਹਿਲ ਰੋਡ ’ਤੇ ਇਕ ਨੌਜਵਾਨ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰ ਦਿੱਤਾ ਗਿਆ। ਮ੍ਰਿਤਕ ਦੀ ਪਛਾਣ ਇਕਬਾਲ ਸਿੰਘ (52) ਪੁੱਤਰ ਦਲੀਪ ਸਿੰਘ ਵਾਸੀ ਪਿੰਡ ਸ਼ੰਕਰ ਸਦਰ ਥਾਣਾ ਨਕੋਦਰ ਵਜੋਂ ਹੋਈ ਹੈ। ਵਿਅਕਤੀ ’ਤੇ ਤੇਜ਼ਧਾਰ ਹਥਿਆਰਾਂ ਦੇ ਨਿਸ਼ਾਨ ਸਨ। ਅਜਿਹਾ ਲੱਗਦਾ ਹੈ ਕਿ ਇਕਬਾਲ ਸਿੰਘ ਦਾ ਕਤਲ ਤੇਜ਼ਧਾਰ ਹਥਿਆਰਾਂ ਨਾਲ ਕੀਤਾ ਗਿਆ ਹੈ। ਕਤਲ ਦੀ ਸੂਚਨਾ ਪਾ ਕੇ ਮੌਕੇ ਉਤੇ ਪਹੁੰਚੀ ਪੁਲਸ ਨੇ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਐੱਸ. ਆਈ. ਗੁਰਨਾਮ ਸਿੰਘ ਨੇ ਦੱਸਿਆ ਕਿ ਪੁਲਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਲਿਆ ਅਤੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਫਿਲੌਰ ਭੇਜ ਦਿੱਤਾ। ਪੁਲਸ ਘਟਨਾ ਦੀ ਜਾਂਚ ਪੂਰੀ ਡੂੰਘਾਈ ਨਾਲ ਚੱਲ ਰਹੀ ਹੈ।

## ਗੜ੍ਹਸ਼ੰਕਰ ਵਿਖੇ ਬੀਤ ਇਲਾਕੇ ’ਚ ਟਿੱਪਰ ਹਾਦਸੇ ਨਾਲ ਇਕ ਵਿਅਕਤੀ ਦੀ ਮੌਤ

ਗੜ੍ਹਸ਼ੰਕਰ 2 ਮਾਰਚ। ਪਿੰਡ ਗੜ੍ਹਸ਼ੰਕਰ ਦੇ ਬੀਤ ਇਲਾਕੇ ਦੇ ਪਿੰਡ ਕੋਕੋਵਾਲ ਨੇੜੇ ਰੋਡ ’ਤੇ ਟਿੱਪਰ ਹਾਦਸੇ ਨਾਲ ਇਕ 42 ਸਾਲਾ ਸਾਬਕਾ ਫ਼ੌਜੀ ਦੀ ਟਿੱਪਰ ਹਾਦਸੇ ’ਚ ਮੌਤ ਹੋ ਗਈ। ਇਸ ਬਾਰੇ ਜਾਣਕਾਰੀ ਦਿੰਦੇ ਸਮਾਜ ਸੇਵੀ ਅਜਾਇਬ ਬੋਪਾਰਾਏ ਨੇ ਦੱਸਿਆ ਕਿ ਸਾਡੇ ਪਿੰਡ ਗੜ੍ਹੀ ਮਨਸੋਵਾਲ ਦਾ ਕਾਬਲ ਸਿੰਘ ਸਾਬਕਾ ਫ਼ੌਜੀ ਟਿੱਪਰ ਨਾਲ ਵੱਜਣ ਕਰਕੇ ਹਲਾਕ ਹੋ ਗਿਆ। ਉਨ੍ਹਾਂ ਕਿਹਾ ਕਿ ਉਹ ਘਟਨਾ ਸਥਾਨ ਵੱਲ ਜਾ ਕੇ ਬਾਕੀ ਜਾਣਕਾਰੀ ਸਵੇਰੇ ਸਾਂਝੀ ਕਰਨਗੇ। ਇਥੇ ਗੌਰਤਲਬ ਹੈ ਕਿ 25 ਫਰਵਰੀ ਨੂੰ ਵੀ ਟਿੱਪਰ ਹਾਦਸੇ ਨਾਲ ਇਸ ਇਲਾਕੇ ’ਚ 20ਵੀਂ ਮੌਤ ਹੋਈ ਦੱਸੀ ਜਾਂਦੀ ਸੀ ਅੱਜ ਇਹ ਤੀਜੇ ਦਿਨ ਫੇਰ ਇਕ ਨੌਜਵਾਨ ਹਾਦਸਾ ਗ੍ਰਸਤ ਹੋ ਗਿਆ ਜੋਕਿ 21ਵਾਂ ਜਾਨਲੇਵਾ ਹਾਦਸਾ ਹੈ ਲੋਕਾਂ ’ਚ ਟਿੱਪਰਾਂ ਵਾਲਿਆਂ ਅਤੇ ਪ੍ਰਸ਼ਾਸ਼ਨ ਖ਼?ਲਾਫ਼ ਪਹਿਲਾਂ ਹੀ ਬਹੁਤ ਰੋਸ ਸੀ ਹੁਣ ਹੋਰ ਰੋਸ ਪੈਦਾ ਹੋ ਗਿਆ

# ਰਿਸ਼ਤੇ ਸ਼ਰਮਸਾਰ: ਕਲਯੁਗੀ ਚਾਚੇ ਨੇ 3 ਸਾਲਾ ਭਤੀਜੀ ਨੂੰ ਖੂਹ ’ਚ ਸੁੱਟ ਕੇ ਮਾਰਿਆ, ਵਜ?ਹਾ ਜਾਣ ਕੇ ਕੰਬ ਜਾਵੇਗੀ ਰੂਹ

ਕੌਮੀ ਪਤ੍ਰਿਕਾ

ਨੈਸ਼ਨਲ ਡੈਸਕ 2 ਮਾਰਚ। ਉੱਤਰ ਪ੍ਰਦੇਸ਼ ਦੇ ਭਦੋਹੀ ਜ਼ਿਲ੍ਹੇ ਤੋਂ ਇੱਕ ਬੇਹੱਦ ਦੁਖਦਾਈ ਅਤੇ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਇੱਕ ਚਾਚੇ ਨੇ ਆਪਣੀ ਹੀ 3 ਸਾਲ ਦੀ ਮਾਸੂਮ ਭਤੀਜੀ ਨੂੰ ਖੂਹ ਵਿੱਚ ਸੁੱਟ ਕੇ ਮੌਤ ਦੇ ਘਾਟ ਉਤਾਰ ਦਿੱਤਾ। ਪੁਲਸ ਨੇ ਮੁਲਜ਼ਮ ਚਾਚੇ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਜਾਣਕਾਰੀ ਅਨੁਸਾਰ ਇਹ ਘਟਨਾ ਸੂਰਿਆਵਾ ਥਾਣਾ ਖੇਤਰ ਦੇ ਪਿੰਡ ਦਾਨੂਪੁਰ ਪੱਛਮੀ ਪੱਟੀ ਦੀ ਹੈ। ਰਾਜੂ ਬਿੰਦ ਦੀਆਂ ਦੋ ਬੇਟੀਆਂ - ਰਾਗਿਨੀ (5) ਅਤੇ ਆਂਚਲ (3) - ਆਪਣੇ ਘਰ ਦੇ ਕੋਲ ਖੇਡ ਰਹੀਆਂ ਸਨ। ਇਸ ਦੌਰਾਨ ਉਨ੍ਹਾਂ ਦਾ ਚਾਚਾ ਰੰਜੀਤ ਬਿੰਦ (30) ਉੱਥੇ ਆਇਆ ਤੇ ਮਾਸੂਮ ਆਂਚਲ ਨੂੰ ਚੁੱਕ ਕੇ ਨੇੜੇ ਦੇ ਇੱਕ ਖੂਹ ਵਿੱਚ ਸੁੱਟ ਦਿੱਤਾ। 5 ਸਾਲਾ ਰਾਗਿਨੀ ਨੇ ਤੁਰੰਤ ਘਰ ਜਾ ਕੇ ਪਰਿਵਾਰ ਨੂੰ ਇਸ ਬਾਰੇ ਦੱਸਿਆ, ਜਿਸ ਤੋਂ



ਬਾਅਦ ਪੁਲਸ ਨੂੰ ਸੂਚਨਾ ਦਿੱਤੀ ਗਈ। ਪੁਲਸ ਦੀ ਪੁੱਛਗਿੱਛ ਦੌਰਾਨ ਮੁਲਜ਼ਮ ਰੰਜੀਤ ਨੇ ਜੋ ਖੁਲਾਸਾ ਕੀਤਾ, ਉਸ ਨੇ ਸਭ ਨੂੰ ਹੈਰਾਨ ਕਰ ਦਿੱਤਾ। ਮੁਲਜ਼ਮ ਨੇ ਦਾਅਵਾ ਕੀਤਾ ਕਿ ਉਸ ਦੇ ਬੱਚੀ ਦੀ ਮਾਂ ਨਾਲ ਪਿਛਲੇ ਕਈ ਸਾਲਾਂ ਤੋਂ ਨਾਜਾਇਜ਼ ਸਬੰਧ ਸਨ। ਉਸ ਨੇ ਦੋਸ਼ ਲਾਇਆ ਕਿ ਔਰਤ ਆਂਚਲ ਨੂੰ ਉਸ ਦੀ ਆਪਣੀ ਬੇਟੀ ਦੱਸ ਕੇ ਉਸ ’ਤੇ ਦਬਾਅ ਬਣਾ ਰਹੀ ਸੀ। ਇਸੇ ਰੰਜਿਸ਼ ਅਤੇ ਦਬਾਅ ਕਾਰਨ ਉਸ ਨੇ ਬੱਚੀ ਨੂੰ ਮਾਰਨ ਦਾ ਫੈਸਲਾ ਕੀਤਾ। ਅਪਰ ਪੁਲਸ ਅਧਿਕਾਰੀ ਸ਼ੁਭਮ ਅਗਰਵਾਲ ਨੇ ਦੱਸਿਆ ਕਿ ਪੁਲਸ ਨੇ ਮੌਕੇ ’ਤੇ ਪਹੁੰਚ ਕੇ ਬੱਚੀ ਦੀ ਲਾਸ਼ ਨੂੰ ਖੂਹ ਵਿੱਚੋਂ ਬਰਾਮਦ ਕਰ ਲਿਆ ਹੈ ਅਤੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਮੁਲਜ਼ਮ ਰੰਜੀਤ ਬਿੰਦ ਨੂੰ ਉਸ ਦੇ ਘਰੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਬੱਚੀ ਦੇ ਪਿਤਾ ਰਾਜੂ ਬਿੰਦ ਦੀ ਸ਼ਿਕਾਇਤ ’ਤੇ ਕਤਲ ਦਾ ਮਾਮਲਾ ਦਰਜ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

## ਪਤਨੀ ਦੇ ਸਾਹਮਣੇ ਉੱਜੜਿਆ ਸੁਹਾਗ ! ਚਲਦੀ ਰੇਲਗੱਡੀ ’ਚੋਂ ਡਿੱਗ ਕੇ ਨੌਜਵਾਨ ਦੀ ਦਰਦਨਾਕ ਮੌਤ

ਨੈਸ਼ਨਲ ਡੈਸਕ 2 ਮਾਰਚ। ਉੱਤਰ ਪ੍ਰਦੇਸ਼ ਦੇ ਅਮੇਠੀ ਜ਼ਿਲ੍ਹੇ ਵਿੱਚ ਸ਼ੁੱਕਰਵਾਰ ਨੂੰ ਇੱਕ ਬਹੁਤ ਹੀ ਦੁਖਦਾਈ ਹਾਦਸਾ ਵਾਪਰਿਆ, ਜਿੱਥੇ ਚਲਦੀ ਰੇਲਗੱਡੀ ਵਿੱਚੋਂ ਡਿੱਗਣ ਕਾਰਨ ਇੱਕ ਨੌਜਵਾਨ ਦੀ ਮੌਤ ਹੋ ਗਈ। ਇਹ ਘਟਨਾ ਲਖਨਊ-ਵਾਰਾਣਸੀ ਰੇਲਵੇ ਸੈਕਸ਼ਨ ’ਤੇ ਵਾਪਰੀ, ਜਿਸ ਨੇ ਸਭ ਨੂੰ ਝੰਜੋੜ ਕੇ ਰੱਖ ਦਿੱਤਾ ਹੈ ਪੁਲਸ ਤੋਂ ਮਿਲੀ ਜਾਣਕਾਰੀ ਅਨੁਸਾਰ ਜਾਇਸ ਥਾਣਾ ਖੇਤਰ ਦੇ ਪਿੰਡ ਮਵਈ ਆਲਮਪੁਰ ਦਾ ਰਹਿਣ ਵਾਲਾ ਦਿਨੇਸ਼ ਕੁਮਾਰ (35) ਆਪਣੀ ਪਤਨੀ ਦੇ ਇਲਾਜ ਲਈ ਜਨਤਾ



ਐਕਸਪ੍ਰੈਸ ਰਾਹੀਂ ਗੌਰੀਗੰਜ ਸਥਿਤ ਜ਼ਿਲ੍ਹਾ ਹਸਪਤਾਲ ਜਾ ਰਿਹਾ ਸੀ। ਕਿਸੇ ਨੂੰ ਕੀ ਪਤਾ ਸੀ ਕਿ ਜਿਸ ਹਸਪਤਾਲ ਉਹ ਇਲਾਜ ਲਈ ਜਾ ਰਹੇ ਹਨ, ਉੱਥੇ ਪਹੁੰਚਣ ਤੋਂ ਪਹਿਲਾਂ ਹੀ ਮੌਤ ਰਸਤੇ ਵਿੱਚ ਖੜ੍ਹੀ ਮਿਲੇਗੀ। ਦੱਸਿਆ ਜਾ ਰਿਹਾ ਹੈ ਕਿ ਦਿਨੇਸ਼ ਟ?ਰੇਨ ਦੇ ਗੇਟ ਦੇ ਕੋਲ ਖੜ੍ਹਾ ਸੀ। ਰੇਲਗੱਡੀ ਦੀ ਰਫ਼ਤਾਰ ਬਹੁਤ ਤੇਜ਼ ਸੀ, ਜਿਸ ਕਾਰਨ ਅਚਾਨਕ ਉਸ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਟ?ਰੇਨ ਤੋਂ ਹੇਠਾਂ ਜਾ ਡਿੱਗਿਆ। ਹਾਦਸਾ ਇੰਨਾ ਭਿਆਨਕ ਸੀ ਕਿ ਦਿਨੇਸ਼ ਦੀ ਮੌਕੇ ’ਤੇ ਹੀ ਮੌਤ ਹੋ ਗਈ। ਉਸ ਦੀ ਪਤਨੀ ਦੀਆਂ ਅੱਖਾਂ ਸਾਹਮਣੇ ਹੀ ਇਹ ਸਾਰਾ ਕਹਿਰ ਵਾਪਰ ਗਿਆ। ਗੌਰੀਗੰਜ ਥਾਣਾ ਇੰਚਾਰਜ ਜ਼ਿਲੇਦਾਰ ਯਾਦਵ ਨੇ ਦੱਸਿਆ ਕਿ ਪੁਲਸ ਨੇ ਮੌਕੇ ’ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਪੁਲਿਸ ਵੱਲੋਂ ਇਸ ਮਾਮਲੇ ਵਿੱਚ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

# ਅਮਰੀਕਾ-ਈਰਾਨ ਦਰਮਿਆਨ ਵਧਦੇ ਤਣਾਅ ਕਾਰਨ ਸੋਨੇ-ਚਾਂਦੀ ਦੀਆਂ ਕੀਮਤਾਂ ’ਚ ਹੋਇਆ ਭਾਰੀ ਵਾਧਾ

ਕੌਮੀ ਪਤ੍ਰਿਕਾ

ਬਿਜ਼ਨੈੱਸ ਡੈਸਕ 2 ਮਾਰਚ। ਅਮਰੀਕਾ ਅਤੇ ਈਰਾਨ ਵਿਚਕਾਰ ਹਾਲ ਹੀ ਵਿੱਚ ਵਧ ਰਹੇ ਭੂ-ਰਾਜਨੀਤਿਕ ਤਣਾਅ ਦੇ ਵਿਚਕਾਰ ਮਜ਼ਬੂਤ ਵਿਸ਼ਵਵਿਆਪੀ ਭਾਵਨਾ ਅਤੇ ਸੁਰੱਖਿਅਤ-ਨਿਵਾਸ ਸੰਪਤੀਆਂ ਦੀ ਵਧਦੀ ਮੰਗ ਕਾਰਨ ਸ਼ੁੱਕਰਵਾਰ ਨੂੰ ਫਿਊਚਰਜ਼ ਵਪਾਰ ਵਿੱਚ ਸੋਨੇ ਦੀਆਂ ਕੀਮਤਾਂ 0.85 ਪ੍ਰਤੀਸ਼ਤ ਵਧ ਕੇ 1.56 ਲੱਖ ਰੁਪਏ ਪ੍ਰਤੀ 10 ਗ੍ਰਾਮ ਹੋ ਗਈਆਂ। ਮਲਟੀ ਕਮੋਡਿਟੀ ਐਕਸਚੇਂਜ ਵਿਖੇ ਅਪ੍ਰੈਲ ਡਿਲੀਵਰੀ ਇਕਰਾਰਨਾਮੇ ਦੀ ਕੀਮਤ 1,315 ਰੁਪਏ ਭਾਵ 0.85 ਪ੍ਰਤੀਸ਼ਤ ਵਧ ਕੇ 1,56,134 ਰੁਪਏ ਪ੍ਰਤੀ 10 ਗ੍ਰਾਮ ਹੋ ਗਈ। 7,355 ਲਾਟਾਂ ਦਾ ਵਪਾਰ ਹੋਇਆ। ਅੰਤਰਰਾਸ਼ਟਰੀ ਬਾਜ਼ਾਰ ਵਿੱਚ, ਅਪ੍ਰੈਲ ਡਿਲੀਵਰੀ ਲਈ ਕਾਮੈਕਸ ਗੋਲਡ ਫਿਊਚਰਜ਼ 49.55 ਡਾਲਰ ਭਾਵ 1 ਪ੍ਰਤੀਸ਼ਤ ਵਧ ਕੇ 5,046.95 ਡਾਲਰ ਪ੍ਰਤੀ ਔਂਸ ਹੋ ਗਿਆ। ਜੀਓਜੀਤ ਇਨਵੈਸਟਮੈਂਟਸ ਲਿਮਟਿਡ ਦੇ ਖੋਜ ਮੁਖੀ (ਵਸਤੂਆਂ) ਹਰੀਸ਼ ਵੀ. ਨੇ ਕਿਹਾ ਕਿ ਅਮਰੀਕਾ-ਈਰਾਨ ਤਣਾਅ ਵਧਣ ਦੇ



ਵਿਚਕਾਰ ਮਜ਼ਬੂਤ ??ਸੁਰੱਖਿਅਤ-ਨਿਵਾਸ ਮੰਗ ਦੇ ਕਾਰਨ ਸੋਨਾ £5,000 ਦੇ ਅੰਕੜੇ ਨੂੰ ਪਾਰ ਕਰ ਗਿਆ ਹੈ। ਅਮਰੀਕਾ ਅਤੇ ਈਰਾਨ ਵਿਚਕਾਰ ਵਧਦੇ ਤਣਾਅ ਦੇ ਵਿਚਕਾਰ ਵਿਸ਼ਵ ਬਾਜ਼ਾਰਾਂ ਵਿੱਚ ਮਜ਼ਬੂਤ ??ਰੁਝਾਨ ਕਾਰਨ ਸ਼ੁੱਕਰਵਾਰ ਨੂੰ ਚਾਂਦੀ ਦੇ ਵਾਅਦੇ 4,375 ਰੁਪਏ ਵਧ ਕੇ 2,45,750 ਰੁਪਏ ਪ੍ਰਤੀ ਕਿਲੋਗ੍ਰਾਮ ਹੋ ਗਏ। ਮਾਰਚ ਵਿੱਚ ਡਿਲੀਵਰੀ ਲਈ ਚਾਂਦੀ ਦੇ ਸਮਝੌਤੇ ਦੀ ਕੀਮਤ ਮਲਟੀ ਕਮੋਡਿਟੀ ਐਕਸਚੇਂਜ ’ਤੇ 4,375 ਰੁਪਏ ਜਾਂ 1.8 ਪ੍ਰਤੀਸ਼ਤ ਵਧ ਕੇ 2,45,750 ਰੁਪਏ ਪ੍ਰਤੀ ਕਿਲੋਗ੍ਰਾਮ ਹੋ ਗਈ। ਇਸ ਵਿੱਚ 5,975 ਲਾਟ ਦਾ ਕਾਰੋਬਾਰ ਹੋਇਆ। ਵਿਦੇਸ਼ੀ ਬਾਜ਼ਾਰ ਵਿੱਚ, ਕਾਮੈਕਸ ਚਾਂਦੀ ਦੇ ਵਾਅਦੇ ਲਗਾਤਾਰ ਤੀਜੇ ਦਿਨ ਵੀ ਵਧਦੇ ਰਹੇ, ਜੋ £1.23 ਜਾਂ 1.6 ਪ੍ਰਤੀਸ਼ਤ ਵਧ ਕੇ £78.87 ਪ੍ਰਤੀ ਔਂਸ ਹੋ ਗਏ।

## ਪਰਿਵਾਰਕ ਵਿਵਾਦ ਨੇ ਉਜਾੜਿਆ ਘਰ, ਵਿਅਕਤੀ ਨੇ ਪਤਨੀ ਤੇ 2 ਬੱਚਿਆਂ ਦਾ ਕੀਤਾ ਕਤਲ

ਜੈਪੁਰ 2 ਮਾਰਚ। ਰਾਜਸਥਾਨ ਦੇ ਜਾਲੌਰ ਜ਼ਿਲ੍ਹੇ ’ਚ ਭੀਨਮਾਲ ਥਾਣਾ ਖੇਤਰ ਦੇ ਦਸਪਾਨ ਪਿੰਡ ’ਚ ਬੁੱਧਵਾਰ ਦੇਰ ਰਾਤ ਇਕ ਵਿਅਕਤੀ ਨੇ ਆਪਣੀ ਪਤਨੀ ਅਤੇ 2 ਬੱਚਿਆਂ ਦਾ ਤੇਜ਼ਧਾਰ ਹਥਿਆਰ ਨਾਲ ਗਲਾ ਵੱਢ ਕੇਕਤਲ ਕਰ ਦਿੱਤਾ। ਪੁਲਸ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਅਨੁਸਾਰ, ਦੋਸ਼ੀ ਦੀ ਪਛਾਣ ਮੰਗਲਾਰਾਮ ਪੁਰੋਹਿਤ (40) ਵਜੋਂ ਹੋਈ ਹੈ। ਸੂਚਨਾ ਮਿਲਣ ’ਤੇ ਹਾਦਸੇ ਵਾਲੀ ਜਗ?ਹਾ ਪਹੁੰਚੀ ਪੁਲਸ ਨੇ ਦੇਖਿਆ ਕਿ ਮੰਗਲਾਰਾਮ ਦੀ ਪਤਨੀ ਦਦਮੀ ਦੇਵੀ (39), ਬੇਟੀ ਨੀਕੂ (10) ਅਤੇ ਬੇਟਾ ਹਿਤੇਸ਼ (7) ਮੰਜੇ ’ਤੇ ਮ੍ਰਿਤਕ ਮਿਲੇ ਅਤੇ ਉਨ੍ਹਾਂ ਦੇ ਗਲੇ ’ਤੇ ਸੱਟ ਦੇ ਨਿਸ਼ਾਨ ਸਨ। ਪੁਲਸ ਅਨੁਸਾਰ ਕੰਧਾਂ ’ਤੇ ਵੀ ਖ਼ੂਨ ਦੇ ਨਿਸ਼ਾਨ ਸਨ। ਥਾਣਾ ਇੰਚਾਰਜ ਰਾਜੇਂਦਰ ਸਿੰਘ ਨੇ ਦੱਸਿਆ ਕਿ ਪੁੱਛ-ਗਿੱਛ ਦੌਰਾਨ ਮੰਗਲਾਰਾਮ ਨੇ ਪਤਨੀ ਅਤੇ ਬੱਚਿਆਂ ਦੇ ਕਤਲ ਦੀ ਗੱਲ ਕਬੂਲ ਕੀਤੀ ਹੈ। ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਨੇ ਪਰਿਵਾਰਕ ਵਿਵਾਦ ਕਾਰਨ ਪਤਨੀ ਅਤੇ ਬੱਚਿਆਂ ਦਾ ਕਤਲ ਕੀਤਾ। ਸਿੰਘ ਨੇ ਦੱਸਿਆ ਕਿ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਕੇ ਪੁੱਛ-ਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮੰਗਲਾਰਾਮ ਦਾ ਵੱਡਾ




ਪੁੱਤ ਆਂਧਰਾ ਪ੍ਰਦੇਸ਼ ’ਚ ਕੰਮ ਕਰਦਾ ਹੈ, ਜਦੋਂ ਕਿ ਦੂਜਾ ਬੇਟਾ ਮੁਕੇਸ਼ ਹਾਦਸੇ ਵਾਲੀ ਜਗ?ਹਾ ਤੋਂ 100 ਮੀਟਰ ਦੂਰ ਆਪਣੇ ਚਾਚੇ ਘਰ ਸੌਂ ਰਿਹਾ ਸੀ। ਦੋਸ਼ੀ ਕਿਸਾਨ ਹੈ ਅਤੇ ਉਸ ਦੇ ਵਿਆਹ ਨੂੰ ਲਗਭਗ 20 ਸਾਲ ਹੋ ਚੁੱਕੇ ਹਨ। ਫੋਰੈਂਸਿਕ ਸਾਇੰਸ ਲੈਬਾਰਟਰੀ ਦੀ ਟੀਮ ਨੂੰ ਮੌਕੇ ’ਤੇ ਬੁਲਾਇਆ ਗਿਆ ਅਤੇ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜਿਆ ਗਿਆ।

## ਬਿਹਾਰ ’ਚ ਬੱਸ ਤੇ ਡੰਪਰ ਵਿਚਾਲੇ ਹੋਈ ਭਿਆਨਕ ਟੱਕਰ, ਇਕ ਬੱਚੀ ਸਮੇਤ 3 ਦੀ ਮੌਤ

ਭਭੂਆ 2 ਮਾਰਚ। ਬਿਹਾਰ ਦੇ ਕੈਮੂਰ ਜ਼ਿਲ੍ਹੇ ਵਿੱਚ ਐਤਵਾਰ ਸਵੇਰੇ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ, ਜਿੱਥੇ ਇੱਕ ਬੱਸ ਅਤੇ ਡੰਪਰ ਟਰੱਕ ਦੀ ਟੱਕਰ ਵਿੱਚ ਇੱਕ ਲੜਕੀ ਸਮੇਤ ਤਿੰਨ ਲੋਕਾਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ। ਪੁਲਸ ਮੁਤਾਬਕ ਇਹ ਹਾਦਸਾ ਸਵੇਰੇ ਲਗਭਗ 6 ਵਜੇ ਕੁਦਰਾ ਥਾਣਾ ਖੇਤਰ ਦੇ ਨਸੇਜ ਰੇਲਵੇ ਕਰਾਸਿੰਗ ਗੇਟ ਦੇ ਨੇੜੇ ਵਾਪਰਿਆ। ਮੋਹਨੀਆ ਦੇ ਅਨੁਮੰਡਲ ਪੁਲਸ ਅਧਿਕਾਰੀ (ਐਸ.ਡੀ.ਪੀ.ਓ.) ਪ੍ਰਦੀਪ ਕੁਮਾਰ ਨੇ ਦੱਸਿਆ ਕਿ ਇੱਕ ਤੇਜ਼ ਰਫ਼ਤਾਰ ਡੰਪਰ ਟਰੱਕ ਨੇ ਬੱਸ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਤਿੰਨ ਲੋਕਾਂ ਦੀ ਮੌਕੇ ’ਤੇ ਹੀ ਮੌਤ ਹੋ ਗਈ। ਹਾਲਾਂਕਿ ਮ੍ਰਿਤਕਾਂ ਦੀ ਪਛਾਣ ਅਜੇ ਤੱਕ ਨਹੀਂ ਹੋ ਸਕੀ ਹੈ, ਪਰ ਪੁਲਸ ਨੇ ਇੱਕ ਬੱਚੀ ਦੀ ਮੌਤ ਦੀ ਪੁਸ਼ਟੀ ਕੀਤੀ ਹੈ। ਹਾਦਸੇ ਦੇ ਸਮੇਂ ਬੱਸ ਰਾਂਚੀ ਤੋਂ ਉੱਤਰ ਪ੍ਰਦੇਸ਼ ਵੱਲ ਜਾ ਰਹੀ ਸੀ। ਚਸ਼ਮਦੀਦਾਂ ਅਨੁਸਾਰ, ਡੰਪਰ ਟਰੱਕ ਬਹੁਤ ਤੇਜ਼ ਰਫ਼ਤਾਰ ਵਿੱਚ ਸੀ ਅਤੇ ਗਲਤ ਦਿਸ਼ਾ ਤੋਂ ਆ ਰਿਹਾ ਸੀ, ਜਿਸ ਕਾਰਨ ਇਹ ਸਿੱਧਾ ਬੱਸ ਨਾਲ ਜਾ ਟਕਰਾਇਆ। ਪੁਲਸ ਨੇ ਦੱਸਿਆ ਕਿ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ ਅਤੇ ਜ਼ਖਮੀਆਂ ਨੂੰ ਇਲਾਜ ਲਈ ਭਭੂਆ ਦੇ ਸਦਰ ਹਸਪਤਾਲ ’ਚ ਦਾਖਲ ਕਰਵਾਇਆ ਗਿਆ ਹੈ। ਪੁਲਸ ਮਾਮਲੇ ਦੀ ਅਗਲੇਰੀ ਜਾਂਚ ਕਰ ਰਹੀ ਹੈ।

## ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਧਾਰਾ 144 ਲਾਗੂ ਕਰਨ ਦੇ ਹੁਕਮ ਜਾਰੀ

ਅੰਮ੍ਰਿਤਸਰ 2 ਮਾਰਚ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ (ਸਮੇਤ ਓਪਨ ਸਕੂਲ) ਦੀਆਂ ਸਾਲਾਨਾ ਪ੍ਰੀਖਿਆਵਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲੇ ਦੇ 424 ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਧਾਰਾ 144 ਲਾਗੂ ਕਰਨ ਦੇ ਹੁਕਮ ਦਿੱਤੇ ਗਏ ਹਨ। ਪ੍ਰੀਖਿਆ ਕੇਂਦਰਾਂ ’ਤੇ ਪੁਲਸ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਵੀ ਕੀਤੇ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਜ਼ਿਲਾ ਮੈਜਿਸਟ?ਰੇਟ ਰੋਹਿਤ ਗੁਪਤਾ ਨੇ ਦੱਸਿਆ ਕਿ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਇਹ ਪਾਬੰਦੀਆਂ ਲਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਹ ਹੁਕਮ ਜ਼ਿਲੇ ਦੇ ਸਮੂਹ ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ ’ਚ ਲਾਗੂ ਰਹਿਣਗੇ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਬਾਹਰੀ ਦਖ਼ਲਅੰਦਾਜ਼ੀ ਨੂੰ ਰੋਕਿਆ ਜਾ ਸਕੇ। ਇਹ ਹੁਕਮ 4 ਅਪ੍ਰੈਲ, 2026 ਪ੍ਰੀਖਿਆ ਮੁਕੰਮਲ ਹੋਣ ਤੱਕ ਲਾਗੂ ਰਹੇਗਾ। ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਕਮਿਸ਼ਨਰ ਪੁਲਸ ਅੰਮ੍ਰਿਤਸਰ (ਸ਼ਹਿਰੀ) ਅਤੇ ਸੀਨੀਅਰ ਪੁਲਿਸ ਕਪਤਾਨ ਅੰਮ੍ਰਿਤਸਰ (ਦਿਹਾਤੀ) ਨੂੰ ਹਦਾਇਤ ਕੀਤੀ ਹੈ ਕਿ ਉਹ ਆਪਣੇ ਅਧਿਕਾਰ ਖੇਤਰ ਵਿੱਚ ਆਉਂਦੇ ਪ੍ਰੀਖਿਆ ਕੇਂਦਰਾਂ ਵਿੱਚ ਸੁਰੱਖਿਆ ਦੇ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ। ਇਹ ਹੁਕਮ 4 ਅਪ੍ਰੈਲ 2026 ਤੱਕ, ਭਾਵ ਪ੍ਰੀਖਿਆਵਾਂ ਮੁਕੰਮਲ ਹੋਣ ਤੱਕ ਲਾਗੂ ਰਹਿਣਗੇ।

## ਵਿਆਹ ’ਚ ਗਏ ਸਾਬਕਾ ਸਰਪੰਚ ’ਤੇ ਫਾਇਰਿੰਗ, ਪਹਿਲਾਂ ਵੀ ਹੋ ਚੁੱਕੈ ਜਾਨਲੇਵਾ ਹਮਲਾ

ਅਬੋਹਰ 2 ਮਾਰਚ। ਅਬੋਹਰ ਦੇ ਪਿੰਡ ਕੁੰਡਲ ਦੇ ਸਾਬਕਾ ਸਰਪੰਚ ’ਤੇ ਜਾਨਲੇਵਾ ਹਮਲਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਦੱਸਿਆ ਜਾ ਰਿਹਾ ਹੈ ਕਿ ਸਾਬਕਾ ਸਰਪੰਚ ਦੀ ਗੱਡੀ ’ਤੇ ਗੋਲੀਆਂ ਚਲਾਈਆਂ ਗਈਆਂ ਪਰ ਗੱਡੀ ਬੁਲਟ ਪਰੂਫ ਹੋਣ ਕਾਰਨ ਉਨ੍ਹਾਂ ਦਾ ਬਚਾਅ ਹੋ ਗਿਆ। ਜਾਣਕਾਰੀ ਮੁਤਾਬਕ ਪਿੰਡ ਕੁੰਡਲ ਦੇ ਰਹਿਣ ਵਾਲੇ ਸਾਬਕਾ ਸਰਪੰਚ ਜਗਮਨਦੀਪ ਸਿੰਘ ’ਤੇ ਜਾਨਲੇਵਾ ਹਮਲਾ ਕੀਤਾ ਹਿਆ। ਉਹ ਮੁਕਤਸਰ ਜ਼ਿਲ੍ਹੇ ਦੇ ਪਿੰਡ ਰੱਤਾ ਟਿੱਬਾ ਵਿਖੇ ਵਿਆਹ ਸਮਾਗਮ ’ਚ ਪੁੱਜੇ ਸਨ। ਉੱਥੇ ਉਨ੍ਹਾਂ ਦੀ ਗੱਡੀ ’ਤੇ ਫਾਇਰਿੰਗ ਹੋਈ। ਫਾਇਰਿੰਗ ਉਸ ਸਮੇਂ ਹੋਈ, ਜਦੋਂ ਉਹ ਗੱਡੀ ’ਚੋਂ ਉਤਰੇ ਹੀ ਸਨ, ਜਿਸ ਕਾਰਨ ਉਨ੍ਹਾਂ ਦਾ ਬਚਾਅ ਹੋ ਗਿਆ। ਬੁਲਟ ਪਰੂਫ ਗੱਡੀ ਹੋਣ ਕਾਰਨ ਗੋਲੀਆਂ ਦਾ ਅਸਰ ਨਹੀਂ ਹੋਇਆ। ਹਾਲਾਂਕਿ ਦੱਸਿਆ ਜਾ ਰਿਹਾ ਹੈ ਕਿ ਕੁੱਝ ਦਿਨ ਪਹਿਲਾਂ ਵੀ ਪਿੰਡ ਕੁਲਾਰ ’ਚ ਸਾਬਕਾ ਸਰਪੰਚ ’ਤੇ ਹਮਲਾ ਹੋਇਆ ਸੀ ਅਤੇ ਉਨ੍ਹਾਂ ਨੂੰ ਧਮਕੀਆਂ ਵੀ ਮਿਲ ਚੁੱਕੀਆਂ ਹਨ। ਸਾਬਕਾ ਸਰਪੰਚ ਦੀ ਪਤਨੀ ਨੇ ਜ਼ਿਲ੍ਹਾ ਪਰਿਸ਼ਦ ਜ਼ੋਨ ਕੁੰਡਲ ਤੋਂ ਚੋਣ ਜਿੱਤੀ ਸੀ। ਸਾਬਕਾ ਸਰਪੰਚ ਨੇ ਕਿਹਾ ਕਿ ਪਹਿਲਾਂ ਵੀ ਉਨ੍ਹਾਂ ’ਤੇ ਫਾਇਰਿੰਗ ਹੋਈ ਹੈ ਅਤੇ ਉਹ ਸਰਕਾਰ ਤੋਂ ਮੰਗ ਕਰਦੇ ਹਨ ਕਿ ਜਿਨ੍ਹਾਂ ਲੋਕਾਂ ਨੇ ਵੀ ਫਾਇਰਿੰਗ ਕੀਤੀ ਹੈ, ਉਨ੍ਹਾਂ ’ਤੇ ਕਾਰਵਾਈ ਹੋਣੀ ਚਾਹੀਦੀ ਹੈ।

# ਪੁਰਾਣੀ ਪੈਨਸ਼ਨ ਬਹਾਲੀ ਲਈ ਮੁਲਾਜ਼ਮਾਂ ਨੇ ਖੋਲ੍ਹਿਆ ਮੋਰਚਾ ਮੁੱਖ ਮੰਤਰੀ ਮਾਨ ਦਾ ਫੂਕਿਆ ਪੁਤਲਾ

ਕੌਮੀ ਪਤ੍ਰਿਕਾ

ਚੰਡੀਗੜ੍ਹ 2 ਮਾਰਚ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਤੇ ਸੀਪੀਐੱਫ ਕਰਮਚਾਰੀ ਯੂਨੀਅਨ ਪੰਜਾਬ ਦੇ ਸੱਦੇ ’ਤੇ ਪੰਜਾਬ ਭਰ ਵਿੱਚ ਵੱਖ-ਵੱਖ ਥਾਵਾਂ ’ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕ ਕੇ ਸੈਂਕੜਿਆਂ ਦੀ ਗਿਣਤੀ ’ਚ ਅਧਿਆਪਕ ਅਤੇ ਕਰਮਚਾਰੀਆਂ ਵੱਲੋਂ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਬੋਲਦਿਆਂ ਸੂਬਾ ਕਨਵੀਨਰਨੇ ਜਸਵੀਰ ਸਿੰਘ ਤਲਵਾੜਾ ਤੇ ਪ੍ਰਧਾਨ ਸੁਖਜੀਤ ਸਿੰਘ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਪੰਜਾਬ ਸਰਕਾਰ ਆਪਣੇ ਚੋਣ ਵਾਅਦੇ ਨੂੰ ਲਾਗੂ ਕਰਨ ਵਿੱਚ ਨਾਕਾਮ ਰਹੀ ਹੈ ,ਜਿਹੜਾ 18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਬਹਾਲੀ ਦਾ ਇੱਕ ਲੰਗੜਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ ਉਸ ਨੂੰ ਚਾਰ ਸਾਲ ਬੀਤ ਜਾਣ ਬਾਅਦ ਵੀ ਪੰਜਾਬ ਸਰਕਾਰ ਲਾਗੂ ਨਹੀਂ ਕਰ



ਸਕੀ। ਇਸ ਰੋਸ ਵਜੋਂ ਆਗੂਆਂ ਨੇ ਐਲਾਨ ਕੀਤਾ ਕਿ ਹੁਣ ਸਰਕਾਰ ਦੀ ਲਗਾਤਾਰ ਚਾਰ ਸਾਲਾਂ ਤੋਂ ਪੈਨਸ਼ਨ ਬਹਾਲੀ ਲਈ ਧਾਰੀ ਸਾਜ਼ਿਸ਼ੀ ਚੁੱਪੀ ਵਿਰੁੱਧ ਜਬਰਦਸਤ ਰੋਹ ਭੜਕ ਗਿਆ ਹੈ, ਜਿਸ ਦੇ ਤਹਿਤ ਅੱਜ ਸੈਂਕੜੇ ਮੁਲਾਜ਼ਮਾਂ ਨੇ ਮੁੱਖ ਮੰਤਰੀ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਸਮੂਹ ਐਨ.ਪੀ.ਐਸ ਕਰਮਚਾਰੀ ਵਿਧਾਨ ਸਭਾ ਵੱਲ ਨੂੰ ਮਾਰਚ ਕਰਨਗੇ, ਜਿਸ ਦੇ ਸਬੰਧ ਵਿੱਚ ਦੋਵਾਂ ਜਥੇਬੰਦੀਆਂ ਦੇ ਆਗੂਆਂ ਨੇ ਬਲਾਕ ਪੱਧਰ ’ਤੇ ਵਿਉਂਤਬੰਦੀ ਅਤੇ ਤਿਆਰੀ ਵਿੱਢ ਦਿੱਤੀ ਹੈ ਕਿਉਂਕਿ ਸਰਕਾਰ ਦੇ ਲਾਰਿਆਂ ਤੋਂ ਅੱਕੇ ਕਰਮਚਾਰੀ ਹੁਣ ਆਰ ਜਾਂ ਪਾਰ ਦੇ ਸੰਘਰਸ਼ ਕਰਨ ਦੇ ਰੌਅ ਵਿੱਚ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪਿਛਲੇ ਕੀਤੇ ਵਾਅਦੇ ਚਾਰ ਸਾਲ ਬੀਤ ਜਾਣ ਬਾਅਦ ਵੀ ਪੂਰੇ ਨਹੀਂ ਕਰ ਸਕੀ ਉਲਟਾਂ ਪੁਰਾਣੀ ਪੈਨਸ਼ਨ ਬਹਾਲੀ ਅੰਦੋਲਨ ਤੋਂ ਧਿਆਨ ਭਟਕਾਉਣ ਲਈ ਸਰਕਾਰ ਨੇ ਬੜੀ ਚਲਾਕੀ ਟੈੱਟ ਦੀ ਸ਼ਰਤ ਨੂੰ ਥੋਪ ਦਿੱਤਾ ਹੈ । ਉਨ੍ਹਾਂ ਕਿਹਾ ਕਿ ਸਰਕਾਰ ਤੁਰੰਤ ਟੈੱਟ ਦੀ ਬੇਲੋੜੀ ਸ਼ਰਤ ਨੂੰ ਵਿਧਾਨ ਸਭਾ ਵਿੱਚ ਆਰਡੀਨੈਂਸ ਪਾਸ ਕਰ ਵਾਪਸ ਲਵੇ । 2 ਮਾਰਚ। ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੀ ਮਹਾਰੈਲੀ ਨੂੰ ਸਮਰਥਨ ਦਿੱਤਾ ਤੇ ਇਨ੍ਹਾਂ ਦੋਵਾਂ ਮੁੱਦਿਆਂ ਨੂੰ ਲੈ ਕੇ ਬਜਟ ਸੈਸ਼ਨ ਦੌਰਾਨ ਵਿਧਾਨ ਸਭਾ ਵੱਲ ਮਾਰਚ ਕੀਤਾ ਜਾਵੇਗਾ ।

### 30 ਗ੍ਰਾਮ ਹੈਰੋਇਨ ਤੇ 4.30 ਲੱਖ ਦੀ ਨਗਦੀ ਸਮੇਤ 2 ਨੂੰ ਕੀਤਾ ਕਾਬੂ

ਜਲੰਧਰ 2 ਮਾਰਚ। ਜਲੰਧਰ ਪੁਲਸ ਕਮਿਸ਼ਨਰ ਧਰਮਪ੍ਰੀਤ ਕੌਰ ਅਤੇ ਡੀ.ਸੀ.ਪੀ. ਮਨਪ੍ਰੀਤ ਸਿੰਘ ਢਿੱਲੋਂ ਦੀ ਅਗਵਾਈ ਹੇਠ ਸੀ.ਆਈ.ਏ. (391) ਸਟਾਫ਼ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਉਨ੍ਹਾਂ ਨੇ ਦੋ ਵਿਅਕਤੀਆਂ ਨੂੰ ਨਸ਼ੀਲੇ ਪਦਾਰਥਾਂ ਅਤੇ ਭਾਰੀ ਨਗਦੀ ਸਮੇਤ ਗ੍ਰਿਫ਼ਤਾਰ ਕੀਤਾ। ਪੁਲਸ ਵੱਲੋਂ ਫੜੇ ਗਏ ਮੁਲਜ਼ਮਾਂ ਦੀ ਪਛਾਣ ਰੋਹਨਪ੍ਰੀਤ ਅਤੇ ਕੁੰਦਨ ਵਜੋਂ ਹੋਈ ਹੈ। ਤਲਾਸ਼ੀ ਦੌਰਾਨ ਪੁਲਸ ਨੇ ਇਨ੍ਹਾਂ ਦੇ ਕਬਜ਼ੇ ਵਿੱਚੋਂ 30 ਗ੍ਰਾਮ ਹੈਰੋਇਨ ਅਤੇ 4 ਲੱਖ 30 ਹਜ਼ਾਰ ਰੁਪਏ ਦੀ ਨਗਦੀ ਬਰਾਮਦ ਕੀਤੀ ਹੈ।


ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਕਾਂਸਟੇਬਲ ਪਤੀ ਦੀ ਖ਼ੁਦਕੁਸ਼ੀ ਦੇ 6 ਦਿਨਾਂ ਮਗਰੋਂ ਪਤਨੀ ਨੇ ਵੀ ਦਿੱਤੀ ਜਾਨ

**ਕੌਮੀ ਪੱਤ੍ਰਿਕਾ**

ਭਦਰਾਵਤੀ 2 ਮਾਰਚ। ਕਰਨਾਟਕ 'ਚ ਪੁਲਸ ਕਾਂਸਟੇਬਲ ਪਤੀ ਦੀ ਖ਼ੁਦਕੁਸ਼ੀ ਦੇ 6 ਦਿਨਾਂ ਮਗਰੋਂ ਪਤਨੀ ਨੇ ਵੀ ਆਪਣੀ ਜਾਨ ਦੇ ਦਿੱਤੀ। ਪੁਲਸ ਨੇ ਸ਼ਨੀਵਾਰ ਨੂੰ ਇਹ ਘਟਨਾ ਭਦਰਾਵਤੀ ਤਾਲੁਕ ਦੇ ਹੋਸਾ ਸਿੱਧਪੁਰਾ ਪਿੰਡ 'ਚ ਵਾਪਰੀ। ਮ੍ਰਿਤਕਾ ਦਾ ਨਾਂ ਸਵਾਤੀ ਹੈ, ਜੋ ਕਰਨਾਟਕ ਰਿਜ਼ਰਵ ਪੁਲਸ ਦੇ ਕਾਂਸਟੇਬਲ ਜਗਦੀਸ਼ ਦੀ ਵਿਧਵਾ ਸੀ। ਪੁਲਸ ਨੇ ਕਿਹਾ ਕਿ ਜਗਦੀਸ਼ ਨੇ 14 ਫਰਵਰੀ ਨੂੰ ਖ਼ੁਦਕੁਸ਼ੀ ਕਰ ਲਈ ਸੀ। ਪਰਿਵਾਰ ਵਾਲਿਆਂ ਨੇ ਕਿਹਾ ਕਿ ਜਗਦੀਸ਼ ਸ਼ਰਾਬ ਦੀ ਆਦਤ ਨਾਲ ਜੂਝ ਰਿਹਾ ਸੀ। ਸ਼ਰਾਬ ਦੇ ਨਸ਼ੇ 'ਚ ਹਮੇਸ਼ਾ ਮਾਂ, ਪਤਨੀ ਅਤੇ ਬੱਚਿਆਂ ਨਾਲ ਝਗੜਾ ਕਰਦਾ ਸੀ। ਉਹ ਘਰ 'ਤੇ ਝਗੜਿਆਂ 'ਚ ਕਈ ਵਾਰ ਖ਼ੁਦਕੁਸ਼ੀ



ਦੀ ਧਮਕੀ ਵੀ ਦੇ ਚੁੱਕਿਆ ਸੀ। ਪਤੀ ਜਗਦੀਸ਼ ਦੀ ਮੌਤ ਤੋਂ ਬਾਅਦ ਪਤਨੀ ਸਵਾਤੀ ਵੀ ਤਣਾਅ 'ਚ ਰਹਿਣ ਲੱਗੀ ਸੀ। ਇਸ ਦੌਰਾਨ ਇਕ ਹੋਰ ਪੁਲਸ ਕਾਂਸਟੇਬਲ ਮੋਹਨ ਨੇ ਫੇਸਬੁੱਕ ਅਤੇ ਵਟਸਐਪ 'ਤੇ ਸਵਾਤੀ ਨੂੰ ਅਪਮਾਨਜਨਕ ਸੰਦੇਸ਼ ਭੇਜੇ। ਪੁਲਸ ਦੇ ਸਾਹਮਣੇ ਦਰਜ ਕੀਤੀ ਗਈ ਸ਼ਿਕਾਇਤ 'ਚ ਕਿਹਾ ਗਿਆ ਕਿ ਮੋਹਨ ਨੇ ਜਗਦੀਸ਼ ਦੀ ਮੌਤ ਲਈ ਪਤਨੀ ਸਵਾਤੀ ਨੂੰ ਜ਼ਿੰਮੇਵਾਰ ਠਹਿਰਾਉਂਦੇ ਹੋਏ ਅਫਵਾਹਾਂ ਫੈਲਾਈਆਂ ਸਨ। ਪਰਿਵਾਰ ਵਾਲਿਆਂ ਨੇ ਦੱਸਿਆ ਕਿ ਪੀੜਤਾ ਨੇ ਆਪਣੀ ਮਾਂ ਭਾਗਯੰਮਾ ਨੂੰ ਮਾਨਸਿਕ ਪਰੇਸ਼ਾਨੀ ਬਾਰੇ ਦੱਸਿਆ ਸੀ। ਉਸ ਦੀ ਮਾਂ ਨੇ ਉਸ ਨੂੰ ਪੁਲਸ 'ਚ ਸ਼ਿਕਾਇਤ ਕਰਨ ਤੋਂ ਪਹਿਲੇ ਆਪਣੇ ਪਤੀ ਦੀ 13ਵੀਂ ਦੀਆਂ ਰਸਮਾਂ ਪੂਰੀਆਂ ਹੋਣ ਤੱਕ ਮਜ਼ਬੂਤ ਰਹਿਣ ਦੀ ਸਲਾਹ ਦਿੱਤੀ ਸੀ। ਪੀੜਤਾ ਨੇ 20 ਫਰਵਰੀ ਨੂੰ ਆਪਣੇ ਮਾਂ ਨੂੰ ਇਕ ਵਟਸਐੱਪ ਮੈਸੇਜ ਭੇਜਿਆ, ਜਿਸ 'ਚ ਉਸ ਨੇ ਆਪਣੇ ਨਾਲ ਹੋ ਰਹੇ ਉਤਪੀੜਨ ਅਤੇ ਮਾਨਸਿਕ ਸ਼ੋਸ਼ਣ ਬਾਰੇ ਦੱਸਿਆ ਸੀ। ਮੈਸੇਜ 'ਚ, ਉਸ ਨੇ ਆਪਣੇ ਪਰਿਵਾਰ ਤੋਂ ਦੋਸ਼ੀ ਕਾਂਸਟੇਬਲ ਖ਼?ਲਾਫ਼ ਕਾਰਵਾਈ ਕਰਨ ਅਤੇ ਆਪਣੇ 2 ਛੋਟੇ ਬੱਚਿਆਂ ਦਾ ਧਿਆਨ ਰੱਖਣ ਲਈ ਕਿਹਾ। ਮੈਸੇਜ ਭੇਜਣ ਦੇ ਤੁਰੰਤ ਬਾਅਦ, ਉਸ ਨੇ ਫਾਹਾ ਲੈ ਲਿਆ। ਸਵਾਤੀ ਦੇ ਪਰਿਵਾਰ ਦੀ ਸ਼ਿਕਾਇਤ ਤੋਂ ਬਾਅਦ ਭਦਰਾਵਤੀ 'ਚ ਨਿਊ ਟਾਊਨ ਪੁਲਸ ਨੇ ਕਾਂਸਟੇਬਲ ਮੋਹਨ ਖ਼?ਲਾਫ਼ ਖੁਦਕੁਸ਼ੀ ਲਈ ਉਕਸਾਉਣ, ਬਦਨਾਮੀ, ਬਲੈਕਮੇਲ ਵਰਗੇ ਦੋਸ਼ਾਂ 'ਚ ਐੱਫਆਈਆਰ ਦਰਜ ਕੀਤੀ। ਪੁਲਸ ਨੇ ਕਿਹਾ ਕਿ ਦੋਸ਼ੀ ਕਾਂਸਟੇਬਲ 'ਤੇ ਪਹਿਲਾਂ ਵੀ ਅਨੁਸ਼ਾਸਨੀ ਕਾਰਵਾਈ ਕੀਤੀ ਗਈ ਸੀ ਅਤੇ ਬਾਅਦ 'ਚ ਉਸ ਨੂੰ ਦੂਜੇ ਪੁਲਸ ਸਟੇਸ਼ਨ 'ਚ ਟਰਾਂਸਫਰ ਕਰ ਦਿੱਤਾ ਗਿਆ ਸੀ।

# 75 ਕਿਲੋਮੀਟਰ ਦੂਰੋਂ ਕੱਟਿਆ ਗਿਆ ਖੜ੍ਹੀ ਕਾਰ ਦਾ ਟੋਲ !

ਭਵਾਨੀਗੜ੍ਹ, 2 ਮਾਰਚ। ਭਵਾਨੀਗੜ੍ਹ 'ਚ ਇੱਕ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਘਰ ਦੇ ਬਾਹਰ ਖੜ੍ਹੀ ਕਾਰ ਦਾ 75 ਕਿਲੋਮੀਟਰ ਦੂਰ ਸਥਿਤ ਜਗਜੀਤਪੁਰਾ ਟੋਲ ਪਲਾਜ਼ਾ 'ਤੇ 120 ਰੁਪਏ ਟੋਲ ਟੈਕਸ ਕੱਟ ਲਿਆ ਗਿਆ। ਕਾਰ ਮਾਲਕ ਉਸ ਸਮੇਂ ਹੈਰਾਨ ਰਹਿ ਗਿਆ, ਜਦੋਂ ਉਸਦੇ ਮੋਬਾਈਲ 'ਤੇ ਫਾਸਟੈਗ ਰਾਹੀਂ ਰਕਮ ਕੱਟਣ ਦਾ ਸੁਨੇਹਾ ਪ੍ਰਾਪਤ ਹੋਇਆ। ਇਸ ਸਬੰਧੀ ਕਾਰ ਮਾਲਕ ਅਨੀਸ਼ ਗਰਗ ਵਾਸੀ ਨਵੀਂ ਅਨਾਜ ਮੰਡੀ ਭਵਾਨੀਗੜ੍ਹ ਨੇ ਦੱਸਿਆ ਕਿ ਉਸਦੀ ਕਾਰ ਨੰਬਰ ਪੀ.ਬੀ. 13 ਏ.ਐਲ 0831 ਸਾਰਾ ਦਿਨ ਘਰ ਵਿਚ ਹੀ ਖੜ੍ਹੀ ਰਹੀ ਅਤੇ ਉਹ ਖੁਦ ਵੀ ਕਿਤੇ ਬਾਹਰ ਨਹੀਂ ਗਿਆ। ਹੋਰ ਤਾਂ ਹੋਰ ਕਾਰ ਨੂੰ ਉਸਦਾ ਕੋਈ ਦੋਸਤ ਜਾਂ ਰਿਸ਼ਤੇਦਾਰ ਵੀ ਕੀਤੇ ਲੈ ਕੇ ਨਹੀਂ ਗਿਆ ਪਰ ਇਸ ਦੇ ਬਾਵਜੂਦ ਜਗਜੀਤਪੁਰਾ ਟੋਲ ਪਲਾਜ਼ਾ ਤੋਂ 120 ਰੁਪਏ ਉਸਦੇ ਖਾਤੇ 'ਚੋਂ ਕਟ ਗਏ। ਜਿਸ ਕਾਰਨ ਉਹ ਹੈਰਾਨ ਤੇ ਪ੍ਰੇਸ਼ਾਨ ਹੈ। ਮਾਲਕ ਨੇ ਦੱਸਿਆ ਕਿ ਉਸਨੇ ਕਦੇ ਵੀ ਉਕਤ ਟੋਲ ਪਲਾਜ਼ਾ ਦਾ ਨਾਂਅ ਤੱਕ ਨਹੀਂ ਸੁਣਿਆ ਤੇ ਨਾ ਹੀ ਉਹ ਉੱਥੇ ਦੀ ਕਦੇ ਆਪਣੀ ਕਾਰ ਲੈ ਕੇ ਲੰਘਿਆ ਹੈ। ਮਾਲਕ ਅਨੁਸਾਰ ਇਹ ਘਟਨਾ ਫਾਸਟੈਗ ਸਿਸਟਮ ਵਿਚ ਕਿਸੇ ਤਕਨੀਕੀ ਗੜਬੜ ਜਾਂ ਵਾਹਨ ਨੰਬਰ ਦੀ ਗਲਤ ਪੜਚੋਲ ਕਾਰਨ ਹੋ ਸਕਦੀ ਹੈ। ਉਸ ਨੇ ਇਸ ਸਬੰਧੀ ਬੈਂਕ ਅਤੇ ਸੰਬੰਧਿਤ ਅਧਿਕਾਰੀਆਂ ਕੋਲ ਸ਼ਿਕਾਇਤ ਦਰਜ ਕਰਵਾਉਣ ਦੀ ਤਿਆਰੀ ਕਰ ਲਈ ਹੈ। ਉਨ੍ਹਾਂ ਦੀ ਕਾਰ ਸੀਸੀਟੀਵੀ ਕੈਮਰੇ ਦੀ ਨਿਗਰਾਨੀ ਹੇਠ ਖੜ੍ਹਦੀ ਹੈ, ਜਿਸਦੀ ਫੁਟੇਜ਼ ਨੂੰ ਸਬੂਤ ਵਜੋ ਪੇਸ਼ ਕੀਤਾ ਜਾਵੇਗਾ। ਇਸ ਘਟਨਾ ਨਾਲ ਇਲਾਕੇ ਦੇ ਲੋਕਾਂ ਵਿੱਚ ਵੀ ਚਿੰਤਾ ਪੈਦਾ ਹੋ ਗਈ ਹੈ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਘਰ ਵਿਚ ਖੜ੍ਹੀਆਂ ਗੱਡੀਆਂ ਦਾ ਵੀ ਟੋਲ ਕੱਟਿਆ ਜਾਣ ਲੱਗ ਪਏ ਤਾਂ ਇਹ ਗੰਭੀਰ ਮਸਲਾ ਹੈ ਅਤੇ ਸਬੰਧਿਤ ਵਿਭਾਗ ਨੂੰ ਅਜਿਹੇ ਮਾਮਲਿਆਂ ਦੀ ਜਾਂਚ ਕਰਨੀ ਚਾਹੀਦੀ ਹੈ। ਲੋਕਾਂ ਕਿਹਾ ਕਿ ਸਬੰਧਿਤ ਅਧਿਕਾਰੀਆਂ ਨੂੰ ਚਾਹੀਦਾ ਹੈ ਕਿ ਮਾਮਲੇ ਦੀ ਜਾਂਚ ਕਰ ਕੇ ਹਕੀਕਤ ਸਾਹਮਣੇ ਲਿਆਂਦੀ ਜਾਵੇ ਅਤੇ ਜੇਕਰ ਤਕਨੀਕੀ ਖ਼ਾਮੀ ਹੈ ਤਾਂ ਉਸਨੂੰ ਤੁਰੰਤ ਦੁਰੁਸਤ ਕੀਤਾ ਜਾਵੇ

# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਪਾਰਟੀ ਵਲੋਂ ਅਨੰਦਪੁਰ ਸਾਹਿਬ ਦੀ ਪੰਥਕ ਕਾਨਫਰੰਸ ਲਈ ਸੰਗਤਾਂ ਦਾ ਵੱਡਾ ਕਾਫਲਾ ਰਵਾਨਾ

**ਕ੍ਰਿਸ਼ਨ ਸਿੰਘ ਦੁਸਾਂਝ**

ਅੰਮ੍ਰਿਤਸਰ 2 ਮਾਰਚ: ਅੱਜ? ਬਾਅਦ ਦੁਪਹਿਰ ਸ੍ਰ ਸਰਦਾਰ ਰਘਬੀਰ ਸਿੰਘ ਰਾਜਾਸਾਂਸੀ ਪੀ ਏ ਸੀ ਮੈਂਬਰ, ਐਡਵੋਕੇਟ ਜਸਬੀਰ ਸਿੰਘ ਘੁੰਮਣ ਮੈਂਬਰ ਪੀ ਏ ਸੀ ਦੀ ਅਗਵਾਈ ਹੇਠ ਬੱਸਾਂ ਦਾ ਇੱਕ ਵੱਡਾ ਕਾਫਲਾ ਪੰਥਕ ਅਕਾਲੀ ਕਾਨਫੰਰਸ ਲਈ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਕੀਤਾ ਗਿਆ ਜੈਕਾਰਿਆਂ ਦੀ ਗੂੰਜ ਵਿੱਚ ਕਾਫਲੇ ਨੂੰ ਝੰਡੀ ਵਿਖਾ ਕੇ ਰਵਾਨਾ ਕੀਤਾ ਇਸ ਮੋਕੇ ਸ੍ਰ ਰਘਬੀਰ ਸਿੰਘ ਰਾਜਾਸਾਂਸੀ ਨੇ ਦੱਸਿਆ ਕਿ ਬੱਸਾਂ ਦੀ ਸੰਗਤ ਰਾਤ ਆਨੰਦਪੁਰ ਸਾਹਿਬ ਠਹਿਰਨ ਬਾਅਦ ਤਿੰਨ ਮਾਰਚ ਨੂੰ ਸਵੇਰੇ



ਪੰਡਾਲ ਵਿੱਚ ਪਹੁੰਚ ਕੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਅਤੇ ਪਾਰਟੀ ਹਾਈਕਮਾਂਡ ਦੇ ਵਿਚਾਰ ਸੁਣ ਕੇ ਪੰਜਾਬ ਦੇ ਭਲੇ ਲਈ ਆਪਣਾ ਯੋਗਦਾਨ ਪਾਉਣਗੇ, ਦੋ ਸਤੰਬਰ 2024 ਦੇ ਹੁਕਮਨਾਮੇ ਦੀ ਰੋਸ਼ਨੀ ਵਿੱਚ ਸਿੱਖ ਕੌਮ ਤੇ ਪੰਜਾਬੀਆਂ ਨੂੰ ਨਵੀਂ ਦਿਸ਼ਾ ਦੇਣ ਲਈ ਪੰਥਕ ਮਤੇ ਪੜੇ ਜਾਣਗੇ ਅਤੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੀ ਅਗਵਾਈ ਵਿੱਚ ਸਿੱਖ ਪੰਥ ਚੜ੍ਹਦੀ ਕਲਾ ਤੇ ਪੰਜਾਬ ਦੀ ਖੁਸ਼ਹਾਲੀ ਵਾਸਤੇ ਵਚਨਬੱਧ ਹੋਣਗੇ ਪੰਜਾਬ ਦੇ ਮਸਲਿਆਂ ਦੇ ਹੱਲ ਲਈ ਵਿਚਾਰਾਂ ਕੀਤੀਆਂ ਜਾਣਗੀਆਂ ਸਮੂਹ ਸੰਗਤ ਨੂੰ ਅੱਗੇ ਤੋਰਨ ਵੇਲੇ ਨੌਜਵਾਨ ਆਗੂ ਦੋ ਦਸੰਬਰ ਦੇ ਹੁਕਮਨਾਮਿਆਂ ਨਾਲ ਪੁਨਰ ਸੁਰਜੀਤ ਹੋਏ ਅਕਾਲੀ ਦਲ ਦੀ 3 ਮਾਰਚ 2026 ਨੂੰ ਹੋ ਰਹੀ ਪਹਿਲੀ ਕੌਮੀ ਪੰਥਕ ਕਾਨਫਰੰਸ ਵਿੱਚ ਅੱਜ ਸ਼੍ਰੀ ਅੰਮ੍ਰਿਤਸਰ ਸਾਹਿਬ ਤੋ ਬੱਸਾਂ ਦੀ ਰਵਾਨਗੀ ਮੌਕੇ ਮੋਜੂਦ ਸ੍ਰ ਜਗਤਾਰ ਸਿੰਘ ਗਿੱਲ ਜਨਰਲ ਸਕੱਤਰ ਸ਼ਹਿਰੀ ਹਲਕਾ ਪੱਛਮੀ, ਸ੍ਰ ਸੁਖਰਾਜ ਸਿੰਘ ਸੋਹਲ ਸੇਵਾਦਾਰ ਹਲਕਾ ਪੂਰਬੀ ਲਖਵਿੰਦਰ ਸਿੰਘ ਅਰਸ਼ੀ, ਕੁਲਵੰਤ ਸਿੰਘ ਮੁਹਾਰ, ਕਰਨੈਲ ਸਿੰਘ ਮੁਹਾਰ, ਸਾਬਕਾ ਸਰਪੰਚ ਜਸਬੀਰ ਸਿੰਘ ਰਾਜਾ ਸਾਂਸੀ, ਗੁਰਪ੍ਰੀਤ ਸਿੰਘ ਬਾਠ, ਮਨਮੀਤ ਸਿੰਘ ਬਾਠ, ਹਰਭੇਜ ਸਿੰਘ ਪਠਾਨ ਨੰਗਲ ਮੈਂਬਰ ਪੰਚਾਇਤ, ਗੁਰਵੰਸ਼ ਮੱਖਣਵਿੰਡੀ ਅਤੇ ਸਮੂਹ ਸੰਗਤ ਹਾਜ਼ਰ ਸਨ


**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.


## ਉਤਰ ਰੇਲਵੇ

### ਨਿਵਿਦਾ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਉਪ ਮੁੱਖ ਇੰਜੀਨੀਅਰ/ਨਿਰਮਾਣ, ਉਤਰ ਰੇਲਵੇ, ਸ਼ਿਵਾਜੀ ਬ੍ਰਿਜ, ਨਵੀਂ ਦਿੱਲੀ ਸਿੰਗਲ ਪੈਕੇਟ ਪ੍ਰਣਾਲੀ ਈ-ਨਿਵਿਦਾ ਦੇ ਆਧਾਰ ਤੇ ਹੇਠਾਂ ਲਿਖੇ ਹੋਏ ਕੰਮ ਦੇ ਲਈ ਨਿਵਿਦਾ ਦੀ ਮੰਗ ਕਰਦੇ ਹਨ।

| | | |
|---|---|---|
| 1 | ਕੰਮ ਦਾ ਨਾਮ ਤੇ ਸਥਲ | ਉਤਰੀ ਰੇਲਵੇ ਦੇ ਦਿੱਲੀ-ਰੇਵਾੜੀ ਸੈਕਸ਼ਨ ਉਤੇ ਬਿਜਵਾਸਨ ਵਿਚ ਕੋਚਿੰਗ/ਮਾਲ ਢੋਆਈ ਹੈਂਡਲਿੰਗ ਟਰਮੀਨਲ ਦੇ ਵਿਕਾਸ ਦੇ ਸਬੰਧ ਵਿਚ ਪਲੇਟਫਾਰਮਾਂ ਅਤੇ ਸਟੇਬਲਿੰਗ ਲਾਈਨਾਂ, ਰਸਤਿਆਂ, ਪਾਣੀ ਨਿਕਾਸੀ ਕੰਮਾਂ ਵਿਚ ਨਾਲੀਆਂ ਤੇ ਨਾਲੀ ਕਵਰ ਪ੍ਰਦਾਨ ਕਰਨਾ ਅਤੇ ਲਗਾਉਣਾ ਅਤੇ ਹੋਰ ਵਖ-ਵਖ ਸਬੰਧਿਤ ਕੰਮ। |
| 2 | ਕੰਮ ਪੂਰਾ ਹੋਣ ਦੀ ਸਮਾਂ | 09 (ਨੌ) ਮਹੀਨੇ |
| 3 | ਕੰਮ ਦੀ ਅੰਦਾਜ਼ਨ ਲਾਗਤ | 2 371.40 ਲਖ |
| 4. | ਬਿਆਨਾ ਰਾਸ਼ੀ (ਜੋ ਕਿ ਆਨਲਾਈਨ ਜਮ੍ਹਾ ਕੀਤੀ ਜਾਣੀ ਹੈ) | ₹ 3,35,700/– |
| 5 | ਈ-ਨਿਵਿਦਾ ਪ੍ਰਸਤੂਤ ਕਰਨ ਅੈਤੇ ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ | ਨਿਵਿਦਾ ਦਸਤਾਵੇਜ 15:00 ਵਜੇ ਮਿਤੀ 03.03.2026 ਤੋਂ 24.03.2026 ਤਕ ਆਈਆਰਈਪੀਐਸ ਦੀ ਵੈਬਸਾਈਟ ਯਾਨੀ www.ireps.gov.in 'ਤੇ ਉਪਲਬਧ ਹੋਣਗੇ। |
| 6. | ਨਿਵਿਦਾ ਅਪਲੋਡ ਕਰਨ ਦੀ ਅੰਤਮ ਮਿਤੀ/ ਸਮਾਂ | 24.03.2026 ਨੂੰ 15:30 ਵਜੇ ਤਕ ਨਿਵਿਦਾਕਰਤਾ ਦੁਆਰਾ 03.03.2026 ਤੋਂ 24.03.2026 ਤਕ ਆਈਆਰਈਪੀਐਸ ਦੀ ਵੈਬਸਾਈਟ www.ireps.gov.in 'ਤੇ ਨਿਵਿਦਾ ਦਸਤਾਵੇਜ ਅਪਲੋਡ ਕੀਤੀ ਜਾ ਸਕਦੀ ਹੈ। |
| 7 | ਈ-ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ | 15.00 ਵਜੇ ਮਿਤੀ 24.03.2026 ਨੂੰ ਖੋਹਲੀ ਜਾਏਗੀ ਉਪਰੋਕਤ ਦਫਤਰ ਦੇ ਨੋਟਿਸ ਬੋਰਡ ਤੇ ਵੀ ਵਿਸਤ੍ਰਿਤ ਸੂਚਨਾ ਵੇਖੀ ਜਾ ਸਕਦੀ ਹੈ। |

No-547-ACS-DRNCOVER-BWSN-CSB Dated- 02.03.2026 706/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.
**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**PUBLIC NOTICE**
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.
**Shyam Sharma (Adv)**

**PUBLIC NOTICE**
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I hithero known as OMA W/O VIJAY KUMAR R/O H.NO-451, MOHALLA RAMPURA, BHADROYA ROAD, PATHANKOT, PUNJAB-145001 have changed my name and shall hereafter be known as UMA DEVI KAUSHAL.

**NAME CHANGE**
I, hitherto known as DOLLY ARORA D/O TEJENDRA KUMAR ARORA W/O TEJINDER SINGH R/O 1708, GURUDWARA HARCHARANKAMAL SAAHIB, PHASE 10, S.A.S NAGAR (MOHALI), SAS NAGAR (MOHALI), PUNJAB - 160062 have changed my name and shall hereafter be known as SRISHTI.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.


## ਮਹੱਤਵਪੂਰਨ ਸੂਚਨਾ

**ਮਿਤੀ 04.03.2026 (ਬੁਧਵਾਰ) ਨੂੰ ਹੋਲੀ ਦੇ ਮੌਕੇ 'ਤੇ ਦਿੱਲੀ ਖੇਤਰ ਦੇ ਰੀਜ਼ਰਵੇਸ਼ਨ ਦਫਤਰ ਮਾਰਕੀਟਿੰਗ ਦੇ ਤਹਿਤ ਕੰਮ ਕਰਦੇ ਹਨ, ਉਨ੍ਹਾਂ ਦੇ ਕੰਮ ਕਰਨ ਲਈ ਹੇਠਾਂ ਲਿਖਤ ਪ੍ਰਬੰਧ ਕੀਤੇ ਗਏ ਹਨ:-**

**(ਏ) ਆਂਸ਼ਿਕ ਸੇਵਾ-** ਨਿਮਨ ਰੀਜ਼ਰਵੇਸ਼ਨ ਦਫਤਰਾਂ ਸਵੇਰ ਦੀ ਸ਼ਿਫਟ ਵਿਚ (08:00 ਵਜੇ ਤੋਂ 14:00 ਵਜੇ ਤਕ) ਆਂਸ਼ਿਕ ਸੇਵਾਵਾਂ ਉਪਲਬਧ ਰਹਿਣਗੀਆਂ, ਤੇ ਸ਼ਾਮ ਦੀ ਸ਼ਿਫਟ ਵਿਚ (14:00 ਵਜੇ ਤੋਂ 20:00 ਵਜੇ ਤਕ) ਇਹ ਦਫਤਰ ਉਸੇ ਪਹਿਲਾਂ ਦੀ ਕੰਮ ਕਰਦੇ ਰਹਿਣਗੇ।

**(1) ਆਈ.ਆਰ.ਸੀ.ਏ. ਭਵਨ (2) ਦਿੱਲੀ ਜੰ. ਤੇ (3) ਹਜਰਤ ਨਿਜਾਮੂਦੀਨ**

**(ਬੀ)** ਸਵੇਰੇ ਦੀ ਸ਼ਿਫਟ ਵਿਚ (09:00 ਵਜੇ ਤੋਂ 14:00 ਵਜੇ ਤਕ) ਨਿਮਨ ਰੀਜ਼ਰਵੇਸ਼ਨ ਕੇਂਦਰ ਬੰਦ ਰਹਿਣਗੇ। ਇਹ ਸਾਰੇ ਦਫਤਰ ਸ਼ਾਮ ਦੀ ਸ਼ਿਫਟ ਵਿਚ (14:00 ਵਜੇ ਤੇਜ 20:00 ਵਜੇ) ਤਕ ਉਸੇ ਤਰ੍ਹਾਂ ਕੰਮ ਕਰਦੇ ਰਹਿਣਗੇ।

**(1) ਸਰੋਜਨੀ ਨਗਰ (2) ਲਾਜਪਤ ਨਗਰ (3) ਓਖਲਾ (4) ਕੜਕੜਡੂੰਮਾ (5) ਦਿੱਲੀ ਸ਼ਾਹਦਰਾ (6) ਆਦਰਸ਼ ਨਗਰ (7) ਸਬਜੀ ਮੰਡੀ (8) ਕੀਰਤੀ ਨਗਰ (9) ਤੁਗਲਕਾਬਾਦ (10) ਸ਼ਕੂਰਬਸਤੀ (11) ਰੋਹਿਣੀ (12) (ਅਖਿਲ ਭਾਰਤੀ ਆਯੂਰਵੇਦਿਕ ਸੰਸਥਾਨ (AIIMS) (13) ਗਾਜੀਆਬਾਦ (14) ਨੋਇਡਾ) (15 ਅੰਤਰਰਾਸ਼ਟਰੀ ਟੂਰਿਸਟ ਬਿਊਰੋ (ITB)ਆਈ.ਆਰ.ਸੀ.ਏ. ਭਵਨ।**

(ਸੀ) ਹੇਠਾਂ ਲਿਖਤ ਰੀਜ਼ਰਵੇਸ਼ਨ ਕੇਂਦਰ ਪੂਰੇ ਦਿਨ ਬੰਦ ਰਹਿਣਗੇ:-

**(1) ਸੰਸਦ ਭਵਨ (2) ਪ੍ਰੈਸ-ਕਲਬ ਆਫ ਇੰਡੀਆ (3) ਰੇਲਵੇ ਬੋਰਡ (4) ਸੁਪਰੀਮ ਕੋਰਟ (5) ਦਿੱਲੀ ਹਾਈ ਕੋਰਟ ਅਤੇ (6) ਜਵਾਹਰ ਲਾਲ ਨੇਹਰੂ ਯੂਨੀਵਰਸਿਟੀ।**

ਹੇਠਾਂ ਲਿਖਤ ਰੀਜ਼ਰਵੇਸ਼ਨ ਦਫਤਰ **04.03.2026** (ਬੁਧਵਾਰ) ਨੂੰ ਸਵੇਰ ਦੀ ਸ਼ਿਫਟ (08:00 ਵਜੇ ਤੋਂ 14:00 ਵਜੇ) ਵਿਚ ਦਿੱਲੀ ਮੰਡਲ ਉਤੇ ਹੋਲੀ ਦੇ ਮੌਕੇ ਤੇ ਬੰਦ ਰਹਿਣਗੇ: **ਆਨੰਦ ਵਿਹਾਰ ਟਰਮੀਨਲ (ਪੀਆਰਐਸ), ਸਾਹਿਬਾਬਾਦ, ਨਵਾਂ ਗਾਜੀਆਬਾਦ, ਗੁੜਗਾਂਵ, ਪਾਲਮ, ਦਿੱਲੀ ਕੈਂਟ, ਦਿੱਲੀ ਸਰਾਏ ਰੋਹਿਲਾ, ਫਰੀਦਾਬਾਦ, ਬਲਭਗੜ੍ਹ, ਪਲਵਲ, ਨਰੇਲਾ, ਸੋਨੀਪਤ, ਪਾਨੀਪਤ, ਕਰਨਾਲ, ਕੁਰੂਕਸ਼ੇਤਰ, ਜੀਂਦ, ਮਾਨਸਾ, ਰੋਹਤਕ, ਬਹਾਦੁਰਗੜ੍ਹ, ਨਾਂਗਲੋਈ, ਸ਼ਾਮਲੀ, ਮੁਰਾਦਨਗਰ, ਮੋਦੀਨਗਰ, ਮੌੜ, ਮੇਰਠ ਕੈਂਟ, ਮੇਰਠ ਸਿਟੀ, ਮੁਜਫਰ ਨਗਰ, ਖਤੌਲੀ, ਦੇਵਬੰਦ, ਬੜੌਤ, ਦਾਰੂਲ ਉਲੂਮ, ਬੜੌਤ, ਗੋਹਾਨਾ, ਪਟੌਦੀ ਰੋਡ, ਗ੍ਰੇਟਰ ਨੋਇਡਾ, ਨੋਲੀ, ਸਾਕੇਤ ਕੋਰਟ, ਦਵਾਰਕਾ ਕੋਰਟ, ਕੇਂਦਰੀ ਪ੍ਰਸ਼ਾਸਨਿਕ ਟ੍ਰਿਬੂਨਲ (ਸੀਏਟੀ), ਸ਼ਕੂਰ ਬਸਤੀ, ਸਮਾਲਖਾ, ਗੰਨੌਰ, ਸ਼ਾਹਬਾਦ, ਮਾਰਕੰਡਾ, ਟੋਹਾਨਾ, ਨਰਵਾਨਾ, ਚੌਧਰੀ ਚਰਨ ਸਿੰਘ ਯੂਨੀਵਰਸਿਟੀ (ਐਮਈਸੀ)।**

**ਨਵੀਂ ਦਿੱਲੀ (ਪਹਾੜਗੰਜ ਅਤੇ ਅਜਮੇਰੀ ਗੇਟ ਦੇ ਵੱਲ) ਦਿੱਲੀ ਜੰ., ਹਜ਼ਰਤ ਨਿਜਾਮੂਦੀਨ, ਆਨੰਦ ਵਿਹਾਰ, ਦਿੱਲੀ ਸਰਾਏ ਰੋਹਿਲਾ ਸਟੇਸ਼ਨਾਂ ਤੇ ਰੀਜ਼ਰਵੇਸ਼ਨ ਦਫਤਰ ਹਰ ਰੋਜ ਦੀ ਤਰ੍ਹਾਂ ਸਾਧਾਰਨ ਸਮੇਂ ਅਨੁਸਾਰ ਕੰਮ ਕਰਨਗੇ।**

ਰੇਲਮਦਦ ਹੈਲਪਲਾਈਨ ਨੰ. **139**

ਰੇਲਮਦਦ ਵੈਬਸਾਈਟ ਦੇਖੋ : www.railmadad.indianrailways.gov.in

ਰੇਲਮਦਦ ਐਪ ਡਾਊਨਲੋਡ ਕਰੋ

ਸਾਨੂੰ ਫਾਲੋ ਕਰੋ

707/2026

**ਉਤਰ ਰੇਲਵੇ**

ਤੁਹਾਡੀ ਸੁਵਿਧਾ ਸਾਡਾ ਲਕਸ਼

ਸਾਨੂੰ www.nr.indianrailways.gov.in 'ਤੇ ਮਿਲੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਹਰੀਏ ਨੀ ਰਸ ਭਰੀਏ ਖਜੂਰੇ...

ਪ੍ਰੋ. ਬੇਅੰਤ ਸਿੰਘ ਬਾਜਵਾ

ਪੰਜਾਬੀ ਵਿਆਹਾਂ ਵਿਚ ਜਿੱਥੇ ਰੀਤੀ ਰਿਵਾਜ ਰਸਮਾਂ ਨਿਭਾਈਆਂ ਜਾਂਦੀਆਂ ਹਨ, ਉੱਥੇ ਹੀ ਵਿਆਹਾਂ ਵਿਚ ਸੁਹਾਗ, ਘੋੜੀਆਂ, ਸਿੱਠਣੀਆਂ, ਬੋਲੀਆਂ ਆਦਿ ਵੀ ਗਾਏ ਜਾਂਦੇ ਹਨ। ਅੱਜ ਆਪਾਂ ਹੱਥਲੇ ਲੇਖ ਵਿਚ ਸੁਹਾਗ ਦੇ ਗੀਤਾਂ ਦੀ ਗੱਲ ਕਰਾਂਗੇ ਕਿਉਂਕਿ ਵਿਆਹ ਵਿਚ ਸੁਹਾਗ ਦੇ ਗੀਤ ਗਾਉਣੇ ਵੀ ਆਪਣੀ ਖ਼ਾਸ ਤੇ ਨਿਵੇਕਲੀ ਥਾਂ ਰੱਖਦੇ ਹਨ। ਸੁਹਾਗ ਕੁੜੀ ਦੇ ਵਿਆਹ ਵੇਲੇ ਪਰਿਵਾਰ ਅਤੇ ਰਿਸ਼ਤੇਦਾਰਾਂ ਵੱਲੋਂ ਗਾਏ ਜਾਣ ਵਾਲੇ ਗੀਤਾਂ ਨੂੰ ਕਿਹਾ ਜਾਂਦਾ ਹੈ, ਜਦ ਕਿ ਮੁੰਡੇ ਦੇ ਘਰ ਗਾਏ ਜਾਣ ਵਾਲੇ ਗੀਤਾਂ ਨੂੰ ਘੋੜੀਆਂ ਕਿਹਾ ਜਾਂਦਾ ਹੈ।

## ਪੰਜਾਬੀ ਸੱਭਿਆਚਾਰ

ਪੰਜਾਬੀ ਸੱਭਿਆਚਾਰ ਵਿਚ ਕੁੜੀ ਦੇ ਵਿਆਹ ਤੋਂ ਇੱਕੀ ਦਿਨ ਪਹਿਲਾਂ, ਗਿਆਰਾਂ ਦਿਨ ਪਹਿਲਾਂ ਜਾਂ ਸੱਤ ਦਿਨ ਪਹਿਲਾਂ ਵਿਆਹ ਵਾਲੀ ਕੁੜੀ ਦੇ ਘਰ ਸੁਹਾਗ ਗਾਉਣੇ ਸ਼ੁਰੂ ਹੋ ਜਾਂਦੇ ਹਨ। ਇਹ ਗੀਤ ਵਿਆਹ ਵਾਲੀ ਕੁੜੀ ਦੇ ਘਰ ਆਂਢ-ਗੁਆਂਢ ਦੀਆਂ ਕੁੜੀਆਂ, ਰਿਸ਼ਤੇਦਾਰ ਅਤੇ ਜਨਾਨੀਆਂ ਖ਼ੁਸ਼ੀ ਦੇ ਮਾਹੌਲ ਵਿਚ ਗਾਉਂਦੀਆਂ ਹਨ ਅਤੇ ਇਨ੍ਹਾਂ ਵਿਚ ਜਵਾਨ ਹੋ ਰਹੀਆਂ ਕੁੜੀਆਂ ਦੀਆਂ ਆਸਾਂ, ਸੁਪਨਿਆਂ ਅਤੇ ਚਾਵਾਂ ਮਲ੍ਹਾਰਾਂ ਦਾ ਭਰਪੂਰ ਪ੍ਰਗਟਾ ਹੁੰਦਾ ਹੈ। ਇਨ੍ਹਾਂ ਲੋਕ ਗੀਤਾਂ ਵਿਚ ਵਿਆਹੀ ਜਾਣ ਵਾਲੀ ਕੁੜੀ ਦੇ ਪੇਕੇ ਪਰਿਵਾਰ ਦੇ ਜੀਆਂ ਨਾਲ ਵੱਖ-ਵੱਖ ਰਿਸ਼ਤੇ ਅਤੇ ਫਿਰ ਸਹੁਰੇ ਘਰ ਵਿਚ ਨਵੇਂ ਬਣੇ ਰਿਸ਼ਤਿਆਂ ਬਾਰੇ ਵਾਰ-ਵਾਰ ਜ਼ਿਕਰ ਕੀਤਾ ਜਾਂਦਾ ਹੈ। ਸੁਹਾਗ ਦੇ ਗੀਤਾਂ ਵਿਚ ਰਿਸ਼ਤਿਆ ਦੇ ਤਾਣੇ ਬਾਣੇ ਦਾ ਕਿਤੇ ਨਿੱਘ ਹੈ ਅਤੇ ਕਿਤੇ ਤਣਾਉ ਦਾ ਅਹਿਸਾਸ ਹੁੰਦਾ ਹੈ।

## ਪਰਿਵਾਰ ਤੋਂ ਵਿਛੜਨ ਦੀ ਘੜੀ

ਸੁਹਾਗ ਦੇ ਲੋਕ ਗੀਤਾਂ ਵਿਚ ਧੀ ਲਈ ਬਾਬਲ ਰਾਜਾ ਹੈ। ਉਸ ਦਾ ਘਰ ਮਹਿਲ ਹੈ। ਬਾਹਰ ਬਾਗ਼ ਹਨ ਅਤੇ ਜਿਸ ਵਿਚ ਚੰਨਣ ਦੇ ਰੁੱਖ ਲੱਗੇ ਹਨ ਤੇ ਤਲਾਅ ਹਨ ਤੇ ਚੰਬਾ ਖਿੜਦਾ ਹੈ। ਇਸ ਤਰ੍ਹਾਂ ਬਾਬਲ ਇਕ ਰਾਜੇ ਵਾਂਗ ਹੈ ਪਰ ਉਹ ਧੀ ਵਿਆਹੁਦਾ ਜਾਣੋ ਨਿਵ ਜਾਂਦਾ ਹੈ। ਧੀ ਦੇ ਪੇਕੇ ਪਰਿਵਾਰ ਤੋਂ ਵਿਛੜਨ ਦੀ ਘੜੀ ਬਹੁਤ ਭਾਵੁਕਤਾ ਵਾਲੀ ਹੁੰਦੀ ਹੈ। ਉਸ ਮੌਕੇ ਇਕੱਲਾ ਬਾਬਲ ਹੀ ਨਹੀਂ ਸਾਰਾ ਪਰਿਵਾਰ ਤੇ ਸਾਕ ਸਬੰਧੀ ਰੋਂਦੇ ਹਨ। ਸੁਹਾਗ ਗਾਉਣ ਵਾਲੇ ਦੀ ਉਪ ਭਾਸ਼ਾ ਅਨੁਸਾਰ ਸ਼ਬਦਾਂ ਦਾ ਰੂਪ ਕੁਝ ਬਦਲ ਜਾਂਦਾ ਹੈ। ਜਿਵੇਂ ਦਾਹੜੀ ਤੋਂ ਦਾਅੜੀ, ਦੇਵੀਂ ਤੋਂ ਦੇਈਂ, ਨਿਵਿਆਂ ਤੋਂ ਨਿਮਿਆਂ। ਇਸੇ ਤਰ੍ਹਾਂ ਰਸ ਦੀ ਲੋੜ ਅਨੁਸਾਰ ਸਾਡੜੇ (ਸਾਡੇ), ਬੇਟੜੀ (ਬੇਟੀ), ਵੱਡੜਾ (ਵੱਡਾ), ਬਾਹਲੜੇ (ਬਹੁਤੇ), ਡੱਬੜੇ (ਡੱਬੇ), ਹੁੰਦੜੀ (ਹੁੰਦੀ) ਆਦਿ ਸ਼ਬਦ ਵਰਤੇ ਜਾਂਦੇ ਹਨ। ਸੁਹਾਗ ਦੇ ਗੀਤ ਭਾਵ ਅਤੇ ਬਣਤਰ ਪੱਖੋਂ ਸਰਲ ਹਨ। ਇਨ੍ਹਾਂ ਵਿਚ ਦੂਹਰਾ ਹੈ। ਪ੍ਰਕਿਰਤੀ ਦੀਆਂ ਨਿਰਮਲ ਛੋਹਾਂ ਹਨ ਅਤੇ ਗਾਉਣ ਲਈ ਲੈਅ ਤੇ ਰਵਾਨੀ ਹੈ। ਜਿਸ ਦੀ ਝਲਕ ਹੇਠ ਦਿੱਤੀਆਂ ਸੁਹਾਗ ਦੀਆਂ ਵੰਨਗੀਆਂ ਦੇਖਣ ਨੂੰ ਮਿਲਦੀਆਂ ਹਨ :

*ਚੜ੍ਹ ਚੁਬਾਰੇ ਸੁੱਤਿਆ ਬਾਬਲ,*
*ਆਈ ਬਨੇਰੇ ਦੀ ਛਾਂ।*
*ਤੂੰ ਸੁੱਤਾ ਲੋਕੀਂ ਜਾਗਦੇ,*
*ਘਰ ਬੇਟੜੀ ਹੋਈ ਮੁਟਿਆਰ।*
*ਛੰਨਾ ਤਾਂ ਭਰਿਆ ਦੁੱਧ ਦਾ ਵਾਰੀ,*
*ਨਾਵਣ ਚੱਲੀ ਆਂ ਤਲਾ।*
*ਮੈਲ਼ ਹੋਵੇ ਝੱਟ ਝੜ ਜਾਵੇ ਵਾਰੀ,*
*ਰੂਪ ਨਾ ਝੜਿਆ ਜਾ।*
*ਮਾਏ ਨੀ ਸੁਣ ਮੇਰੀਏ ਵਾਰੀ,*
*ਬਾਬਲ ਮੇਰੇ ਨੂੰ ਸਮਝਾ।*
*ਸਾਡੇ ਤਾਂ ਹਾਣ ਦੀਆਂ ਸਾਵਰੇ ਵਾਰੀ,*
*ਸਾਡੜੇ ਮਨ ਵਿਚ ਚਾ।*
*ਬਾਬਲ ਰੋਂਦੇ ਦੀ ਦਾੜ੍ਹੀ ਭਿੱਜੀ ਵਾਰੀ,*
*ਮਾਈ ਨੇ ਦਰਿਆ ਚਲਾ।*
*ਵੀਰੇ ਰੋਂਦੇ ਦਾ ਰੁਮਾਲ ਭਿੱਜਾ ਵਾਰੀ,*
*ਭਾਬੋ ਦੇ ਮਨ ਵਿਚ ਚਾ।*
*ਚੜ੍ਹ ਚੁਬਾਰੇ ਸੁੱਤਿਆ ਚਾਚਾ,*
*ਆਈ ਬਨੇਰੇ ਦੀ ਛਾਂ।*
*ਤੂੰ ਸੁੱਤਾ ਲੋਕੀਂ ਜਾਗਦੇ,*
*ਘਰ ਭਤੀਜੀ ਹੋਈ ਮੁਟਿਆਰ।*
*ਛੰਨਾ ਤਾਂ ਭਰਿਆ ਦੁੱਧ ਦਾ ਵਾਰੀ,*
*ਨਾਵਣ ਚੱਲੀ ਆਂ ਤਲਾ।*
*ਮੈਲ਼ ਹੋਵੇ ਝੱਟ ਝੜ ਜਾਵੇ ਵਾਰੀ,*
*ਰੂਪ ਨਾ ਝੜਿਆ ਜਾ।*
*ਚਾਚੀ ਨੀ ਸੁਣ ਮੇਰੀਏ ਵਾਰੀ,*
*ਚਾਚੇ ਮੇਰੇ ਨੂੰ ਸਮਝਾ।*

-------

*-ਹਰੀਏ ਨੀ ਰਸ ਭਰੀਏ ਖਜੂਰੇ,*
*ਕਿਨ ਦਿੱਤਾ ਐਡੀ ਦੂਰੇ।*
*ਬਾਬਲ ਮੇਰਾ ਦੇਸਾਂ ਦਾ ਰਾਜਾ,*
*ਓਸ ਦਿੱਤਾ ਐਡੀ ਦੂਰੇ।*
*ਮਾਤਾ ਮੇਰੀ ਮਹਿਲਾਂ ਦੀ ਰਾਣੀ।*
*ਦਾਜ ਦਿੱਤਾ ਗੱਡ ਪੂਰੇ।*
*ਹਰੀਏ ਨੀ ਰਸ ਭਰੀਏ ਖਜੂਰੇ,*
*ਕਿਨ ਦਿੱਤਾ ਐਡੀ ਦੂਰੇ।*
*ਚਾਚਾ ਮੇਰਾ ਦੇਸਾਂ ਦਾ ਰਾਜਾ,*
*ਓਸ ਦਿੱਤਾ ਐਡੀ ਦੂਰੇ।*
*ਚਾਚੀ ਮੇਰੀ ਮਹਿਲਾਂ ਦੀ ਰਾਣੀ।*
*ਦਾਜ ਦਿੱਤਾ ਗੱਡ ਪੂਰੇ।*
*ਹਰੀਏ ਨੀ ਰਸ ਭਰੀਏ ਖਜੂਰੇ,*
*ਕਿਨ ਦਿੱਤਾ ਐਡੀ ਦੂਰੇ।*
*ਮਾਮਾ ਮੇਰਾ ਦੇਸਾਂ ਦਾ ਰਾਜਾ,*
*ਓਸ ਦਿੱਤਾ ਐਡੀ ਦੂਰੇ।*
*ਮਾਮੀ ਮੇਰੀ ਮਹਿਲਾਂ ਦੀ ਰਾਣੀ।*
*ਦਾਜ ਦਿੱਤਾ ਗੱਡ ਪੂਰੇ।*

## ਅਜੋਕੀ ਪੀੜ੍ਹੀ

ਅਜੋਕੇ ਵਿਆਹਾਂ ਵਿਚ ਸੁਹਾਗ ਦੇ ਗੀਤ ਬਹੁਤ ਘੱਟ ਹੀ ਗਾਏ ਜਾਂਦੇ ਹਨ। ਸਿਰਫ਼ ਖਾਨਾਪੂਰਤੀ ਲਈ ਹੀ ਇਕ ਦਿਨ ਜਨਾਨੀਆਂ ਵਿਆਹ ਵਾਲੀ ਕੁੜੀ ਦੇ ਘਰ ਇਕੱਤਰ ਹੋ ਕੇ ਗੀਤ ਗਾਉਂਦੀਆਂ ਹਨ। ਜੋ ਮਹਿਜ ਦੋ ਤਿੰਨ ਘੰਟੇ ਹੀ ਗਾਏ ਜਾਂਦੇ ਹਨ। ਜਦੋਂ ਗੀਤ ਗਾ ਕੇ ਜਨਾਨੀਆਂ ਆਪੋ ਆਪਣੇ ਘਰਾਂ ਨੂੰ ਪਰਤਦੀਆਂ ਹਨ ਤਾਂ ਉਨ੍ਹਾਂ ਨੂੰ ਕੁੜੀ ਦੇ ਪਰਿਵਾਰ ਵੱਲੋਂ ਸ਼ਗਨ ਵਜੋਂ ਗੁੜ ਵੰਡਿਆ ਜਾਂਦਾ ਹੈ। ਸੋ ਪੰਜਾਬੀ ਵਿਰਾਸਤ ਵਿਚ ਸੁਹਾਗ ਦੀ ਅਹਿਮ ਥਾਂ ਹੈ। ਜਿਸ ਨੂੰ ਅਜੋਕੀ ਪੀੜ੍ਹੀ ਪੱਛਮੀ ਸੱਭਿਆਚਾਰ ਦੀ ਲਪੇਟ ਆ ਕੇ ਭੁੱਲ ਦੀ ਜਾ ਰਹੀ ਹੈ। ਲੋੜ ਹੈ ਸੁਹਾਗ ਵਰਗੀਆਂ ਪੰਜਾਬੀ ਵੰਨਗੀਆਂ ਨੂੰ ਜਿਉਂਦੇ ਰੱਖਣ ਦੀ ਤਾਂ ਜੋ ਆਉਣ ਵਾਲੀ ਪੀੜ੍ਹੀ ਪੰਜਾਬ ਦੀ ਅਮੀਰ ਵਿਰਾਸਤ ਨੂੰ ਜਾਣ ਸਕੇ। •

70878-00168



**ਧੀ ਦੇ ਪੇਕੇ ਪਰਿਵਾਰ ਤੋਂ ਵਿਛੜਨ ਦੀ ਘੜੀ ਬਹੁਤ ਭਾਵੁਕਤਾ ਵਾਲੀ ਹੁੰਦੀ ਹੈ। ਇਸ ਮੌਕੇ ਇਕੱਲਾ ਬਾਬਲ ਹੀ ਨਹੀਂ ਸਾਰਾ ਪਰਿਵਾਰ ਤੇ ਸਾਕ ਸਬੰਧੀ ਰੋਂਦੇ ਹਨ। ਸੁਹਾਗ ਗਾਉਣ ਵਾਲੇ ਦੀ ਉਪ ਭਾਸ਼ਾ ਅਨੁਸਾਰ ਸ਼ਬਦਾਂ ਦਾ ਰੂਪ ਕੁਝ ਬਦਲ ਜਾਂਦਾ ਹੈ...**

### ਸੁਹਾਗ ਦਾ ਸ਼ਾਬਦਿਕ ਅਰਥ

*ਸੁਹਾਗ ਦਾ ਸ਼ਬਦਿਕ ਅਰਥ ਹੈ ਖ਼ੁਸ਼ਨਸੀਬੀ ਭਾਵ ਕਿ ਚੰਗੇ ਭਾਗ। ਲੋਕ ਸਾਹਿਤ ਦੇ ਸੰਦਰਭ ਵਿਚ ਸੁਹਾਗ ਤੋਂ ਭਾਵ ਅਜਿਹੇ ਖ਼ੁਸ਼ੀਆਂ ਭਰੇ ਲੋਕ ਗੀਤ ਹਨ। ਜਿਹੜੇ ਕੁੜੀ ਦੇ ਵਿਆਹ ਨਾਲ ਸਬੰਧਿਤ ਹਨ। ਜਿਵੇਂ ਮੁੰਡੇ ਦੇ ਵਿਆਹ ਤੋਂ ਕੁਝ ਦਿਨ ਪਹਿਲਾਂ ਘੋੜੀਆਂ ਗਾਉਣ ਦਾ ਰਿਵਾਜ ਹੈ। ਇਸੇ ਤਰ੍ਹਾਂ ਕੁੜੀ ਦੇ ਵਿਆਹ ਦੇ ਕੁਝ ਦਿਨ ਪਹਿਲਾਂ ਰਾਤ ਦੀ ਰੋਟੀ ਤੋਂ ਪਿੱਛੋਂ ਜਨਾਨੀਆਂ ਸੁਹਾਗ ਗਾਉਣੇ ਸ਼ੁਰੂ ਕਰ ਦਿੰਦੀਆਂ ਹਨ। ਸੁਹਾਗ ਜਨਾਨੀਆਂ ਦੁਆਰਾ ਢੋਲਕੀ ਨਾਲ ਗਾਏ ਜਾਣ ਵਾਲੇ ਗੀਤ ਹਨ। ਸੁਹਾਗ ਗਾਉਣ ਦਾ ਰਿਵਾਜ ਪੁਰਾਤਨ ਸਮਿਆਂ ਤੋਂ ਹੀ ਚੱਲਿਆ ਆ ਰਿਹਾ ਹੈ। ਇਨ੍ਹਾਂ ਵਿਚ ਕੁੜੀ ਦੀ ਆਪਣੇ ਮਾਪਿਆਂ ਪ੍ਰਤੀ ਸੁਨੇਹ, ਮੁਹੱਬਤ, ਪੇਕੇ ਘਰ ਨਾਲ ਜੁੜੀਆਂ ਉਸ ਦੀਆਂ ਕਦੀ ਨਾ ਭੁੱਲਣ ਵਾਲੀਆਂ ਯਾਦਾਂ ਅਤੇ ਵਰ ਅਤੇ ਘਰ ਸਬੰਧੀ ਕੁੜੀ ਦੇ ਜਜ਼ਬਾਤਾਂ ਦਾ ਜ਼ਿਕਰ ਹੁੰਦਾ ਹੈ। ਸੁਹਾਗ ਗੀਤਾਂ ਵਿਚ ਉਸ ਦੇ ਰੰਗੀਲੇ ਸਹੁਰੇ ਦੇਸ਼, ਰੱਜਿਆ ਪੁੱਜਿਆ ਸਹੁਰਾ ਘਰ, ਸੋਹਣਾ ਸਨੁੱਖਾ ਉਸ ਦਾ ਹੋਣ ਵਾਲਾ ਪਤੀ ਤੇ ਕੁੜੀਆਂ ਦੀਆਂ ਸੁਪਨੇ, ਉਮੰਗਾਂ ਤੇ ਮਾਪਿਆਂ ਦੇ ਘਰ ਮਾਣੀਆਂ ਮੌਜਾਂ ਦਾ ਵਰਣਨ ਹੁੰਦਾ ਹੈ। ਵਿਛੋੜੇ ਦੇ ਭਾਵਾਂ ਨੂੰ ਪ੍ਰਗਟ ਕਰਨ ਵਾਲਾ ਸੁਹਾਗ ਗੀਤ ਇਸ ਪ੍ਰਕਾਰ ਹੈ :*
*ਸਾਡਾ ਚਿੜੀਆਂ ਦਾ ਚੰਬਾ ਨੀ, ਬਾਬਲ ਅਸਾਂ ਉੱਡ ਜਾਣਾ।*
*ਸਾਡੀ ਲੰਬੀ ਉਡਾਰੀ ਏ, ਬਾਬਲ ਕਿਹੜੇ ਦੇਸ ਜਾਣਾ।*



# ਰਾਹੀਆਂ ਨੂੰ ਮੈਂ ਰਾਹ ਪਈ ਪੁੱਛਦੀ

ਵਰਿੰਦਰ ਸਿੰਘ ਨਿਮਾਣਾ

ਪੰਜਾਬ ਦੇ ਲੋਕ ਗੀਤ ਤੇ ਲੋਕ ਬੋਲੀਆਂ ਇਸ ਗੱਲ ਦੇ ਗਵਾਹ ਹਨ ਕਿ ਦਰਿਆਵਾਂ ਦੇ ਵਹਿਣਾਂ ਨਾਲ ਜ਼ਰਖ਼ੇਜ਼ ਹੋਈ ਪੰਜਾਬ ਦੀ ਮਿੱਟੀ ਦੇ ਬਾਸ਼ਿੰਦਿਆਂ ਦੀ ਹਰੀਆਂ ਭਰੀਆਂ ਫ਼ਸਲਾਂ ਦੇ ਨਾਲ-ਨਾਲ ਬਾਗ਼ ਬਗ਼ੀਚਿਆਂ ਨਾਲ ਵੀ ਬੜੀ ਗੂੜ੍ਹੀ ਸਾਂਝ ਰਹੀ ਹੈ। ਚਾਂਦੀ ਰੰਗੇ ਪਾਣੀਆਂ ਦੀ ਧਰਤ ਉੱਤੇ ਵੱਖ-ਵੱਖ ਮੌਸਮਾਂ ’ਚ ਬਿਗਸਦੀ ਉਗਮਦੀ ਬਨਸਪਤੀ, ਰੁੱਖ ਬੂਟੇ ਤੇ ਬਾਗ਼ ਬਗ਼ੀਚੇ ਇੱਥੇ ਹਮੇਸ਼ਾ ਘੁੱਗ ਵਸਦੀ ਜ਼ਿੰਦਗੀ ਦੇ ਮਿੱਠੇ-ਮਿੱਠੇ ਗੀਤ ਗੁਣਗੁਣਾਉਂਦੇ ਰਹੇ ਹਨ। ਇੱਕ ਲੋਕ ਬੋਲੀ ’ਚ ਵੀ ਇਹ ਰੰਗ ਇਸ ਤਰ੍ਹਾਂ ਮੌਜੂਦ ਹੈ :

-ਵੀਰ ਮੇਰੇ ਨੇ ਬਾਗ਼ ਲਵਾਇਆ,
ਵਿਚ ਲਵਾਈਆਂ ਕਲੀਆਂ,
ਰਾਹੀਆਂ ਨੂੰ ਮੈਂ ਰਾਹ ਪਈ ਪੁੱਛਦੀ,
ਕਿੱਥੇ ਵੀਰ ਦੀਆਂ ਗਲੀਆਂ।
-ਪਿੱਪਲ ਗਾਵੇ ਬੋਹੜ ਗਾਵੇ,
ਗਾਵੇ ਹਰਿਆਲਾ ਤੂਤ,
ਖੜ੍ਹ ਕੇ ਸੁਣ ਰਾਹੀਆ,
ਤੇਰੀ ਰੂਹ ਹੋਜੂਗੀ ਸੂਤ।

ਇਕ ਹੋਰ ਲੋਕ ਬੋਲੀ ’ਚ ਬਿਰਖਾ ਨੂੰ ਇਸ ਤਰ੍ਹਾਂ ਵਡਿਆਇਆ ਗਿਆ ਹੈ :

ਬਿਰਛਾਂ ਦੇ ਗੀਤ ਸੁਣ ਕੇ,
ਮੇਰੇ ਦਿਲ ਵਿਚ ਚਾਨਣ ਹੋਇਆ...

## ਮੌਸਮੀ ਫਲਾਂ ਦਾ ਸੁਆਦ

ਹੁਸ਼ਿਆਰਪੁਰ ਦੀ ਧਰਤੀ ਆਪਣੀ ਭੂਗੋਲਿਕ ਖ਼ਾਸੀਅਤ ਤੇ ਕੁਦਰਤੀ ਸੁਹੱਪਣ ਕਰਕੇ ਬਾਗ਼ਬਾਨੀ ਲਈ ਬੜੀ ਅਨੁਕੂਲ ਹੈ। ਸ਼ਿਵਾਲਕ ਪਹਾੜੀਆ ਦੇ ਪੈਰਾਂ ’ਚ ਵਸੇ ਹੁਸ਼ਿਆਰਪੁਰ ਜ਼ਿਲ੍ਹੇ ਦਾ ਜ਼ਿਆਦਾਤਰ ਇਲਾਕਾ ਸੇਮ ਰਹਿਤ ਤੇ ਮੈਰੇ ਸੁਭਾਅ ਦਾ ਹੋਣ ਕਰਕੇ ਇਹ ਹਰ ਤਰ੍ਹਾਂ ਦੇ ਬਿਰਖ ਬੂਟਿਆ ਦੇ ਵਧਣ ਫੁੱਲਣ ’ਚ ਜ਼ਿਆਦਾ ਮਦਦਗਾਰ ਰਿਹਾ ਹੈ। ਜ਼ਿਲ੍ਹੇ ’ਚ ਕਰੀਬ 8806 ਹੈਕਟੇਅਰ ਰਕਬਾ ਬਾਗ਼ਬਾਨੀ ਅਧੀਨ ਹੈ, ਜਿਸ ’ਚ ਸਭ ਤੋਂ ਜਿਆਦਾ ਕਿੰਨੂ ਫਿਰ ਅੰਬ ਦੇਸੀ ਤੇ ਦੁਸ਼ਿਹਰੀ ਅਤੇ ਲੀਚੀ ਦੀ ਕਾਸ਼ਤਕਾਰੀ ਲੋਕਾਂ ਨੂੰ ਵੱਖ-ਵੱਖ ਮੌਸਮਾਂ ’ਚ ਫਲਾਂ ਦਾ ਸੁਆਦ ਦੇਣ ਨਾਲ ਇਲਾਕਿਆਂ ਦੀ ਖ਼ੂਬਸੂਰਤੀ ’ਚ ਵਾਧਾ ਕਰ ਰਹੀ ਹੈ। ਵੰਡ ਤੋਂ ਪਹਿਲਾਂ ਹੁਸ਼ਿਆਰਪੁਰ ਜ਼ਿਲ੍ਹੇ ’ਚ ਰਿਆਸਤੀ ਰਾਜਿਆਂ ਨੇ ਆਪਣੀਆਂ ਆਰਾਮਗਾਹਾਂ ਵਿਚ ਅੰਬਾਂ ਤੇ ਹੋਰ ਫਲਾਂ ਦੇ ਬਾਗ਼ ਲੁਆਉਣ ਲਈ ਵੀ ਉਚੇਚੀ ਤਵੱਕੋਂ ਦਿੱਤੀ ਤੇ ਇਹ ਸਿਲਸਿਲਾ ਅੰਗਰੇਜ਼ਾਂ ਦੇ ਜ਼ਮਾਨੇ ਵੀ ਬਰਕਰਾਰ ਰਿਹਾ। ਮੁਸਲਮਾਨ ਜ਼ੈਲਦਾਰਾਂ ਤੇ ਜਾਗੀਰਦਾਰਾਂ ਨੇ ਆਪਣੀ ਰੂਹ ਦੀ ਤ੍ਰਿਪਤੀ ਲਈ ਬੜੀਆ ਰੀਝਾਂ ਨਾਲ ਅੰਬਾਂ ਦੇ ਬਾਗ਼ ਲੁਆਏ ਤੇ ਵਹਿੰਗੀਆਂ ਨਾਲ ਪਾਣੀ ਢੋਆ ਢੋਆ ਕੇ ਇਨ੍ਹਾਂ ਰੁੱਖਾਂ ਦੀ ਪਰਵਰਿਸ਼ ਕਰਵਾਈ ਸੀ। ਇੱਥੇ ਟਪਕੇ ਦੇ ਅੰਬਾਂ ਦਾ ਸੁਆਦ ਚੂਪਣ ਵਾਲੇ ਦੀ ਰੂਹ ਨੂੰ ਬਹਿਸ਼ਤ ਦੇ ਨਜ਼ਾਰੇ ਵਰਗਾ ਅਹਿਸਾਸ ਕਰਵਾਉਂਦਾ ਹੈ।

## ਅੰਬਾਂ ਦੇ ਸ਼ੌਕੀਨ ਲੋਕ

ਖ਼ੁਰਾਕੀ ਤੱਤਾਂ ਪੱਖੋਂ ਇਸ ਫਲ ’ਚ ਕਾਰਬੋਹਾਈਡਰੇਟਸ, ਸ਼ੂਗਰ, ਪ੍ਰੋਟੀਨ, ਕੈਲਸ਼ੀਅਮ, ਫਾਸਫੋਰਸ, ਵਿਟਾਮਿਨ ਏਬੀਸੀ ਦੀ ਵਧੇਰੇ ਮਾਤਰਾ ਸਿਹਤ ਲਈ ਕਾਫ਼ੀ ਲਾਹੇਬੰਦ ਮੰਨੀ ਗਈ ਹੈ ਤੇ ਇਸ ਦੀ ਵਰਤੋਂ ਨਾਲ ਦਿਲ, ਮਾਸ ਪੇਸ਼ੀਆਂ ਤੇ ਹੱਡੀਆਂ ਨੂੰ ਮਜ਼ਬੂਤੀ ਮਿਲਦੀ ਹੈ। ਦੇਸੀ ਅੰਬਾਂ ’ਚ ਕੂਕਿਆਂ ਦੀ ਛੱਲੀ, ਬਜਰੌੜ ਦੀ ਬੱਡ, ਹਰਿਆਣੇ ਦੀ ਕੰਘੀ, ਭਾਗੋਵਾਲ ਦੀ ਛੱਲੀ, ਗੋਲਾ, ਤੋਤਾਪਰੀ, ਸਫੈਦਾ, ਆੜੂ, ਸ਼ੇਖ, ਇਨਾਮੀ, ਸੰਧੂਰੀ ਛੱਲੀ, ਸੰਧੂਰੀ, ਸੌਫੀ, ਲੰਗੜਾ, ਲਾਲਟੈਣ, ਗਾਜਰੀ, ਸਿੱਪੀ, ਥਾਣੇਦਾਰ ਆਦਿ ਕਿਸਮਾਂ ਅਜੇ ਵੀ ਲੋਕਾਂ ’ਚ ਪ੍ਰਚਲਿਤ ਹਨ।



### ਜ਼ਿੰਦਗੀ ਦੇ ਫਲਸਫ਼ੇ ਦੀ ਵਿਆਖਿਆ

*‘ਅੰਬੀਆਂ’ ਦੀ ਮਜੂਦਗੀ ਜ਼ਿੰਦਗੀ ਦੇ ਮੁਕੰਮਲ ਫਲਸਫ਼ੇ ਦੀ ਵਿਆਖਿਆ ਕਰ ਦਿੰਦੀ ਹੈ। ਫੱਗਣ ਚੇਤਰ ਦੇ ਮਹੀਨਿਆਂ ’ਚ ਅੰਬੀਆਂ ਨੂੰ ਪਏ ਬੂਰ ਮੌਕੇ ਇਨ੍ਹਾਂ ਬੂਟਿਆਂ ’ਚ ਕੋਇਲਾਂ ਦੀ ਕੂ-ਕੂ ਘੁੱਗ ਵਸਦੀ ਜ਼ਿੰਦਗੀ ਦੀਆਂ ਬਾਤਾਂ ਸੁਣਾਉਂਦੀ ਹੈ। ਬਰਸਾਤਾਂ ਦੀ ਰੁੱਤੇ ਕਈ ਬੂਟਿਆਂ ਦੀਆਂ ਚੁਗੀਆਂ ਖੱਟੀਆਂ ਤੇ ਮਿੱਠੀਆਂ ਅੰਬੀਆਂ ਜ਼ਿੰਦਗੀ ਦੇ ਮਿੱਠੇ ਤੇ ਕੌੜੇ ਤਜਰਬਿਆਂ ਦਾ ਸੁਨੇਹਾ ਹੁੰਦੀਆਂ ਹਨ। ਸੰਧੂਰੀ ਰੰਗ ਨਾਲ ਸਾਰਿਆਂ ਨੂੰ ਟੁੰਬਣ ਵਾਲੀ ਸੰਧੂਰੀ ਅੰਬੀ ਵੀ ਕਈ ਵਾਰੀ ਖੱਟੀ ਨਿਕਲ ਜਾਂਦੀ ਹੈ ਤੇ ਕਈ ਵਾਰ ਮਿੱਠੀ। ਅੰਬਾਂ ਨੂੰ ਬੂਰ ਪੈਣਾ ਜ਼ਿੰਦਗੀ ਦੀਆਂ ਸੰਭਾਵਨਾਵਾਂ ਨੂੰ ਬਿਆਨਦਾ ਹੈ, ਨ੍ਹੇਰੀਆਂ ਝੱਖੜਾਂ ’ਚ ਛੋਟੀਆਂ-ਛੋਟੀਆਂ ਅੰਬੀਆਂ ਦਾ ਪੱਕਣ ਤੋਂ ਪਹਿਲਾਂ ਝੜ-ਝੜ ਜਾਣਾ ਬੁਰੇ ਸਮੇਂ ਦੀ ਮਾਰ ਤੇ ਨਾਸ਼ਵਾਨਤਾ ਦਾ ਪ੍ਰਤੀਕ ਹੈ, ਕੱਚੇ ਅੰਬਾਂ ਤੋਂ ਸਥਾਨਿਕ ਲੋਕਾਂ ਵੱਲੋਂ ਮਲਾਜ਼ੀ ਅਚਾਰ ਬਣਾ ਕੇ ਗੁਜ਼ਾਰੇ ਕਰਨੇ ਸਾਦ ਮੁਰਾਦੀ ਜੀਵਨ ਜਾਂਚ ਦਾ ਸਬਕ ਹੈ। ਅੰਬਾਂ ਦੀਆਂ ਜੇਠ ਹਾੜ ਦੀਆਂ ਧੁੱਪਾਂ ’ਚ ਠੰਢੀਆਂ ਛਾਵਾਂ ਦੀ ਰਹਿਮਤ ਦਾ ਹੁਣ ਰੁੱਖਾਂ ਤੋਂ ਵਿਹੂਣੀ ਹੋ ਰਹੀ ਜ਼ਿੰਦਗੀ ਕੋਲ ਕੋਈ ਦੂਜਾ ਵਿਕਲਪ ਨਹੀਂ ਹੈ।*

## ਲੋਕਾਂ ਦੀ ਕੁਦਰਤ ਨਾਲ ਸਾਂਝ

ਵਪਾਰਕ ਨੁਕਤੇ ਤੋਂ ਇਲਾਵਾ ਇਲਾਕੇ ’ਚ ਘਰੇਲੂ ਬਗ਼ੀਚਿਆਂ ’ਚ ਆਪਣੀਆਂ ਘਰੇਲੂ ਲੋੜਾਂ ਦੀ ਪੂਰਤੀ ਲਈ ਵੱਖ-ਵੱਖ ਫਲਦਾਰ ਪੌਦਿਆਂ ਦੀ ਕਾਸ਼ਤਕਾਰੀ ਸਥਾਨਿਕ ਲੋਕਾਂ ਦੀ ਕੁਦਰਤ ਨਾਲ ਸਾਂਝ ਤੇ ਜ਼ਿੰਦਗੀ ਦੇ ਸੁਹਜ ਸੁਆਦ ਨੂੰ ਮਾਨਣ ਦੀ ਰੀਝ ਨੂੰ ਬਿਆਨ ਕਰ ਦਿੰਦੀ ਹੈ। ਘਰੇਲੂ ਬਗ਼ੀਚੇ ਦੀਆਂ ਮੌਜਾਂ ਦੇ ਸ਼ੌਕੀਨਾਂ ਵੱਲੋਂ ਆਪਣੇ ਅਜਿਹੇ ਉਦਮ ਨਾਲ ਵੱਖ-ਵੱਖ ਮੌਸਮਾਂ ’ਚ ਕੁਦਰਤ ਦੇ ਅਦਭੁਤ ਜਲਬਿਆਂ ਨੂੰ ਹੀ ਨਹੀਂ ਮਾਣਿਆਂ ਜਾਂਦਾ, ਸਗੋਂ ਆਪਣੇ ਪਰਿਵਾਰਾਂ ਦੇ ਜੀਆਂ ਨੂੰ ਬਾਜ਼ਾਰਾਂ ’ਚ ਜ਼ਹਿਰਾਂ ਨਾਲ ਪਕਾਏ ਫਲਾਂ ਦੇ ਮਾਰੂ ਪ੍ਰਭਾਵਾਂ ਤੋਂ ਬਚਾਉਣ ’ਚ ਵੀ ਕਾਮਯਾਬੀ ਹਾਸਲ ਕੀਤੀ ਜਾਂਦੀ ਹੈ। ਬਾਗ਼ਬਾਨੀ ਦੇ ਸ਼ੌਕ ਨਾਲ ‘ਨਾਲੇ ਪੁੰਨ ਨਾਲੇ ਫਲ਼ੀਆ’ ਅਖਾਣ ਮੁਤਾਬਿਕ ਆਪਣੀ ਆਰਥਿਕ ਮਜ਼ਬੂਤੀ ਦੇ ਨਾਲ ਧਰਤੀ ਮਾਂ ਦੀ ਗੋਦ ਤੋਂ ਘੱਟ ਰਹੇ ਰੁੱਖਾਂ ’ਤੇ ਜੰਗਲਾਂ ਦੀ ਕਮੀ, ਕੁਦਰਤੀ ਜੀਵ ਜੰਤੂਆਂ ਦੀ ਰਾਖੀ ਲਈ ਪਰਉਪਕਾਰ ਭੂਮਿਕਾ ਵੀ ਨਿਭਾਈ ਜਾ ਸਕਦੀ ਹੈ। •

98554-41787



# ਹੱਕਾਂ ਤੇ ਫ਼ਰਜ਼ਾਂ ਦੀ ਗੱਲ

ਪ੍ਰਭਜੋਤ ਕੌਰ ਢਿੱਲੋਂ

ਸਮਾਜ ਵਿਚ ਪਰਿਵਾਰ ਅਤੇ ਰਿਸ਼ਤਿਆਂ ਦਾ ਬਹੁਤ ਮਹੱਤਵ ਹੈ। ਰਿਸ਼ਤੇ ਟੁੱਟਦੇ ਨੇ ਤਾਂ ਪਰਿਵਾਰ ਖੇਰੂੰ-ਖੇਰੂੰ ਹੋ ਜਾਂਦੇ ਹਨ। ਹਰ ਰਿਸ਼ਤੇ ਦੀ ਇਨਸਾਨੀ ਜੀਨਵਨ ਵਿਚ ਆਪਣੀ ਜਗ੍ਹਾ ਹੈ। ਇਸ ਕਰਕੇ ਉੱਥੇ ਅਤੇ ਉਵੇਂ ਰਿਸ਼ਤੇ ਨੂੰ ਰੱਖਿਆ ਜਾਵੇ ਤਾਂ ਵਧੀਆ ਲੱਗਦਾ ਹੈ। ਜੇਕਰ ਮਹਿੰਗਾ ਸਮਾਨ ਹੋਵੇ ਪਰ ਸਲੀਕੇ ਨਾਲ ਰੱਖਿਆ ਨਾ ਹੋਵੇ ਤਾਂ ਉਸ ਦੀ ਖ਼ੂਬਸੂਰਤੀ ਘੱਟ ਜਾਂਦੀ ਹੈ। ਉਹ ਮਹਿੰਗੇ ਸਮਾਨ ਹੋਣ ਦੇ ਬਾਵਜੂਦ ਕਬਾੜ ਵਰਗਾ ਲੱਗਦਾ ਹੈ।

ਅੱਜ ਮੈਂ ਗੱਲ ਕਰਾਂਗੀ ਧੀਆਂ ਅਤੇ ਉਨ੍ਹਾਂ ਦੇ ਵਿਆਹ ਤੋਂ ਬਾਅਦ ਦੇ ਸਫ਼ਰ ਦੀ। ਹਰ ਬੱਚਾ ਮਾਪਿਆਂ ਨੂੰ ਲਾਡਲਾ ਤੇ ਪਿਆਰਾ ਹੁੰਦਾ ਹੈ ਅਤੇ ਮਾਪੇ ਬੱਚਿਆਂ ਲਈ ਹਰ ਕੁਰਬਾਨੀ ਹੱਸ ਕੇ ਕਰਦੇ ਹਨ। ਲੜਕੀਆਂ ਦੇ ਵਿਆਹ ਹਰ ਸਮਾਜ ਵਿਚ ਜ਼ਰੂਰੀ ਹਨ ਅਤੇ ਸਿਆਣੇ ਬਜ਼ੁਰਗ ਕਹਿੰਦੇ ਸੀ ਕਿ ਧੀਆਂ ਤਾਂ ਰਾਜਿਆਂ ਦੇ ਘਰ ਵੀ ਨਹੀਂ ਸਮਾਈਆਂ। ਮਤਲਬ ਰਾਜੇ ਮਹਾਰਾਜੇ ਵੀ ਧੀਆਂ ਦਾ ਵਿਆਹ ਕਰਦੇ ਸਨ। ਧੀਆਂ ਨੂੰ ਦਹੇਜ ਦੇਣ ਦਾ ਰਿਵਾਜ ਵੀ ਸਦੀਆਂ ਤੋਂ ਚੱਲਿਆ ਆ ਰਿਹਾ ਹੈ। ਸਮਾਂ ਬਦਲਿਆ ਜ਼ਰੂਰਤਾਂ ਅਤੇ ਰਹਿਣ ਸਹਿਣ ਬਦਲਿਆ ਤਾਂ ਉਸ ਦੇ ਨਾਲ ਦਹੇਜ ਦੇ ਸਮਾਨ ਦਾ ਬਦਲਣਾ ਸੁਭਾਵਿਕ ਸੀ। ਸਮੇਂ ਦੀ ਤਬਦੀਲੀ ਨਾਲ ਲੜਕੀਆਂ ਨੂੰ ਲੜਕਿਆਂ ਦੇ ਬਰਾਬਰ ਹੱਕ ਮਿਲ ਗਿਆ। ਲੜਕੀਆਂ ਪੜ੍ਹਨ ਲਿਖਣ ਲੱਗੀਆਂ ਅਤੇ ਹਰ ਖੇਤਰ ਵਿਚ ਲੜਕੀਆਂ ਅੱਗੇ ਜਾ ਰਹੀਆਂ ਹਨ। ਪੜ੍ਹਿਆ ਲਿਖਿਆ ਸਮਾਜ ਕਿਸ ਕੰਮ ਦਾ ਜੇਕਰ ਸਾਂਝਾਂ ਹੀ ਨਹੀਂ। ਰਿਸ਼ਤਿਆਂ ਦੀਆਂ ਧੱਜੀਆਂ ਉੱਡ ਰਹੀਆਂ ਹਨ।

ਕਾਨੂੰਨਾਂ ਵਿਚ ਸੋਧ ਵੀ ਬਹੁਤ ਜ਼ਰੂਰੀ ਹੁੰਦਾ ਜਾ ਰਿਹਾ ਹੈ। ਪਿੱਛਲੇ ਕਾਫ਼ੀ ਦਿਨਾਂ ਤੋਂ ਅਖ਼ਬਾਰਾਂ ਵਿਚ ਪੜ੍ਹਨ ਨੂੰ ਮਿਲ ਰਿਹਾ ਹੈ ਕਿ ਲੜਕੀਆਂ ਵਿਆਹ ਕਰਵਾ ਕੇ ਜਾਂ ਮੰਗਣੀ ਕਰਵਾਉਣ ਤੋਂ ਬਾਅਦ ਵਿਦੇਸ਼ ਦਾ ਖ਼ਰਚਾ ਤਾਂ ਸਹੁਰੇ ਪਰਿਵਾਰ ਤੋਂ ਕਰਵਾਉਂਦੀਆਂ ਹਨ ਪਰ ਫੇਰ ਲੜਕੇ ਨੂੰ ਬਲਾਉਂਦੀਆਂ ਹੀ ਨਹੀਂ। ਇਵੇਂ ਦੇ ਬਹੁਤ ਸਾਰੇ ਲੋਕ ਹੁਣ ਅਖ਼ਬਾਰਾਂ ਵਿਚ ਆਪਣੇ ਨਾਲ ਹੋਈ ਠੱਗੀ ਦੀ ਗੱਲ ਕਰ ਰਹੇ ਹਨ। ਲੋਕ ਤੀਹ ਚਾਲੀ ਲੱਖ ਲਗਾ ਰਹੇ ਹਨ ਅਤੇ ਅਖੀਰ ਵਿਚ ਲੜਕੀਆਂ ਜਵਾਬ ਦੇ ਰਹੀਆਂ ਹਨ। ਇੱਥੇ ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਲੜਕੀਆਂ ਖ਼ਿਲਾਫ਼ ਸ਼ਿਕਾਇਤ ਵੀ ਥੋੜ੍ਹੇ ਕੀਤੇ ਕੋਈ ਸੁਣਦਾ ਹੀ ਨਹੀਂ। ਮਾਫ਼ ਕਰਨਾ ਬਰਾਬਰਤਾ ਦਾ ਮਤਲਬ, ਦਾ ਮਤਲਬ ਹੈ ਹਰ ਕਿਸੇ ਨੂੰ ਸੁਣਿਆ ਜਾਵੇ ਅਤੇ ਜਿਸ ਦੀ ਗ਼ਲਤੀ ਹੈ ਉਸ ਨੂੰ ਸਜ਼ਾ ਮਿਲੇ। ਜਦੋਂ ਬਿਨਾਂ ਦਹੇਜ ਦੇ ਬਾਅਦ ਵੀ ਲੜਕੀਆਂ ਦੇ ਪਰਿਵਾਰ ਵੱਡੀਆਂ ਰਕਮਾਂ ਮੰਗਦੇ ਹਨ ਅਤੇ ਲੜਕੇ ਦੇ ਮਾਪੇ, ਰਿਸ਼ਤੇਦਾਰ ਅਤੇ ਲੜਕੇ ਨੂੰ ਖ਼ੱਜਲ਼ ਕਰਨ ਵਿਚ ਕੋਈ ਕਸਰ ਨਹੀਂ ਛੱਡਦਾ। ਹੁਣ ਲੜਕਿਆਂ ਵਾਲੇ ਆਏ ਦਿਨ ਲੁੱਟੇ ਜਾ ਰਹੇ ਹਨ। ਸਮਾਜ ਬਣਿਆ ਰਹੇ, ਇਸ ਲਈ ਰਿਸ਼ਤਿਆਂ ਨੂੰ ਜਿਉਂਦੇ ਰੱਖਣਾ ਜ਼ਰੂਰੀ ਹੈ।

ਇਸ ਵਕਤ ਲੜਕੀਆਂ ਦੇ ਮਾਪਿਆਂ ਵੱਲੋਂ ਧੀਆਂ ਦੇ ਘਰਾਂ ਵਿਚ ਦਖ਼ਲ ਜ਼ਰੂਰਤ ਨਾਲੋਂ ਵਧੇਰੇ ਹੋ ਗਿਆ ਹੈ। ਕੁਝ ਦਹਾਕੇ ਪਹਿਲਾਂ ਲੜਕੀਆਂ ਦਾ ਮਾਪਿਆਂ ਦੇ ਘਰ ਵਾਰ-ਵਾਰ ਆਉਣਾ ਠੀਕ ਨਹੀਂ ਸਮਝਦੇ ਸੀ। ਧੀ ਦੇ ਸਹੁਰੇ ਪਰਿਵਾਰ ਵਿਚ ਦਖ਼ਲ ਨਹੀਂ ਦਿੱਤਾ ਜਾਂਦਾ ਸੀ। ਦਹੇਜ ਦਾ ਮਸਲਾ ਉੱਠਿਆ ਤਾਂ ਲੜਕੀਆਂ ਲਈ ਕਾਨੂੰਨ ਬਣ ਗਿਆ। ਉਸ ਵਿਚ ਦਹੇਜ ਲੈਣ ਅਤੇ ਦੇਣ ਵਾਲੇ ਦੋਨੋਂ ਗੁਨਾਹਗਾਰ ਹਨ ਪਰ ਉਸ ਨੂੰ ਸਿਰਫ਼ ਇਕ ਪਾਸੜ ਵਰਤਿਆ ਗਿਆ। ਇਸ ਦੀ ਇਸ ਵਕਤ ਧੜੱਲੇ ਨਾਲ ਦੁਰਵਰਤੋਂ ਹੋ ਰਹੀ ਹੈ। ਲੜਕਿਆਂ ਦੇ ਮਾਪੇ ਤੰਗ ਪਰੇਸ਼ਾਨ ਹੋ ਕੇ ਘਰ ਛੱਡ ਰਹੇ ਹਨ ਜਾਂ ਉਨ੍ਹਾਂ ਨੂੰ ਬਿਰਧ ਆਸ਼ਰਮਾਂ ਵਿਚ ਛੱਡਿਆ ਜਾ ਰਿਹਾ ਹੈ। ਲੜਕਿਆਂ ਦੇ ਮਾਪੇ ਬਹੁਤ ਪਰੇਸ਼ਾਨ ਹੋ ਰਹੇ ਹਨ। ਜਦੋਂ ਪਤਾ ਹੈ ਕਿ ਇਸ ਦੀ ਵਰਤੋਂ ਗ਼ਲਤ ਹੋ ਰਹੀ ਹੈ ਤਾਂ ਇਸ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਰਿਸ਼ਤੇ ਕਿੱਲੀ ਟੰਗੇ ਜਾ ਰਹੇ ਹਨ।

ਲੜਕੀਆਂ ਪੜ੍ਹੀਆਂ ਲਿਖੀਆਂ ਹਨ, ਲੜਕਿਆਂ ਦੇ ਬਰਾਬਰ ਹਨ ਜਿਵੇਂ ਲੜਕੇ ਨੇ ਆਪਣੀ ਜ਼ਿੰਦਗੀ ਸ਼ੁਰੂ ਕਰਨੀ ਹੈ ਲੜਕੀਆਂ ਵੀ ਕਰਨ। ਉਨ੍ਹਾਂ ਦੇ ਮਾਪਿਆਂ ਦੀ ਜਿੱਥੇ ਦਖ਼ਲ-ਅੰਦਾਜ਼ੀ ਸਾਬਿਤ ਹੋ ਰਹੀ ਹੈ ਉੱਥੇ ਉਨ੍ਹਾਂ ਨੂੰ ਦੋਸ਼ੀ ਮੰਨਿਆ ਜਾਵੇ। ਇੱਥੇ ਧਿਆਨ ਰੱਖਣਾ ਚਾਹੀਦਾ ਹੈ ਕਿ ਸਮਾਜ ਵਾਸਤੇ ਜੇਕਰ ਅਜਿਹੇ ਕਦਮ ਨਾ ਚੁੱਕੇ ਤਾਂ ਪਰਿਵਾਰਾਂ ਦਾ ਢਾਂਚਾ ਖ਼ਤਰੇ ਦੇ ਹਾਸ਼ੀਏ ਨੂੰ ਟੱਪ ਜਾਵੇਗਾ। ਜੇਕਰ ਲੜਕੀਆਂ ਦੀਆਂ ਮਾਵਾਂ ਜਾਂ ਪਰਿਵਾਰ ਨੇ ਲੜਕੀ ਨੂੰ ਆਪਣੇ ਅਨੁਸਾਰ ਚਲਾਉਣਾ ਹੈ ਤਾਂ ਬਿਹਤਰ ਹੈ। ਰਿਸ਼ਤਿਆਂ ਨੂੰ ਸਮਝਣਾ ਬਹੁਤ ਜ਼ਰੂਰੀ ਹੈ। ਲੜਕੇ ਦੇ ਮਾਪੇ ਕਿਸੇ ਵੀ ਤਰ੍ਹਾਂ ਤੁਹਾਡੇ ਤੋਂ ਘੱਟ ਸਮਝਦਾਰ ਨਹੀਂ ਹੋ ਸਕਦੇ। ਇਹ ਤੁਹਾਡਾ ਭਰਮ ਹੈ ਕਿ ਤੁਸੀਂ ਉਨ੍ਹਾਂ ਤੋਂ ਵਧੇਰੇ ਬੁੱਧੀਮਾਨ ਹੋ। •

98150-30221



# ਲਿਆ ਤੰਗਲੀ ਨਸੀਬਾਂ ਨੂੰ ਫਰੋਲੀਏ...

ਪਰਮਜੀਤ ਕੌਰ ਸਰਹਿੰਦ

ਸਾਡੇ ਪਿੰਡ ਦੇ ਲੋਕ ਤਾਂ ‘ਨਮਾਣੀ ਕਾਰਸੀ’ ਨੂੰ ਵੀ ਜਿਵੇਂ ਨਿੱਕਾ ਜਿਹਾ ਤਿਉਹਾਰ ਹੀ ਬਣਾ ਲੈਂਦੇ। ਜੇਠ ਸੁਦੀ ਇਕਾਦਸ਼ੀ ਨੂੰ ਸਾਡੇ ਪੇਂਡੂ ਲੋਕ ‘ਨਮਾਣੀ ਕਾਰਸੀ’ ਕਹਿੰਦੇ ਹਨ ਉਂਜ ਇਸ ਨੂੰ ਨਿਰਜਲਾ ਇਕਾਦਸ਼ੀ ਕਿਹਾ ਜਾਂਦਾ ਹੈ। ਪਿੰਡਾਂ ਦੇ ਲੋਕ ਨਮਾਣੀ ਕਾਰਸੀ ਨੂੰ ਵੀ ਛੋਟੇ-ਮੋਟੇ ਤਿਉਹਾਰ ਵਾਂਗੂ ਮਨਾਉਂਦੇ ਸਨ। ਪਿੰਡ ਦੇ ਲੋਕ ਘਰਾਂ ਵਿੱਚੋਂ ਦੇਸੀ ਖੰਡ ਜਾਂ ਸ਼ੱਕਰ ਇਕੱਠੀ ਕਰ ਲੈਂਦੇ ਤੇ ਪਿੰਡ ਦੇ ਬਾਹਰ ਵਗਦੇ ਰਾਹ ਉੱਤੇ ਮਿੱਠੇ ਪਾਣੀ ਦੀ ਛਬੀਲ ਲਾ ਲੈਂਦੇ। ਆਉਂਦੇ-ਜਾਂਦੇ ਰਾਹੀਆਂ ਨੂੰ ਰੋਕ ਕੇ ਮਿੱਠਾ ਪਾਣੀ ਪਿਲਾਉਂਦੇ। ਮਿੱਠੇ ਵਾਲੇ ਪਾਣੀ ਵਿਚ ਥੋੜ੍ਹਾ ਜਿਹਾ ਦੁੱਧ ਮਿਲਾਇਆ ਹੁੰਦਾ ਤੇ ਉਹ ਮਿੱਠੀ ਕੱਚੀ ਲੱਸੀ ਬਣ ਜਾਂਦੀ ਜੋ ਬਹੁਤ ਹੀ ਸੁਆਦ ਹੁੰਦੀ। ਕਈ ਥਾਈਂ ਲੋਕ ਬਰਫ਼ ਦੀ ਸਿਲ ਲਿਆ ਕੇ ਬੋਰੀਆਂ ਵਿਚ ਲਪੇਟ ਰੱਖਦੇ ਤੇ ਠੰਢਾ-ਮਿੱਠਾ ਪਾਣੀ ਪਿਲਾਉਂਦੇ ਪਰ ਪੁਰਾਣੇ ਸਮੇਂ ਪਿੰਡਾਂ ਵਿਚ ਬਰਫ਼ ਛੇਤੀ ਕੀਤਿਆ ਨਹੀਂ ਸੀ ਮਿਲਦੀ। ਪਿਛਲੇ ਸਮੇਂ ਵਿਚ ਖੇਤੀ ਦੇ ਕੰਮ ਲਈ ਰੱਖੇ ਇਹ ਨੌਕਰ ਭਾਵ ਸਾਂਝੀ-ਸੀਰੀ, ਕਿਸਾਨ ਤੋਂ ਪੈਸੇ ਨਹੀਂ ਬਲਕਿ ਜਿਣਸ (ਅਨਾਜ) ਦਾ ਬਣਦਾ ਹਿੱਸਾ ਲੈਂਦੇ ਸਨ ਜੋ ਉਨ੍ਹਾਂ ਨੂੰ ਫ਼ਸਲ ਆਉਣ ਸਾਰ ਦਿੱਤਾ ਜਾਂਦਾ ਸੀ। ਇਹ ਹਿੱਸਾ ਕਿਸਾਨ ਦੀ ਫ਼ਸਲ ਵਿੱਚੋਂ ਖੇਤੀ ਦਾ ਕੰਮ ਕਰਨ ਵਾਲੇ ਘਰ ਦੇ ਜੀਆਂ, ਬਲਦਾਂ ਦੀਆਂ ਜੋਗਾਂ ਤੇ ਬੋਤਿਆਂ ਦੇ ਹਿਸਾਬ ਨਾਲ ਦਿੱਤਾ ਜਾਂਦਾ। ਜਿਵੇਂ ਕੰਮ ਕਰਨ ਵਾਲੇ ਘਰ ਦੇ ਤਿੰਨ ਜੀਅ ਹੁੰਦੇ, ਦੋ ਜੋਗਾਂ (ਚਾਰ ਬਲਦ) ਤੇ ਇਕ ਬੋਤਾ ਹੁੰਦਾ ਤਾਂ ਇਹ ਕੁੱਲ ਨੌਂ ਹਿੱਸੇ ਬਣਦੇ। ਵਰਣਨਯੋਗ ਹੈ ਕਿ ਬੋਤੇ ਦਾ ਹਿੱਸਾ ਦੁੱਗਣਾ ਹੁੰਦਾ ਅਰਥਾਤ ਤਿੰਨ ਬੰਦੇ ਤੇ ਚਾਰ ਬਲਦ, ਕੁਲ ਸੱਤ ਹਿੱਸੇ ਬਣਦੇ ਤੇ ਦੋ ਹਿੱਸੇ ਬੋਤੇ ਦੇ ਪਾ ਕੇ ਨੌਂ ਹਿੱਸੇ ਹੁੰਦੇ ਦਸਵਾਂ ਹਿੱਸਾ ਸੀਰੀ ਦਾ ਹੁੰਦਾ। ਜੇ ਕਿਸਾਨ ਦੀ ਜਿਣਸ ਦਸ ਮਣ ਹੁੰਦੀ ਤਾਂ ਇਸ ਹਿਸਾਬ ਉਸ ਦਾ ਦਸਵਾਂ ਹਿੱਸਾ ਇਕ ਮਣ (40 ਸੇਰ) ਹੁੰਦਾ। ਜੇ ਤੋਲ-ਤੁਲਾਈ ਦਾ ਕੋਈ ਫੌਰੀ ਜੁਗਾੜ ਨਾ ਹੁੰਦਾ ਤਾਂ ਪੀਪਿਆਂ ਨਾਲ ਗਿਣਤੀ-ਮਿਣਤੀ ਕਰ ਲਈ ਜਾਂਦੀ। ਜੇ ਕਿਸੇ ਸੀਰੀ ਕੋਲ ਇਕ ਬਲਦ ਹੁੰਦਾ ਤਾਂ ਉਹ ਆਪਣੇ ਬਲਦ ਦੀ ਸਾਂਝ ਪਾ ਕੇ ਇਕ ਹਿੱਸਾ ਵਧਾ ਲੈਂਦਾ। ਉਨ੍ਹਾਂ ਸਮਿਆਂ ਵਿਚ ਸੀਰੀ ਨੂੰ ਨਕਦ ਪੈਸੇ ਦੀ ਲੋੜ ਸਮੇਂ ਜ਼ਿਮੀਦਾਰ ਪੈਸੇ ਵੀ ਦੇ ਦਿੰਦਾ ਤੇ ਫ਼ਸਲ ਆਈ ਤੋਂ ਹਿਸਾਬ ਕਰ ਲੈਂਦਾ। ਆਮ ਤੌਰ ’ਤੇ ਸਾਂਝੀ-ਸੀਰੀ ਜਿਣਸ ਨਾਲ ਹੀ ਗੁਜ਼ਾਰਾ ਕਰਦੇ ਪਰ ਕਿਸੇ ਵਿਆਹ-ਸ਼ਾਦੀ ਜਾਂ ਦੁੱਖ-ਤਕਲੀਫ਼ ਸਮੇਂ ਨਕਦ ਰਾਸ਼ੀ ਲੋੜ ਅਨੁਸਾਰ ਲੈ ਲੈਂਦੇ। ਸਾਂਝੀ-ਸੀਰੀ ਦੀ ਧੀ-ਭੈਣ ਦੇ ਵਿਆਹ ਮੌਕੇ ਜ਼ਿਮੀਦਾਰ ਵੱਲੋਂ ਕੱਪੜਾ-ਲੀੜਾ ਤੇ ਹੋਰ ਮਾਇਕ ਮੱਦਦ ਕੀਤੀ ਜਾਂਦੀ। ਸੰਤ ਰਾਮ ਉਦਾਸੀ ਦਾ ਪ੍ਰਸਿੱਧ ਗੀਤ ਉਨ੍ਹਾਂ ਦੀ ਅੰਤਰੀਵ ਸਾਂਝ ਦੀ ਬਾਤ ਪਾਉਂਦਾ ਹੈ। ਗੀਤ ਦੀਆਂ ਕੁਝ ਸਤਰਾਂ ਪੇਸ਼ ਹਨ :

*ਗਲ਼ ਲੱਗ ਕੇ ਸੀਰੀ ਦੇ ਜੱਟ ਰੋਇਆ*
*ਬੋਹਲ਼ਾਂ ਵਿੱਚੋਂ ਨੀਰ ਵਗਿਆ,*
*ਲਿਆ ਤੰਗਲੀ ਨਸੀਬਾਂ ਨੂੰ ਫਰੋਲੀਏ*
*ਤੂੜੀ ਵਿੱਚੋਂ ਪੁੱਤ ਜੱਗਿਆ।*
*ਸਾਡੇ ਪਿੜ ਵਿਚ ਤੇਰੇ ਗਲ਼ ਚੀਥੜੇ*
*ਨੀ ਮੇਰੀਏ ਜੁਆਨ ਕਣਕੇ,*
*ਕੱਲ੍ਹ ਸ਼ਾਹਾਂ ਦੇ ਗੁਦਾਮਾਂ ਵਿੱਚੋਂ ਨਿਕਲੇਂ*
*ਤੂੰ ਸੋਨੇ ਦਾ ਪਟੋਲਾ ਬਣਕੇ।*
*ਤੂੰ ਵੀ ਬਣ ਗਿਆ ਗ਼ਮਾਂ ਦਾ ਗਮੰਤਰੀ*
*ਓ, ਮੇਰੇ ਬੇਜ਼ੁਬਾਨ ਢੱਗਿਆ*
*ਗਲ਼ ਲੱਗ ਕੇ ਸੀਰੀ ਦੇ ਜੱਟ ਰੋਇਆ*
*ਬੋਹਲ਼ਾਂ ਵਿੱਚੋਂ ਨੀਰ ਵਗਿਆ...*

ਕਿਸਾਨ ਹਾਲ਼ੀ ਜਾਂ ਸੀਰੀ ਦਾ ਇਨ੍ਹਾਂ ਬੇਜ਼ੁਬਾਨ ਢੱਗਿਆਂ (ਬਲਦਾਂ) ਨਾਲ ਵੀ ਲੋਹੜੇ ਦਾ ਮੋਹ ਹੁੰਦਾ। ਹਲ਼ ਵਹੁੰਦਿਆਂ ਜਦੋਂ ਇਨ੍ਹਾਂ ਦੀ ਰੋਟੀ ਆਉਂਦੀ ਤਾਂ ਇਹ ਪਹਿਲਾਂ ਆਪਣੇ ਬਲਦਾਂ ਦੇ ਮੂੰਹ ਵਿਚ ਬੁਰਕੀ ਪਾਉਂਦੇ ਫਿਰ ਆਪ ਖਾਂਦੇ। ਇਹ ਮਿਹਨਤੀ ਲੋਕ ਤਨਾਂ ਦੇ ਚੀੜ੍ਹੇ ਪਰ ਮਨਾਂ ਦੇ ਨਰਮ ਹੁੰਦੇ। ਰੋਟੀ ਖਾਣ ਲੱਗੇ ਇਹ ਖੇਤ ’ਚ ਫਿਰਦੇ ਕੁੱਤੇ ਨੂੰ ਵੀ ਜ਼ਰੂਰ ਰੋਟੀ ਪਾਉਂਦੇ ਤੇ ਇਹ ਕੁੱਤੇ ਸਮੇਂ ਸਿਰ ਉੱਥੇ ਜ਼ਰੂਰ ਹਾਜ਼ਰ ਹੋ ਜਾਂਦੇ। ਕਿਸਾਨਾਂ ਦਾ ਪੱਕਾ ਅਸੂਲ ਹੁੰਦਾ ਕਿ ਉਹ ਨਵੀਂ ਆਈ ਹਰ ਫ਼ਸਲ ਵਿੱਚੋਂ ਸਰਦਾ-ਪੁੱਜਦਾ ਹਿੱਸਾ ਕਿਸੇ ਧਰਮ ਸਥਾਨ ਲਈ ਜ਼ਰੂਰ ਦਿੰਦੇ ਸਨ ਅੱਜ ਵੀ ਇਹ ਪਿਰਤ ਬਹੁਤੇ ਲੋਕਾਂ ਵਿੱਚ ਕਾਇਮ ਹੈ ਪਰ ਵਰਤਮਾਨ ਸਮੇਂ ਕਾਰਸੇਵਾ ਵਾਲੇ ਜਾਂ ਕੋਈ ਧਰਮ ਸਥਾਨਾ ਵਾਲੇ ਆਪ ਜਾ ਕੇ ਹੀ ਕਣਕ ਜਾਂ ਹੋਰ ਅਨਾਜ ਲੈ ਆਉਂਦੇ ਹਨ। ਨਮਾਣੀ ਕਾਰਸੀ ਨੂੰ ਇਨ੍ਹਾਂ ਹਾਲ਼ੀਆਂ-ਸੀਰੀਆਂ ਦਾ ਇਹ ਵੀ ਨਿਯਮ ਹੁੰਦਾ ਹੈ ਕਿ ਇਹ ਬਲਦਾਂ ਨੂੰ ‘ਛੁੱਟੀ’ ਕਰਦੇ। ਉਸ ਦਿਨ ਉਨ੍ਹਾਂ ਨੂੰ ਹਲ਼ ਜਾਂ ਖੂਹ ਨੂੰ ਨਾ ਜੋੜਿਆ ਜਾਂਦਾ ਬਲਕਿ ਉਨ੍ਹਾਂ ਨੂੰ ਖਰਖਰਾ ਆਦਿ ਕਰ ਕੇ ਸਿੰਙਾਂ ਨੂੰ ਤੇਲ ਲਾਇਆ ਜਾਂਦਾ। ਬਹੁਤ ਸਾਰੇ ਕਿਸਾਨ ਹਰ ਕਾਰਸੀ ਨੂੰ ਭਾਵ ਮਹੀਨੇ ਦੇ ਮਹੀਨੇ ਇਨ੍ਹਾਂ ਗਊ ਜਾਇਆਂ ਨੂੰ ਆਰਾਮ ਕਰਵਾਉਂਦੇ। ਭਾਵੇਂ ਅੱਜ ਦੇ ਸਮੇਂ ਬਲਦਾਂ ਨਾਲ ਖੇਤੀ ਬਹੁਤ ਘੱਟ ਕੀਤੀ ਜਾਂਦੀ ਹੈ ਪਰ ਜਿਸ ਕਿਸਾਨ ਕੋਲ ਬਲਦ ਹਨ ਉਹ ਅੱਜ ਵੀ ਕਾਰਸੀ ਦੇ ਦਿਨ ਬਲਦਾਂ ਨੂੰ ਕੰਮ ਨਹੀਂ ਲਾਉਂਦਾ। ਇਹ ਵੀ ਜ਼ਿਕਰਯੋਗ ਹੈ ਕਿ ਕਿਸਾਨ ਵੱਲੋਂ ਜੇ ਕੋਈ ਜ਼ਮੀਨ ਗਹਿਣੇ ਕੀਤੀ ਹੁੰਦੀ ਸੀ ਜਾਂ ਬੇਚੀ ਹੁੰਦੀ ਸੀ ਉਸ ਦਾ ਕਬਜ਼ਾ ਵੀ ਨਮਾਣੀ ਕਾਰਸੀ ਨੂੰ ਹੀ ਦਿੱਤਾ ਜਾ ਲਿਆ ਜਾਂਦਾ।

ਸਾਂਝੀ ਤੇ ਕਿਸਾਨ ਦੀ ਸਾਂਝ ਕਈ ਵਾਰ ਕਈ ਪੀੜ੍ਹੀਆਂ ਤਕ ਨਿਭ ਜਾਂਦਾ। ਇਨ੍ਹਾਂ ਦੀਆਂ ਮਾਵਾਂ ਜਾਂ ਪਤਨੀਆਂ ਭਾਵ ਪਰਿਵਾਰ ਵੀ ਜ਼ਿਮੀਦਾਰਾਂ ਦੇ ਖੇਤਾਂ ਜਾਂ ਘਰਾਂ ਵਿਚ ਕੰਮ ਕਰਦੀਆਂ ਉਨ੍ਹਾਂ ਨੂੰ ਵੱਖਰਾ ਮਿਹਨਤਾਨਾ ਦਿੱਤਾ ਜਾਂਦਾ। ਇਹ ਕੱਚੇ ਘਰਾਂ ਨੂੰ ਲਿੱਪਣ-ਪੋਚਣ ਤੇ ਅਨਾਜ ਪੀਹਣ-ਛੱਟਣ ਦਾ ਕੰਮ ਕਰ ਦਿੰਦੀਆਂ। ਇਸ ਤਰ੍ਹਾਂ ਕਿਸਾਨ ਤੇ ਸੀਰੀਆਂ ਦੀ ਪਰਿਵਾਰਕ ਸਾਂਝ ਬਣ ਜਾਂਦੀ। ਇਹ ਸਾਂਝੀ-ਸੀਰੀ ਮਿਹਨਤਕਸ਼ ਜਾਤੀਆਂ ਵਿੱਚੋਂ ਹੁੰਦੇ ਪਰ ਕਈ ਵਾਰ ਕਿਸੇ ਮੁਸੀਬਤ ਦਾ ਮਾਰਿਆ ਜ਼ਿਮੀਦਾਰ ਪਰਿਵਾਰ ਦਾ ਕੋਈ ਜੀਅ ਵੀ ਬਰਾਬਰ ਦੇ ਭਾਈ ਨਾਲ ਸੀਰੀ ਰਲਣ ਲਈ ਮਜਬੂਰ ਹੋ ਜਾਂਦਾ। ਇਹ ਲੋਕ ਇਸ ਦੀ ਨਮੋਸ਼ੀ ਮੰਨਦੇ। ਸੀਰੀ ਜਾਂ ਸਾਂਝੀ ਪੇਂਡੂ ਜਨਜੀਵਨ ਦਾ ਅਹਿਮ ਹਿੱਸਾ ਹੁੰਦੇ। ਅਜੋਕੇ ਸਮੇਂ ਸਾਂਝੀ-ਸੀਰੀ ਦੀ ਰਵਾਇਤ ਖ਼ਤਮ ਹੀ ਹੋ ਚੁੱਕੀ ਹੈ। ਪੁਰਾਣੇ ਸਮੇਂ ਦੇ ਸਾਂਝੀਆਂ ਵਾਲੀ ਸਾਂਝ ਕਿਸੇ ਵਿਰਲੇ ਦੀ ਹੀ ਹੈ। ਅੱਗੇ ਤੋਂ ਇਹ ਸਾਂਝੀ-ਸੀਰੀ ਸ਼ਬਦ ਕਿਤਾਬਾਂ ਵਿਚ ਹੀ ਮਿਲੇਗਾ ਅਸਲੀ ਰੂਪ ਵਿਚ ਕਿਤੇ ਨਹੀਂ ਲੱਭੇਗਾ। •

98728-98599

### ਆਤਮਾ ’ਤੇ ਪਰਦਾ

*ਪੁਰਾਣੇ ਪੇਂਡੂ ਕਿਸਾਨ ਤਬਕੇ ਲਈ ’ਸਾਂਝੀ-ਸੀਰੀ’ ਬਹੁਤ ਮਹੱਤਵ ਰੱਖਦਾ ਸੀ ਕਿਉਂਕਿ ਉਹ ਮਸ਼ੀਨੀ ਯੁੱਗ ਨਹੀਂ ਸੀ ਤੇ ਸਾਰਾ ਕੰਮ ਹੱਥੀਂ ਕਰਨਾ ਪੈਂਦਾ ਸੀ। ਖੇਤੀ-ਪੱਤੀ ਦੇ ਕੰਮ ਲਈ ਰੱਖੇ ਕਾਮੇ ਜਾਂ ਨੌਕਰ ਨੂੰ ਸਾਂਝੀ ਜਾਂ ਸੀਰੀ ਕਿਹਾ ਜਾਂਦਾ। ਸਾਂਝੀ ਰੱਖਣ ਲਈ ਕਿਸਾਨਾਂ ਨੇ ‘ਨਮਾਣੀ ਕਾਰਸੀ’ ਦਾ ਦਿਨ ਮਿਥਿਆ ਹੁੰਦਾ। ਇਸ ਦਿਨ ਕਿਸਾਨ ਸੀਰੀ ਰਲਾਉਂਦੇ ਤੇ ਉਸ ਨਾਲ ਸਾਲ ਭਰ ਦੇ ਕੰਮ ਲਈ ਮਿਹਨਤਾਨਾ ਤਹਿ ਕਰਦੇ। ਪਹਿਲਾਂ ਤੋਂ ਕੰਮ ਕਰਦੇ ਸੀਰੀ ਨੂੰ ਦੁਬਾਰਾ ਰੱਖ ਕੇ ਨਵੇਂ ਸਿਰੇ ਤੋਂ ਹਿਸਾਬ-ਕਿਤਾਬ ਕਰਦੇ ਸਨ।*

# ਰਾਮ ਭਾਰਤ ਦੀ ਆਤਮਾ, ਰਾਮ ਭਾਰਤ ਦੀ ਸੰਸਕ੍ਰਿਤੀ ਅਤੇ ਸੰਸਕਾਰ : ਮੁੱਖ ਮੰਤਰੀ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ਼੍ਰੀ ਰਾਮ ਭਾਰਤ ਦੀ ਆਤਮਾ ਹਨ, ਸੰਸਕਾਰ ਹਨ ਅਤੇ ਇਸ ਰਾਸ਼ਟਰ ਦੀ ਸੰਸਕ੍ਰਿਤੀ ਦਾ ਆਧਾਰ ਹਨ। ਪਰ ਇਹ ਮੰਦਭਾਗੀ ਹੈ ਕਿ ਵਿਰੋਧੀ ਪਾਰਟੀ ਕਾਂਗਰਸ ਇਸ ਪਵਿੱਤਰ ਨਾਮ ਤੋਂ ਨਫਰਤ ਕਰਦਾ ਹੈ। ਕਾਂਗਰਸ ਹਮੇਸ਼ਾ ਰਾਮ ਦੇ ਨਾਮ ਨੂੰ ਲੈ ਕੇ ਵਿਰੋਧ ਕਰਦੀ ਰਹੀ ਹੈ। ਇਨ੍ਹਾਂ ਦੇ ਵੱਡੇ ਨੇਤਾਵਾਂ ਨੇ ਰਾਮ ਸੇਤੂ 'ਤੇ ਵੀ ਇਤਰਾਜ ਦਰਜ ਕਰਾਇਆ। ਕਾਂਗਰਸ ਰਾਮ ਵਿਰੋਧੀ ਹੈ। ਵਿਰੋਧੀ ਧਿਰ ਦੇ ਮੈਂਬਰ ਸਦਨ ਵਿੱਚ ਚਰਚਾ ਕਰਨ ਦੀ ਥਾਂ ਲੋਕਾਂ ਦੇ ਵਿੱਚ ਜਾ ਕੇ ਝੂਠ ਬੋਲਦੇ ਹਨ, ਇਸ ਲਈ ਇੱਕ ਨਿੰਦਾ ਪ੍ਰਸਤਾਵ ਪਾਸ ਕੀਤਾ ਜਾਣਾ ਚਾਹੀਦਾ ਹੈ।

ਮੁੱਖ ਮੰਤਰੀ ਵੀਰਵਾਰ ਨੂੰ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਵਿਧਾਇਕ ਸ੍ਰੀ ਰਾਮ ਕੁਮਾਰ ਕਸ਼ਪ ਵੱਲੋਂ ਵੀਬੀ ਜੀ ਰਾਮ ਜੀ 'ਤੇ ਲਿਆਏ ਗਏ ਪ੍ਰਸਤਾਵ 'ਤੇ ਬੋਲ ਰਹੇ ਸਨ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਾਰਿਆਂ ਨੂੰ ਪਤਾ ਹੈ ਕਿ ਵਿਰੋਧੀ ਧਿਰ ਦੇ ਸਮੇਂ ਵਿੱਚ ਕਿਸੇ ਤਰ੍ਹਾ ਇਹ ਸਦਨ ਤੋਂ ਬਾਹਰ ਉਠਾ ਕੇ ਫੇਂਕ ਦਿੰਦੇ ਸਨ। ਪਰ ਅੱਜ ਕਿਸੇ ਦੇ ਪ੍ਰਤੀ ਅਜਿਹੀ ਸੋਚ ਨਹੀਂ ਹੈ। ਅੱਜ ਸੱਭ ਨੂੰ ਬੈਠ ਕੇ ਸੁਣਿਆ ਜਾਂਦਾ ਹੈ। ਕਿਸੇ ਦੇ ਪ੍ਰਤੀ ਕੋਈ ਗਲਤ ਭਾਵਨਾ ਨਹੀਂ ਹੈ। ਵਿਧਾਨਸਭਾ ਸਪੀਕਰ ਵੱਲੋਂ ਸੱਭ ਨੂੰ ਸਮੇਂ ਦਿੱਤਾ ਜਾਂਦਾ ਹੈ। ਪਰ ਇਸ ਦੇ ਬਾਵਜੂਦ ਵੀ ਵਿਰੋਧੀ ਧਿਰ ਦੇ ਮੈਂਬਰ ਇੱਥੇ ਬੈਠ ਕੇ ਚਰਚਾ ਨਹੀਂ ਕਰਦੇ।

ਉਨ੍ਹਾਂ ਨੇ ਕਿਹਾ ਕਿ ਵਿਰੋਧੀ ਪਾਰਟੀ ਰਾਮ ਨਾਮ ਤੋਂ ਇੰਨ੍ਹੀ ਨਫਰਤ ਕਰਦੀ ਹੈ ਕਿ ਉਹ ਇੱਥੇ ਬੈਠ ਕੇ ਸੁਣ ਵੀ ਨਹੀਂ ਪਾਏ। ਗਰੀਬ ਦੀ ਆਸ ਦਾ ਪ੍ਰਸਤਾਵ ਵਿਧਾਇਕ ਵੱਲੋਂ ਲਿਆਇਆ ਗਿਆ ਹੈ ਅਤੇ ਕਾਂਗਰਸ ਇਸ ਨੂੰ ਸੁਨਣ ਲਈ ਤਿਆਰ ਹੀ ਨਹੀਂ।



ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੇ ਮਾਰਗਦਰਸ਼ਨ ਵਿੱਚ ਮਨਰੇਗਾ ਦਾ ਨਾਮ ਬਦਲ ਕੇ ਵਿਕਸਿਤ ਭਾਰਤ-ਗਾਰੰਟੀ ਫਾਰ ਰੁਜ਼ਗਾਰ ਅਤੇ ਆਜੀਵਿਕਾ ਮਿਸ਼ਨ (ਗ੍ਰਾਮੀਣ): (ਵਿਕਸਿਤ ਭਾਰਤ-ਜੀ ਰਾਮ ਜੀ) ਕੀਤਾ ਗਿਆ ਹੈ। ਇਸ ਦੇ ਤਹਿਤ 100 ਦਿਨ ਦੇ ਕੰਮ ਦਿਨ ਦੀ ਸੀਮਾ ਨੂੰ ਵਧਾ ਕੇ 125 ਦਿਨ ਕੀਤਾ ਗਿਆ ਹੈ।

ਪਰ ਕਾਂਗਰਸ ਮਜਦੂਰਾਂ ਵਿੱਚ ਗੁਮਰਾਹ ਕਰਨ ਵਾਲਾ ਪ੍ਰਚਾਰ ਕਰ ਰਿਹਾ ਹੈ। ਜਦੋਂ ਕਿ ਉਨ੍ਹਾਂ ਦੇ ਸਮੇਂ ਵਿੱਚ ਤਾਂ ਮਨਰੇਗਾ ਤਹਿਤ ਸਿਰਫ ਗੱਢੇ ਖੋਦਣ ਅਤੇ ਭਰਨ ਦਾ ਹੀ ਕੰਮ ਮਿਲਦਾ ਸੀ, ਪਰ ਵੀਬੀ ਜੀ ਰਾਮ ਜੀ ਤਹਿਤ ਕੰਮਾਂ ਦਾ ਵੀ ਵਿਸਤਾਰ ਕੀਤਾ ਗਿਆ ਹੈ, ਜਿਸ ਨਾਲ ਮਜਦੂਰਾਂ ਨੂੰ ਵੱਧ ਕੰਮ ਮਿਲੇਗਾ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਨਰੇਗਾ ਦਾ ਨਾਮ ਕਾਂਗਰਸ ਦੇ ਸਮੇਂ ਵਿੱਚ ਬਦਲਿਆ ਗਿਆ। ਉਨ੍ਹਾਂ ਨੇ ਕਿਹਾ ਕਿ ਕੇਂਦਰੀ ਖੇਤੀਬਾੜੀ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਪਿਛਲੀ ਦਿਨਾਂ ਜਦੋਂ ਪੰਜਾਬ ਵਿੱਚ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ ਤਾਂ ਉਸ ਦੌਰਾਨ ਉਨ੍ਹਾਂ ਨੂੰ ਮਨਰੇਗਾ ਮਜਦੂਰਾਂ ਨੇ ਦਸਿਆ ਕਿ ਉਨ੍ਹਾਂ ਨੂੰ ਨਾ ਤਾਂ ਕੰਮ ਮਿਲਦਾ ਹੈ ਅਤੇ ਨਾ ਹੀ ਪੈਸਾ ਮਿਲਦਾ ਹੈ। ਬਹੁਤ ਭ੍ਰਿਸ਼ਟਾਚਾਰ ਹੈ। ਇਸ ਦੇ ਬਾਅਦ ਕੇਂਦਰੀ ਖੇਤੀਬਾੜੀ ਮੰਤਰੀ ਨੇ ਜਦੋਂ ਸੋਸ਼ਲ ਆਡਿਟ ਕਰਵਾਇਆ ਤਾਂ ਬਹੁਤ ਸਾਰੀ ਕਮੀਆਂ ਪਾਈਆਂ ਗਈਆਂ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਮਨਰੇਗਾ ਦੇ ਨਿਯਮ ਬਦਲਣ ਦਾ ਫੈਸਲਾ ਕੀਤਾ ਅਤੇ ਜੋ ਮਨਰੇਗਾ ਦਾ ਨਾਮ ਬਦਲ ਕੇ ਵੀਬੀ ਜੀ ਰਾਮ ਜੀ ਕੀਤਾ। ਇੰਨ੍ਹਾ ਹੀ ਨਹੀਂ, ਇਸ ਐਕਟ ਤਹਿਤ ਕਾਰਜ ਦਿਨਾਂ ਦਾ ਸਮੇਂ ਵਧਾਇਆ ਗਿਆ। ਨਾਲ ਹੀ, ਕੰਮ ਦੀ ਪ੍ਰਕ੍ਰਿਤੀ ਦਾ ਵੀ ਵਿਸਤਾਰ ਕੀਤਾ ਗਿਆ।

ਸ੍ਰੀ ਨਾਬਿ ਸਿੰਘ ਸੈਣੀ ਨੇ ਵਿਰੋਧੀ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਜਦੋਂ ਮਨਰੇਗਾ ਦਾ ਨਾਮ ਬਦਲਿਆ ਗਿਆ ਤਾਂ ਕਾਂਗਰਸ ਨੇ ਮਜਦੂਰਾਂ ਦੇ ਵਿੱਓ ਗੁਮਰਾਹ ਦੀ ਸਥਿਤੀ ਫੈਲਾਉਣ ਦਾ ਯਤਨ ਕੀਤਾ। ਪਿਛਲੇ 2 ਦਿਨ ਪਹਿਲਾਂ ਵੀ ਵਿਰੋਧੀ ਧਿਰ ਨੇ ਸੜਕ 'ਤੇ ਪ੍ਰਦਰਸ਼ਨ ਕੀਤਾ, ਜਿਸ 'ਤੇ ਹਾਈਕੋਰਟ ਨੇ ਨੋਟਿਸ ਵਿੱਚ ਲਿਆ ਕਿ ਰਸਤਾ ਬਲਾਕ ਕੀਤਾ। ਪ੍ਰਦਰਸ਼ਨ ਦੌਰਾਨ ਵਿਰੋਧੀ ਧਿਰ ਨੇ ਹੱਥਾਂ ਵਿੱਚ ਮਨਰੇਗਾ ਦੇ ਮਜਦੂਰਾਂ ਦੇ ਨਾਲ ਅਨਿਆਂ ਹੋਇਆ ਦੇ ਬੈਨਰ ਸਨ। ਉਹ ਦੱਸਣ ਕਿ ਮਜਦੂਰਾਂ ਦੇ ਨਾਲ ਕੀ ਅਨਿਆਂ ਹੋਇਆ ਹੈ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਕਾਂਗਰਸ 'ਤੇ ਨਿਸ਼ਾਨਾ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਾਲ ਹੀ ਵਿੱਚ ਨਵੀਂ ਦਿੱਲੀ ਵਿੱਚ ਆਯੋਜਿਤ ਇੰਡੀਆ ਏ ਆਈ ਸਮਿਟ ਵਿੱਚ ਕਾਂਗਰਸ ਦੇ ਯੂਥ ਕਾਰਜਕਰਤਾਵਾਂ ਨੇ ਜਿਸ ਤਰ੍ਹਾ ਦਾ ਨੰਗਾ ਨਾਚ ਕੀਤਾ ਅਤੇ ਭਾਰਤ ਦੇਸ਼ ਨੂੰ ਪੂਰੀ ਦੁਨੀਆ ਵਿੱਚ ਅਪਮਾਨਿਤ ਕਰਨ ਦਾ ਕੰਮ ਕੀਤਾ ਹੈ, ਉਸ ਦੀ ਜਿੰਨ੍ਹੀ ਨਿੰਦਾ ਕੀਤੀ ਜਾਵੇ ਉਨ੍ਹੀ ਘੱਟ ਹੈ।

ਮੁੱਖ ਮੰਤਰੀ ਵੀਰਵਾਰ ਨੂੰ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਸਦਨ ਵਿੱਚ ਬੋਲ ਰਹੇ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਆਉਣ ਵਾਲਾ ਸਮੇਂ ਆਰਟੀਫਿਸ਼ਿਅਲ ਇੰਟੇਲੀਜੈਂਸ ਦਾ ਹੈ। ਇਸੀ ਦੇ ਮੱਦੇਨਜਰ ਰਾਜ ਸਰਕਾਰ ਨੇ ਪਿਛਲੇ ਬਜਟ ਵਿੱਚ ਐਲਾਨ ਕੀਤਾ ਸੀ ਕਿ ਸਰਕਾਰ ਗੁਰੂਗ੍ਰਾਮ ਅਤੇ ਪੰਚਕੂਲਾ ਵਿੱਚ ਦੋ ਏਆਈ ਹੱਬ ਬਣਾਏਗੀ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੇ ਮਾਰਗਦਰਸ਼ਨ ਵਿੱਚ ਵਿਸ਼ਵ ਪੱਧਰ ਦੀ ਏਆਈ ਸਮਿਟ ਦਾ ਆਯੋਜਨ ਕੀਤਾ ਗਿਆ। ਇਸ ਸਮਿਟ ਵਿੱਚ ਪੂਰੀ ਦੁਨੀਆ ਤੋਂ ਲੋਕਾਂ ਨੇ ਭਾਗੀਦਾਰੀ ਕੀਤੀ। ਪਰ ਕਾਂਗਰਸ ਦੇ ਯੂਥ ਕਾਰਜਕਰਤਾਵਾਂ ਨੇ ਉੱਥੇ ਨੰਗਾ ਨਾਚ ਇਸ ਦੇਸ਼ ਨੂੰ ਦੁਨੀਆ ਵਿੱਚ ਅਪਮਾਨਿਤ ਕੀਤਾ।

# ਹਰ ਘਰ ਨਲ ਤੋਂ ਜਲ ਪਹੁੰਚਾਉਣ ਦੀ ਦਿਸ਼ਾ ਵਿੱਚ ਹਰਿਆਣਾ ਸਰਕਾਰ ਦੀ ਲਗਾਤਾਰ ਪਹਿਲ : ਰਣਬੀਰ ਗੰਗਵਾ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਜਨ ਸਿਹਤ ਇੰਜੀਨਿਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਸੰਕਲਪ ਹੈ ਕਿ ਹਰ ਘਰ ਨਲ ਤੋਂ ਜਲ ਪਹੁੰਚੇ। ਇਸ ਦਿਸ਼ਾ ਵਿੱਚ ਵਿਭਾਗ ਲਗਾਤਾਰ ਕੰਮ ਕਰ ਰਿਹਾ ਹੈ ਅਤੇ ਨਵੀਂ ਨਿੱਮਤ ਕਲੋਨਿਆਂ ਵਿੱਚ ਵੀ ਪੀਣ ਦੇ ਪਾਣੀ ਦੀ ਸਪਲਾਈ ਯਕੀਨੀ ਕੀਤੀ ਜਾ ਰਹੀ ਹੈ।

ਜਨ ਸਿਹਤ ਇੰਜੀਨਿਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ ਵੀਰਵਾਰ ਨੂੰ ਹਰਿਆਣਾ



ਵਿਧਾਨਸਭਾ ਵਿੱਚ ਚਲ ਰਹੇ ਬਜਟ ਸੈਸ਼ਨ ਦੌਰਾਨ ਵਿਧਾਇਕ ਸ੍ਰੀਮਤੀ ਗੀਤਾ ਭੁੱਕਲ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ।

ਮੰਤਰੀ ਸ੍ਰੀ ਗੰਗਵਾ ਨੇ ਕਿਹਾ ਕਿ ਹਾਲ ਹੀ ਵਿੱਚ ਝੱਜਰ ਵਿੱਚ ਕੀਤੀ ਗਈ 25 ਨਿਯਮਤ ਕਲੋਨਿਆਂ ਵਿੱਚ ਪਾਣੀ ਦੀ ਸਪਲਾਈ ਯੋਜਨਾਵਾਂ ਤਿਆਰ ਕੀਤੀ ਜਾ ਚੁੱਕੀਆਂ ਹਨ ਅਤੇ ਉਨ੍ਹਾਂ ਦੇ ਲਈ ਅੰਦਾਜਾ ਵੀ ਤਿਆਰ ਕਰ ਲਿਆ ਗਿਆ ਹੈ।

ਉਨ੍ਹਾਂ ਨੇ ਦੱਸਿਆ ਕਿ ਝੱਜਰ ਚੌਣ ਖੇਤਰ ਦੇ ਪਿੰਡ ਕਾਲਿਆਵਾਸ, ਖਾਨਪੁਰ ਕਲਾਂ, ਮੁੰਡਸਾ, ਖੌਰਾ, ਬਹੁ, ਨੌਗਾਂਵਾ, ਸਾਲਹਾਵਾਸ, ਮਾਤਨਹੇਲ, ਧਾਨਾ ਧਾਨੀਰਵਾਸ ਅਤੇ ਝੱਜਰ ਸ਼ਹਿਰ ਵਿੱਚ ਨਹਿਰ ਅਧਾਰਿਤ ਪੀਣ ਦੇ ਪਾਣੀ ਦੀ ਸਪਲਾਈ ਯੋਜਨਾਵਾਂ ਰਾਹੀਂ ਮਾਨਕ ਅਨੁਸਾਰ ਪਾਣੀ ਦੀ ਸਪਲਾਈ ਹੋ ਰਹੀ ਹੈ।

ਮੰਤਰੀ ਨੇ ਅੱਗੇ ਕਿਹਾ ਕਿ ਇਨ੍ਹਾਂ ਸਾਰੇ ਨਹਿਰ ਅਧਾਰਿਤ ਜਲਘਰਾਂ ਵਿੱਚ ਜਲ ਭੰਡਾਰਨ ਟੈਂਕਾਂ ਦੀ ਨਿਯਮਤ ਸਫਾਈ ਅਤੇ ਰੱਖਰਖਾਵ ਕੀਤਾ ਜਾਂਦਾ ਹੈ। ਨਾਲ ਹੀ ਪੀਣ ਦੇ ਪਾਣੀ ਦੀਆਂ ਪਾਇਪਲਾਇਨਾਂ ਵਿੱਚ ਰਿਸਾਵ ਦੀ ਰੋਕਥਾਮ ਅਤੇ ਮਰੱਮਤ ਲਈ ਵਿਸ਼ੇਸ਼ ਅਭਿਆਨ ਵੀ ਚਲਾਏ ਜਾਂਦੇ ਹਨ। ਗਰਮੀ ਅਤੇ ਬਰਸਾਤ ਦੇ ਮੌਸਮ ਵਿੱਚ ਪਾਇਪਲਾਇਨਾਂ ਦੀ ਵਿਸ਼ੇਸ਼ ਨਿਗਰਾਨੀ ਰੱਖੀ ਜਾਂਦੀ ਹੈ।

ਪਾਣੀ ਦੀ ਗੁਣਵੱਤਾ ਯਕੀਨੀ ਕਰਨ ਲਈ ਹਰੇਕ ਸਰੋਤ ਦੇ ਜਲ ਦੇ ਨਮੂਨਿਆਂ ਦਾ ਐਨ.ਏ.ਬੀ.ਐਲ. ਨਾਲ ਮਾਨਤਾ ਪ੍ਰਾਪਤ ਵਿਭਾਗ ਦੀ ਪ੍ਰਯੋਗਸ਼ਾਲਾਵਾਂ ਵਿੱਚ ਹਰ ਸਾਲ ਰਾਸਾਯਨਿਕ ਜਾਂਚ ਕਰਾਇਆ ਜਾਂਦਾ ਹੈ। ਉਨ੍ਹਾਂ ਨੇ ਸਪਸ਼ਟ ਕੀਤਾ ਕਿ ਜਨ ਸਿਹਤ ਇੰਜੀਨਿਅਰਿੰਗ ਵਿਭਾਗ ਵੱਲੋਂ ਕਿਸੇ ਵੀ ਤਰ੍ਹਾਂ ਦੇ ਹੈਂਡਪੰਪ ਸਥਾਪਿਤ ਨਹੀਂ ਕੀਤੇ ਗਏ ਹਨ ਅਤੇ ਝੱਜਰ ਵਿਧਾਨਸਭਾ ਖੇਤਰ ਵਿੱਚ ਹੁਣ ਤੱਕ ਕਿਸੇ ਪਿੰਡ ਜਾਂ ਸ਼ਹਿਰ ਵਿੱਚ ਪੈਕੇਟਬੰਦ ਪੀਣ ਦੇ ਪਾਣੀ ਦੀ ਸਪਲਾਈ ਦੀ ਸਥਿਤੀ ਪੈਦਾ ਨਹੀਂ ਹੋਈ ਹੈ।ਮੰਤਰੀ ਨੇ ਭਰੋਸਾ ਦਿੱਤਾ ਕਿ ਵਿਭਾਗ ਦੇ ਲਗਾਤਾਰ ਯਤਨਾਂ ਨਾਲ ਸੂਬੇ ਦੇ ਹਰ ਘਰ ਤੱਕ ਸੁਰੱਖਿਅਤ ਅਤੇ ਸਾਫ ਪਾਣੀ ਪਹੁੰਚਾਉਣ ਦਾ ਕੰਮ ਲਗਾਤਾਰ ਜਾਰੀ ਰਵੇਗਾ।

# ਆਯੁਸ਼ਮਾਨ ਯੋਜਨਾ ਤਹਿਤ ਸਰਕਾਰ ਹਰਿਆਣਾ ਵਿੱਚ ਸਿਹਤ ਸੇਵਾਵਾਂ ਨੂੰ ਕਰ ਰਹੀ ਹੈ ਮਜਬੂਤ : ਆਰਤੀ ਸਿੰਘ ਰਾਓ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਆਰੋਗਯਾ ਯੋਜਨਾ ਤਹਿਤ ਸਰਕਾਰ ਸੂਬੇ ਵਿੱਚ ਸਿਹਤ ਸੇਵਾਵਾਂ ਨੂੰ ਮਜਬੂਤ ਕਰ ਰਹੀ ਹੈ।

ਇਸ ਯੋਜਨਾ ਤਹਿਤ ਸਰਜਰੀ , ਡੇਅ ਕੇਅਰ ਉਪਚਾਰ, ਦਵਾਇਆਂ ਅਤੇ ਜਾਂਚ ਦੀ ਲਾਗਤ ਸਮੇਤ ਲਗਭਗ 2694 ਉਪਚਾਰ ਪੈਕੇਜ ਉਪਲਬਧ ਹਨ।

ਸਿਹਤ ਮੰਤਰੀ ਵੀਰਵਾਰ ਨੂੰ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ।

ਆਰਤੀ ਸਿੰਘ ਰਾਓ ਨੇ



ਦੱਸਿਆ ਕਿ 20 ਫਰਵਰੀ 2026 ਤੱਕ ਸੂਬੇ ਵਿੱਚ ਕੁੱਲ੍ਹ ਸਰਗਰਮ ਕਾਰਡਾਂ ਦੀ ਗਿਣਤੀ 1,38,47,905 ਹੈ। ਉਨ੍ਹਾਂ ਨੇ ਦੱਸਿਆ ਕਿ ਆਯੁਸ਼ਮਾਨ ਭਾਰਤ-ਚਿਰਾਯੁ ਹਰਿਆਣਾ ਯੋਜਨਾ ਤਹਿਤ ਜਨਵਰੀ 2024, ਅਕਤੂਬਰ 2024 ਅਤੇ ਜਨਵਰੀ 2026 ਦੌਰਾਨ ਕੁੱਲ੍ਹ 2694 ਉਪਚਾਰ-ਪੈਕੇਜ ਉਪਲਬਧ ਹਨ। ਇਸ ਦੇ ਇਲਾਵਾ ਉਪਰ ਦਿੱਤੇ ਉਪਚਾਰ ਪੈਕੇਜਾਂ ਵਿੱਚ ਸ਼ਾਮਲ ਨਾ ਹੋਣ ਵਾਲੇ ਉਪਚਾਰ-ਪੈਕੇਜਾਂ ਨੂੰ ਲੜੀਬੱਧ ਹੱਸਪਤਾਲਾਂ ਵੱਲੋਂ ਅਨਨਿਰਧਾਰਿਤ ਸ਼੍ਰੇਣੀ ਤਹਿਤ ਬੁਕ ਕੀਤਾ ਜਾਂਦਾ ਹੈ ਅਤੇ ਉਸੇ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਈ ਜਾਂਦੀ ਹੈ।

ਉਨ੍ਹਾਂ ਨੇ ਅੱਗੇ ਦੱਸਿਆ ਕਿ ਨਵੰਬਰ 2022 ਤੋਂ 17 ਫਰਵਰੀ 2026 ਤੱਕ ਰਾਜ ਵਿੱਚ ਆਯੁਸ਼ਮਾਨ ਯੋਜਨਾ ਸਮੇਤ ਕੁੱਲ੍ਹ ਉਪਚਾਰਾਂ ਦੀ ਗਿਣਤੀ ( ਭੁਗਤਾਨ ਕੀਤੇ ਗਏ ਦਾਵੇ ਅਨੁਸਾਰ) 14,28,872 ਸੀ ਜਿਨ੍ਹਾਂ ਦੀ ਏਵਜ ਵਿੱਚ ਹੱਸਪਤਾਲਾਂ ਨੂੰ 2010 ਕਰੋੜ 33 ਲੱਖ 66 ਹਜ਼ਾਰ 180 ਰੁਪਏ ਦੀ ਰਕਮ ਵੰਡ ਗਈ।

# ਅੰਬਾਲਾ ਸ਼ਹਿਰ ਵਿੱਚ ਨਵਰੰਗ ਰਾਏ ਤਾਲਾਬ, ਮਹਾਵੀਰ ਪਾਰਕ ਤੇ ਬਾਲ ਭਵਨ ਦੇ ਨਿਰਮਾਣ ਕੰਮ ਜਾਰੀ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਹੀ ਸਥਾਨਕ ਸਰਕਾਰ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਸਦਨ ਵਿੱਚ ਕਿਹਾ ਕਿ ਅੰਬਾਲਾ ਸ਼ਹਿਰ ਵਿੱਚ ਨਵਰੰਗ ਰਾਏ ਤਾਲਾਬ ਰੇਲਿੰਗ, ਕੋਟਾ ਸਟੋਰ ਫਲੋਰਿੰਗ, ਪ੍ਰਵੇਸ਼ ਦਰਵਾਜਾ ਤੇ ਬਿਜਲੀ ਕੰਮਾਂ ਨੂੰ ਪੂਰਾ ਕਰ ਲਿਆ ਗਿਆ ਹੈ। ਬਾਕੀ ਕੰਮਾਂ ਲਈ ਡੀਪੀਆਰ ਤਿਆਰ ਕੀਤੀ ਜਾ ਰਹੀ ਹੈ ਜਿਸ ਨੂੰ 31 ਮਾਰਜ, 2026 ਤੱਕ ਤਿਆਰ ਕਰ ਲਿਆ ਜਾਵੇਗਾ।

ਰਿਆਣਾ ਸ਼ਹਿਰੀ ਸਥਾਨਕ ਮੰਤਰੀ ਸ੍ਰੀ ਵਿਪੁਲ ਗੋਇਲ ਵੀਰਵਾਰ ਨੂੰ ਬਜਟ ਸੈਸ਼ਨ ਦੌਰਾਨ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ।

ਉਨ੍ਹਾਂ ਨੇ ਦੱਸਿਆ ਕਿ ਮਹਾਵੀਰ ਪਾਰਕ ਨਾਲ ਸਬੰਧਿਤ ਪਰਿਯੋਜਨਾ ਤਹਿਤ ਕੈਂਟੀਨ ਦਾ ਨਿਰਮਾਣ, ਕਨੈਕਟਿੰਗ ਬ੍ਰਿਜ, ਪਰਿਸਰ ਦੇ ਚਾਰੋ ਪਾਸੇ ਚਾਨਣ ਵਿਵਸਥਾ, ਪੇਂਟ ਕੰਮ ਮੌਜੂਦਾ ਵਿੱਚ ਪ੍ਰਗਤੀ 'ਤੇ ਹੈ। ਪਰਿਯੋਜਨਾ ਦੇ ਬਾਕੀ ਕੰਮਾਂ ਲਈ ਡੀਪੀਆਰ ਤਿਆਰ ਕੀਤੀ ਜਾ ਰਹੀ ਹੈ ਜੋ 20 ਅਪ੍ਰੈਲ, 2026 ਤੱਕ ਤਿਆਰ ਕਰ ਲਈ ਜਾਵੇਗੀ। ਹੁਣ ਤੱਕ ਇਸ ਪਰਿਯੋਜਨਾ 'ਤੇ ਕੁੱਲ 1879.51 ਲੱਖ ਰੁਪਏ ਦਾ ਖਰਚ ਕੀਤਾ ਜਾ ਚੁੱਕਾ ਹੈ।

ਉਨ੍ਹਾਂ ਨੇ ਦੱਸਿਆ ਕਿ ਬਾਲ ਭਵਨ ਪਰਿਯੋਜਨਾ ਨੂੰ ਪੂਰਾ ਕਰਨ ਤਹਿਤ 13.99 ਕਰੋੜ ਰੁਪਏ ਦਾ ਸੋਧ ਅੰਦਾਜਾ ਤਿਆਰ ਕੀਤਾ ਗਿਆ। ਇਸ ਵਿੱਚ ਭਵਨ ਬਲਾਕਾਂ ਦੇ ਸਿਵਲ ਕੰਮਾਂ ਨੂੰ ਪੂਰਾ ਕਰਨ ਦਾ ਪ੍ਰਾਵਧਾਨ ਕੀਤਾ ਗਿਆ ਹੈ। ਬਾਕੀ ਕੰਮਾਂ ਲਈ ਵੱਖ ਤੋਂ ਡੀਪੀਆਰ ਤਿਆਰ ਕੀਤੀ ਗਈ।

# ਹਰਿਆਣਾ ਵਿੱਚ ਵਿਕਾਸ ਪਰਿਯੋਜਨਾਵਾਂ ਵਿੱਚ ਗੁਣਵੱਤਾ ਯਕੀਨੀ, ਲਾਪਰਵਾਈ ਕਰਨ ਵਾਲੀ ਏਜੰਸਿਆਂ 'ਤੇ ਜੁਰਮਾਨਾ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਜਨ ਸਿਹਤ ਇੰਜੀਨਿਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਰਾਜ ਵਿੱਚ ਵਿਕਾਸ ਪਰਿਯੋਜਨਾਵਾਂ ਦੇ ਨਿਰਮਾਣ ਕੰਮਾਂ ਵਿੱਚ ਗੁਣਵੱਤਾ ਨਾਲ ਕਿਸੇ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਂਦਾ। ਉਨ੍ਹਾਂ ਨੇ ਕਿਹਾ ਕਿ ਜੋ ਵੀ ਏਜੰਸੀ ਜਾਂ ਠੇਕੇਦਾਰ ਕੰਮ ਵਿੱਚ ਲਾਪਰਵਾਈ ਕਰਦਾ ਹੈ ਉਸ 'ਤੇ ਵਿਭਾਗ ਵੱਲੋਂ ਉਚਿਤ ਕਾਰਵਾਈ ਕੀਤੀ ਜਾਂਦੀ ਹੈ ਅਤੇ ਜੁਮਾਨਾ ਲਗਾਇਆ ਜਾਂਦਾ ਹੈ।ਜਨ ਸਿਹਤ ਇੰਜੀਨਿਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ ਵੀਰਵਾਰ ਨੂੰ ਹਰਿਆਣਾ ਵਿਧਾਨਸਭਾ ਵਿੱਚ ਚਲ ਰਹੇ ਬਜਟ ਸੈਸ਼ਨ ਦੌਰਾਨ ਵਿਧਾਇਕ ਸ੍ਰੀ ਦੇਵੇਂਦਰ ਹੰਸ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨਉਨ੍ਹਾਂ ਨੇ ਦੱਸਿਆ ਕਿ ਕੈਥਲ ਜ਼ਿਲ੍ਹੇ ਦੇ ਸੀਵਨ ਪਿੰਡ ਵਿੱਚ ਸੀਵਰੇਜ ਪਰਿਯੋਜਨਾ ਲਈ 30.60 ਕਰੋੜ ਰੁਪਏ ਮੰਜ਼ੂਰ ਕੀਤੇ ਗਏ ਸਨ ਅਤੇ ਸਾਲ 2019 ਵਿੱਚ ਇਸ ਦਾ ਨਿਰਮਾਣ ਕੰਮ ਸ਼ੁਰੂ ਹੋਇਆ ਸੀ। ਕੰਮ ਵਿੱਚ ਹੋਈ ਦੇਰੀ ਕਾਰਨ ਵਿਭਾਗ ਨੇ ਠੇਕੇ ਦੀ ਧਾਰਾ 2 ਅਤੇ ਧਾਰਾ 3 (ਸੀ) ਤਹਿਤ ਸਬੰਧਿਤ ਏਜੰਸੀ ਵਿਰੁਧ ਕਾਰਵਾਈ ਕਰਦੇ ਹੋਏ 1.28 ਕਰੋੜ ਰੁਪਏ ਦਾ ਜੁਰਮਾਨਾ ਲਗਾਇਆ। ਬਾਕੀ ਕੰਮ ਹੁਣ ਉਸੇ ਏਜੰਸੀ ਦੇ ਜੋਖਿਮ ਅਤੇ ਲਾਗਤ 'ਤੇ ਕਿਸੇ ਹੋਰ ਏਜੰਸੀ ਨੂੰ ਅਲਾਟ ਕੀਤਾ ਗਿਆ ਹੈ। ਪਰਿਯੋਜਨਾ 30 ਜੂਨ 2026 ਤੱਕ ਪੂਰੀ ਹੋਣ ਦੀ ਸੰਭਾਵਨਾ ਹੈ।ਵਿਧਾਇਕ ਵੱਲੋਂ ਚੁੱਕੇ ਗਏ ਇੱਕ ਹੋਰ ਸੁਆਲ ਦੇ ਜਵਾਬ ਵਿੱਚ ਜਿਸ ਵਿੱਚ ਸੀਵਰ ਅਤੇ ਪਾਣੀ ਦੀ ਪਾਇਪਲਾਇਨ ਬਿਛਾਉਣ ਦੌਰਾਨ ਖੋਦੀ ਗਈ ਸੜਕਾਂ ਨੂੰ ਪੁਨਰਨਿਰਮਾਣ ਕਰਦੇ ਸਮੇ ਸੜਕ ਧੰਸਣ ਕਾਰਨ ਰਿਹਾਇਸ਼ੀ ਮਕਾਨਾਂ ਨੂੰ ਹੋਣ ਵਾਲੀ ਸੰਭਾਵਿਤ ਨੁਕਸਾਨ ਦਾ ਮੁੱਦਾ ਸੀ, ਸ੍ਰੀ ਗੰਗਵਾ ਨੇ ਕਿਹਾ ਕਿ 23 ਫਰਵਰੀ 2026 ਨੂੰ ਸਬੰਧਿਤ ਅਧਿਕਾਰਿਆਂ ਵੱਲੋਂ ਰਿਪੋਰਟ ਮੰਗੀ ਗਈ ਸੀ। ਰਿਪੋਰਟ ਅਨੁਸਾਰ ਖੇਤਰ ਵਿੱਚ ਕਿਸੇ ਵੀ ਮਕਾਨ ਨੂੰ ਕਿਸੇ ਤਰ੍ਹਾਂ ਦਾ ਨੁਕਸਾਨ ਨਹੀਂ ਹੋਇਆ ਹੈ।

ਮੰਤਰੀ ਨੇ ਇਹ ਵੀ ਭਰੋਸਾ ਦਿੱਤਾ ਕਿ ਵਿਭਾਗ ਸਾਰੇ ਨਿਰਮਾਣ ਕੰਮਾਂ ਵਿੱਚ ਗੁਣਵੱਤਾ ਅਤੇ ਸੁਰੱਖਿਆ ਮਾਪਦੰਢਾਂ ਦਾ ਸਖਤੀ ਨਾਲ ਪਾਲਨ ਕਰ ਰਿਹਾ ਹੈ ਤਾਂ ਜੋ ਆਮ ਜਨਤਾ ਨੂੰ ਸੁਰੱਖਿਅਤ ਅਤੇ ਗੁਣਵੱਤਾਪੂਰਨ ਸੇਵਾਵਾਂ ਮੁਹੱਈਆ ਕਰਾਈ ਜਾ ਸਕਣ।

# ਵਿਕਾਸ ਲਈ 367.86 ਏਕੜ ਭੂਮੀ ਸਾਲ 2013 ਵਿੱਚ ਰਾਖਵਾਂ ਕੀਤੀ ਗਈ ਸ੍ਰੀ ਕ੍ਰਿਸ਼ਣ ਕੁਮਾਰ ਬੇਦੀ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਸ੍ਰੀ ਕ੍ਰਿਸ਼ਣ ਕੁਮਾਰ ਬੇਦੀ ਨੇ ਦੱਸਿਆ ਕਿ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਤਾਵੜੂ ਦੇ ਸੈਕਟਰ-7, 8 ਅਤੇ 11 ਦੇ ਵਿਕਾਸ ਲਈ 367.86 ਏਕੜ ਭੂਮੀ ਸਾਲ 2013 ਵਿੱਚ ਰਾਖਵਾਂ ਕੀਤੀ ਗਈ ਸੀ। ਇਸ ਵਿੱਚੋਂ, ਸੈਕਟਰ-11 ਦੇ ਇੱਕ ਹਿੱਸੇ ਨੂੰ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਨੇ 66 ਏਕੜ ਖੇਤਰ ਵਿੱਚ ਵਿਕਸਿਤ ਕੀਤਾ ਹੈ, ਜਿਸ ਵਿੱਚ ਵੱਖ-ਵੱਖ ਆਕਾਰ ਦੇ 362 ਪਲਾਟ ਹਨ। ਹੁਣ ਤੱਕ ਕੀਤੀ ਗਈ ਤਿੰਨ ਈ-ਨੀਲਾਮੀਆਂ ਵਿੱਚ ਕਾਫੀ ਪ੍ਰਤੀਕ੍ਰਿਆ ਨਹੀਂ ਮਿਲੀ ਅਤੇ ਕਿਸੇ ਵੀ ਪਲਾਟ ਦਾ ਅਲਾਟਮੈਂਟ ਨਹੀਂ ਹੋ ਸਕਿਆ। ਇਸ ਲਈ, ਸੈਕਟਰ-7 ਅਤੇ 8 ਅਤੇ ਸੈਕਟਰ-11 ਦੇ ਬਾਕੀ ਹਿੱਸੇ ਵਿੱਚ ਵਿਕਾਸ ਕੰਮ ਹੁਣ ਤੱਕ ਸ਼ੁਰੂ ਨਹੀਂ ਹੋਇਆ ਹੈ।



ਸ੍ਰੀ ਕ੍ਰਿਸ਼ਣ ਕੁਮਾਰ ਬੇਦੀ ਵੀਰਵਾਰ ਨੂੰ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਸੋਹਨਾ ਦੇ ਵਿਧਾਇਕ ਸ੍ਰੀ ਤੇਜਪਾਲ ਤੰਵਰ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ।

ਸ੍ਰੀ ਬੇਦੀ ਨੇ ਸਦਨ ਨੂੰ ਇਸ ਗੱਲ ਨਾਲ ਜਾਣੂ ਕਰਵਾਇਆ ਕਿ ਸੈਕਟਰ-11 ਦੇ ਵਿਕਸਿਤ ਹਿੱਸੇ ਵਿੱਚ ਪਲਾਂਟਾਂ ਦੀ ਫਿਰ ਈ-ਨੀਲਾਮੀ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜੇਕਰ ਸੈਕਟਰ-11 ਦੇ ਪਹਿਲਾਂ ਤੋਂ ਵਿਕਸਿਤ ਹਿੱਸੇ ਵਿੱਚ ਪਲਾਂਟ ਅਲਾਟ ਹੋ ਜਾਂਦੇ ਹਨ ਤਾਂ ਸੈਕਟਰ-7 ਅਤੇ 8 ਅਤੇ ਸੈਕਟਰ-11 ਦੇ ਬਾਕੀ ਖੇਤਰ ਵਿੱਚ ਵਿਕਾਸ ਦਾ ਕੰਮ ਜਲਦੀ ਪੂਰਾ ਕੀਤਾ ਜਾਵੇਗਾ।

# ਸਰਕਾਰ ਨੇ 10,000 ਤੋਂ ਵੱਧ ਆਬਾਦੀ ਵਾਲੇ ਪਿੰਡਾਂ ਨੂੰ ਮਹਾਗ੍ਰਾਮ ਦਾ ਦਰਜਾ ਦਿੱਤਾ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰੀ ਕ੍ਰਿਸ਼ਣ ਲਾਲ ਪੰਵਾਰ ਨੇ ਕਿਹਾ ਕਿ ਗ੍ਰਾਮੀਣ ਖੇਤਰਾਂ ਵਿੱਚ ਆਬਾਦੀ ਦੇ ਵੱਧਣ ਕਾਰਨ ਸਰਕਾਰ ਨੇ 10,000 ਤੋਂ ਵੱਧ ਆਬਾਦੀ ਵਾਲੇ ਪਿੰਡਾਂ ਨੂੰ ਮਹਾਗ੍ਰਾਮ ਦਾ ਦਰਜਾ ਦਿੱਤਾ ਹੈ। ਇਨ੍ਹਾਂ ਮਹਾਗ੍ਰਾਮਾਂ ਵਿੱਚ ਸ਼ਹਿਰਾਂ ਦੀ ਤਰਜ 'ਤੇ ਸੀਵਰੇਜ ਪ੍ਰਣਾਲੀ ਅਤੇ ਬੁਨਿਆਦੀ ਢਾਂਚੇ ਦੀ ਵਿਵਸਥਾ ਕੀਤੀ ਜਾ ਰਹੀ ਹੈ ਤਾਂ ਜੋ ਗ੍ਰਾਮੀਣ ਜੀਵਨ ਪੱਧਰ ਵਿੱਚ ਸੁਧਾਰ ਹੋਵੇ।

ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰੀ ਕ੍ਰਿਸ਼ਣ ਲਾਲ ਪੰਵਾਰ ਵੀਰਵਾਰ ਨੂੰ ਹਰਿਆਣਾ ਵਿਧਾਨਸਭਾ



ਵਿੱਚ ਚਲ ਰਹੇ ਬਜਟ ਸੈਸ਼ਨ ਦੌਰਾਨ ਸ੍ਰੀਮਤੀ ਵਿਨੇਸ਼ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ।

ਉਨ੍ਹਾਂ ਨੇ ਦੱਸਿਆ ਕਿ ਜੁਲਾਨਾ-ਸ਼ਾਦੀਪੁਰ ਬਾਜਾਰ ਦੀ ਮੁੱਖ ਗਲਿਆਂ ਵਿੱਚ ਮੌਜੂਦਾ ਨਾਲੇ ਵਿੱਚ ਰੁਕਾਵਟ ਕਾਰਨ ਜਲਭਰਾਵ ਦੀ ਸਮੱਸਿਆ ਪੈਦਾ ਹੁੰਦੀ ਹੈ। ਸਮੱਸਿਆ ਦੇ ਸਥਾਈ ਸਮਾਧਾਨ ਲਈ ਸਰਕਾਰ ਨੇ ਮੁੱਖ ਕਰਮਚਾਰੀ ਅਧਿਕਾਰੀ, ਜ਼ਿਲ੍ਹਾ ਪਰਿਸ਼ਦ, ਜੀਂਦ ਦੀ ਅਗਵਾਈ ਵਿੱਚ ਇੱਕ ਅੰਤਰ-ਵਿਭਾਗੀ ਕਮੇਟੀ ਦਾ ਗਠਨ ਕੀਤਾ ਹੈ।

ਇਹ ਖੇਤਰ ਜੁਲਾਨਾ ਨਗਰਪਾਲਿਕਾ ਅਤੇ ਗ੍ਰਾਮ ਪੰਚਾਇਤ ਸ਼ਾਦੀਪੁਰ ਦੋਹਾਂ ਦੇ ਖੇਤਰਾਧਿਕਾਰ ਵਿੱਚ ਆਉਂਦਾ ਹੈ। ਕਮੇਟੀ ਨੇ ਸੜਕਾਂ ਅਤੇ ਨਾਲਿਆਂ ਨੂੰ ਪੁਨਰਨਿਰਮਿਤ ਕਰਨ ਦੀ ਸਿਫ਼ਾਰਿਸ਼ ਕੀਤੀ ਹੈ।

ਮੰਤਰੀ ਸ੍ਰੀ ਪੰਵਾਰ ਨੇ ਦੱਸਿਆ ਕਿ ਇਸ ਪਰਿਯੋਜਨਾ ਵਿੱਚ ਕੁੱਲ੍ਹ ਲੰਬਾਈ 2900 ਫੀਟ ਹੈ ਜਿਸ ਵਿੱਚ 1350 ਫੀਟ ਸ਼ਾਦੀਪੁਰ ਪਿੰਡ ਦੀ ਅਤੇ 1550 ਫੀਟ ਜੁਲਾਨਾ ਨਗਰ ਕਮੇਟੀ ਦੇ ਖੇਤਰ ਵਿੱਚ ਆਉਂਦੀ ਹੈ। ਸ਼ਾਦੀਪੁਰ ਪਿੰਡ ਲਈ 68.65 ਲੱਖ ਰੁਪਏ ਦਾ ਅੰਦਾਜਾ ਤਿਆਰ ਕੀਤਾ ਗਿਆ ਹੈ ਅਤੇ ਇਹ ਰਕਮ ਮੰਜ਼ੂਰੀ ਲਈ ਸਰਕਾਰ ਨੂੰ ਭੇਜੀ ਗਈ ਹੈ। ਮੰਜ਼ੂਰੀ ਮਿਲਣ ਦੇ ਛੇ ਮਹੀਨਿਆਂ ਅੰਦਰ ਕੰਮ ਪੂਰਾ ਕਰ ਦਿੱਤਾ ਜਾਵੇਗਾ।

ਸ੍ਰੀ ਕ੍ਰਿਸ਼ਣ ਲਾਲ ਪੰਵਾਰ ਨੇ ਕਿਹਾ ਕਿ ਸਰਕਾਰ ਗ੍ਰਾਮੀਣ ਵਿਕਾਸ ਅਤੇ ਬੁਨਿਆਦੀ ਸਹੂਲਤਾਂ ਦੇ ਵਿਸਥਾਰ ਵਿੱਚ ਕੋਈ ਸਮਝੌਤਾ ਨਹੀਂ ਕਰੇਗੀ ਅਤੇ ਹਰ ਮਹਾਗ੍ਰਾਮ ਵਿੱਚ ਆਵਾਸੀ ਅਤੇ ਜਨਤਕ ਸਹੂਲਤਾਂ ਦੀ ਗੁਣਵੱਤਾ ਯਕੀਨੀ ਕੀਤੀ ਜਾਵੇਗੀ।

# ਨਾਂਗਲ ਚੌਧਰੀ ਵਿੱਚ ਜਲਦ ਦੀ ਕੀਤਾ ਜਾਵੇਗਾ ਸਥਾਪਿਤ ਸਭ-ਡਿਵਿਜਨਲ ਅਧਿਕਾਰੀ ਕਾਂਪਲੇਕਸ-ਮਾਲਿਆ ਮੰਤਰੀ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮਾਲਿਆ ਅਤੇ ਆਪਦਾ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਕਿਹਾ ਕਿ ਨਾਂਗਲ ਚੌਧਰੀ ਵਿੱਚ ਨਵਾਂ ਸਭ-ਡਿਵਿਜਨਲ ਅਧਿਕਾਰੀ ( ਸਿਵਲ ) ਕਾਂਪਲੈਕਸ ਖੋਲਣ ਦਾ ਪ੍ਰਸਤਾਵ ਸਰਕਾਰ ਦੇ ਵਿਚਾਰ ਅਧੀਨ ਹੈ।

ਮਾਲਿਆ ਅਤੇ ਆਪਦਾ ਮੰਤਰੀ ਵਿਪੁਲ ਗੋਇਲ ਬਜਟ ਸੈਸ਼ਨ ਦੌਰਾਨ ਸੁਆਲ ਦਾ ਜਵਾਬ ਦੇ ਰਹੇ ਸਨ।

ਉਨ੍ਹਾਂ ਨੇ ਕਿਹਾ ਕਿ ਲੂਜੋਤਾ ਗ੍ਰਾਮ ਪੰਚਾਇਤ ਵੱਲੋਂ ਸਭ-ਡਿਵਿਜਨਲ ਅਧਿਕਾਰੀ ( ਸਿਵਲ )



ਕਾਂਪਲੈਕਸ, ਨਾਂਗਲ ਚੌਧਰੀ ਦੇ ਨਿਰਮਾਣ ਲਈ ਭੂਮੀ ਦੇਣ ਦਾ ਪ੍ਰਸਤਾਵ ਪਾਸ ਕੀਤਾ ਸੀ। ਇਹ ਪ੍ਰਸਤਾਵਿਤ ਭੂਮੀ ਨਾਂਗਲ ਚੌਧਰੀ ਕਸਬੇ ਦੇ ਨੇੜੇ ਸਥਿਤ ਹੈ ਅਤੇ ਭੂਮੀ ਦਾ ਮਾਲਿਕਾਨਾ ਗ੍ਰਾਮ ਪੰਚਾਇਤ ਲੁਜੋਤਾ ਕੋਲ੍ਹ ਹੀ ਹੈ। ਉਨ੍ਹਾਂ ਨੇ ਕਿਹਾ ਕਿ ਇਸ ਭੂਮੀ 'ਤੇ ਕੋਰਟ ਨੇ ਯਥਾਸਥਿਤੀ ਬਣਾਏ ਰੱਖਣ ਦਾ ਆਦੇਸ਼ ਦਿੱਤਾ ਹੋਇਆ ਹੈ ਜਿਸ ਦੇ ਬਹਾਲ ਹੋਣ ਤੋਂ ਬਾਅਦ ਹੀ ਭੂਮੀ ਡਿਵਿਜਨਲ ਅਧਿਕਾਰੀ ( ਸਿਵਲ ) ਕਾਂਪਲੈਕਸ ਦੇ ਨਿਰਮਾਣ ਲਈ ਮਾਲਿਆ ਵਿਭਾਗ ਨੂੰ ਤਬਦੀਲ ਕਰਨ ਦੀ ਆਗਾਮੀ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਨੇ ਦੱਸਿਆ ਕਿ ਮੌਜੂਦਾ ਵਿੱਚ ਸਭ-ਡਿਵਿਜਨਲ ਅਧਿਕਾਰੀ ( ਸਿਵਲ ) ਦਫ਼ਤਰ ਫਾਇਰਬ੍ਰਿਗੇਡ ਕੇਂਦਰ, ਨਾਂਗਲ ਚੌਧਰੀ ਦੇ ਭਵਨ ਵਿੱਚ ਸੰਚਾਲਿਤ ਕੀਤਾ ਜਾ ਰਿਹਾ ਹੈ।

# ਸਟੇਟ ਸਪੋਰਟਸ ਸਕੂਲ ਵਿਖੇ ਵੱਖ-ਵੱਖ ਖੇਡਾਂ ਦੇ ਟਰਾਇਲ 28 ਤੋਂ 1 ਮਾਰਚ ਤੱਕ

**ਜਲੰਧਰ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਡ ਵਿਭਾਗ ਅਤੇ ਪੰਜਾਬ ਇੰਸਟੀਚਿਊਟ ਆਫ਼ ਸਪੋਰਟਸ ਵਲੋਂ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨ ਲਈ ਵੱਖ-ਵੱਖ ਖੇਡਾਂ ਦੇ ਟਰਾਇਲ ਸਟੇਟ ਸਪੋਰਟਸ ਸਕੂਲ ਜਲੰਧਰ ਵਿਖੇ 2 ਮਾਰਚ ਤੋਂ 1 ਮਾਰਚ 2026 ਤੱਕ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਖੇਡ ਵਿਭਾਗ ਵਲੋਂ ਵਾਲੀਬਾਲ, ਸਵੀਮਿੰਗ, ਜਿਮਨਾਸਟਿਕ, ਬਾਕਸਿੰਗ ਲਈ ਅੰਡਰ 14, 17 ਅਤੇ 19 ਲੜਕਿਆਂ ਅਤੇ ਐਥਲੈਟਿਕ ਲਈ ਲੜਕੇ ਤੇ ਲੜਕੀਆਂ ਦੇ ਸਪੋਰਟਸ ਸਕੂਲ/ਕਾਲਜ ਜਲੰਧਰ ਵਿਖੇ ਟਰਾਇਲ ਲਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਹਾਕੀ ਦੇ ਟਰਾਇਲ ਸੁਰਜੀਤ ਹਾਕੀ ਸਟੇਡੀਅਮ ਬਰਲਟਨ ਪਾਰਕ ਵਿਖੇ ਲਏ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਲਈ ਕੇਵਲ ਪੰਜਾਬ ਦੇ ਚਾਹਵਾਨ ਖਿਡਾਰੀ 2 ਮਾਰਚ ਤੋਂ 1 ਮਾਰਚ 2026 ਤੱਕ ਸਵੇਰੇ 8 ਵਜੇ ਸਟੇਟ ਸਪੋਰਟਸ ਸਕੂਲ, ਨੇੜੇ ਕਪੂਰਥਲਾ ਚੌਂਕ, ਜਲੰਧਰ ਵਿਖੇ ਟਰਾਇਲ ਦੇਣ ਲਈ ਰਿਪੋਰਟ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਚੁਣੇ ਗਏ ਖਿਡਾਰੀਆਂ ਨੂੰ ਮੁਫ਼ਤ ਹੋਸਟਲ, ਮੈਸ, ਸਕੂਲ, ਜਿੰਮ, ਸਵੀਮਿੰਗ ਪੂਲ ਅਤੇ ਟਰੈਕ, ਨੈਸ਼ਨਲ ਸਟੈਂਡਰਡ ਵਾਲੀਬਾਲ ਕੋਰਟ, ਐਡਵਾਂਸ ਟਰੇਨਿੰਗ, ਇਨਡੋਰ ਅਤੇ ਜਿਮਨਾਸਟਿਕ ਹਾਲ ਦੀ ਸਹੂਲਤ ਮੁਹੱਈਆ ਕਰਵਾਈ ਜਾਂਦੀ ਹੈ।ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਟਰਾਇਲ ਦੇਣ ਲਈ ਖਿਡਾਰੀ ਆਪਣਾ ਅਧਾਰ ਕਾਰਡ, ਜਨਮ ਸਰਟੀਫਿਕੇਟ, ਪਿਛਲੀ ਜਮਾਤ ਦਾ ਪਾਸ ਸਰਟੀਫਿਕੇਟ, ਖੇਡ ਗਤੀਵਿਧੀਆਂ ਵਿੱਚ ਸ਼ਾਮਿਲ ਹੋਣ ਸਬੰਧੀ ਅਤੇ 4 ਪਾਸਪੋਰਟ ਸਾਈਜ਼ ਫੋਟੋਆਂ ਨਾਲ ਲੈ ਕੇ ਆਉਣ। ਉਨ੍ਹਾਂ ਕਿਹਾ ਕਿ ਖਿਡਾਰੀ ਹਾਕੀ ਕੋਚ ਯੁੱਧਵਿੰਦਰ ਸਿੰਘ ਮੋਬਾਇਲ ਨੰਬਰ 97791-85486, ਸਵੀਮਿੰਗ ਕੋਚ ਉਮੇਸ਼ ਸ਼ਰਮਾ 98721-20001, ਬਾਕਸਿੰਗ ਕੋਚ ਅਰਿਹੰਤ ਕੁਮਾਰ 97800-74748, ਵਾਲੀਬਾਲ ਕੋਚ ਅੰਮ੍ਰਿਤਪਾਲ ਸਿੰਘ 97815-21456, ਐਥਲੈਟਿਕ ਕੋਚ ਬਿਕਰਮਜੀਤ ਸਿੰਘ 95015-00922 ਅਤੇ ਜਿਮਨਾਸ਼ਟਿਕ ਕੋਚ ਲਵ ਕੁਮਾਰ 97806-79367 ਨਾਲ ਸੰਪਰਕ ਕਰ ਸਕਦੇ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਵਿੱਚ ਖੇਡ ਵਿਭਾਗ ਵਲੋਂ ਵੱਧ ਤੋਂ ਵੱਧ ਖਿਡਾਰੀਆਂ ਨੂੰ ਖੇਡਾਂ ਨਾਲ ਜੋੜਨ ਦੇ ਮਕਸਦ ਤਹਿਤ ਖੇਡ ਟਰਾਇਲ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਬਹੁਤ ਹੀ ਤਜਰਬੇਕਾਰ ਕੋਚਾਂ ਵਲੋਂ ਖਿਡਾਰੀਆਂ ਨੂੰ ਖੇਡਾਂ ਦੀ ਸਿਖਲਾਈ ਪ੍ਰਦਾਨ ਕੀਤੀ ਜਾਂਦੀ ਹੈ। ਉਨ੍ਹਾਂ ਚਾਹਵਾਨ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਕਿ ਉਹ ਇਨ੍ਹਾਂ ਖੇਡ ਟਰਾਇਲਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਕੇ ਲਾਭ ਉਠਾਉਣ ਅਤੇ ਖੇਡਾਂ ਦੇ ਖੇਤਰ ਵਿੱਚ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਅੱਗੇ ਆਉਣ।

# ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਵਿਕਾਸ ਕਾਰਜ ਤੇਜ਼ : ਜੌੜਾਮਾਜਰਾ

**ਸਮਾਣਾ, 27 ਫਰਵਰ**
**-ਸਰਬਜੀਤ ਤਲਵੰਡੀ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਦੇ ਵਿਕਾਸ ਨੂੰ ਨਵੀਂ ਦਿਸ਼ਾ ਦਿੰਦਿਆਂ ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਪਿੰਡ ਖੇੜੀ ਬਰਨਾ ਵਿਖੇ ਨਵੀਂ ਬਣੀ ਜਨਰਲ ਧਰਮਸ਼ਾਲਾ ਅਤੇ ਸੀਵਰੇਜ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ। ਇਹ ਸਾਰੇ ਵਿਕਾਸ ਕਾਰਜ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਪੂਰੇ ਕੀਤੇ ਗਏ ਹਨ।

ਇਸ ਮੌਕੇ ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ। ਸਰਕਾਰ ਵੱਲੋਂ ਛੱਪੜਾਂ ਦੀ ਸੁਧਾਰ ਯੋਜਨਾ, ਨਵੀਂ ਸੀਵਰੇਜ ਲਾਈਨ ਪਾਉਣ ਅਤੇ ਪਿੰਡ ਦੀਆਂ ਸੜਕਾਂ ਦੇ ਨਿਰਮਾਣ ਵਰਗੇ ਮਹੱਤਵਪੂਰਨ ਕੰਮ ਮੁਕੰਮਲ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਪਿੰਡ ਵਿੱਚ ਸਫ਼ਾਈ ਪ੍ਰਣਾਲੀ ਸੁਧਰੇਗੀ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮਿਲਣਗੀਆਂ।

# ਸਮਾਗਮ ਦੌਰਾਨ ਪੁਖ਼ਤਾ ਨਿਗਰਾਨੀ ਲਈ ਡਰੋਨ ਅਤੇ 200 ਸੀਸੀਟੀਵੀ ਕੈਮਰੇ ਤਾਇਨਾਤ : ਅਰਪਿਤ ਸ਼ੁਕਲਾ



**ਸ੍ਰੀ ਆਨੰਦਪੁਰ ਸਾਹਿਬ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਮਨਾਏ ਜਾਣ ਵਾਲੇ ਪਵਿੱਤਰ ਤਿਉਹਾਰ ਹੋਲਾ ਮੁਹੱਲਾ ਲਈ ਪੁਖਤਾ ਪ੍ਰਬੰਧ ਯਕੀਨੀ ਬਣਾਉਣ ਦੇ ਮੱਦੇਨਜ਼ਰ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਅੱਜ ਇਸ ਧਾਰਮਿਕ ਸਮਾਗਮ ਨੂੰ ਸੁਚਾਰੂ ਅਤੇ ਸੁਰੱਖਿਅਤ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਉਥੋਂ ਦੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ।ਜ਼ਿਕਰਯੋਗ ਹੈ ਕਿ ਤਿੰਨ ਰੋਜ਼ਾ ਸਾਲਾਨਾ ਹੋਲਾ ਮੁਹੱਲਾ 2 ਮਾਰਚ ਤੋਂ 4 ਮਾਰਚ, 2026 ਤੱਕ ਸ੍ਰੀ ਆਨੰਦਪੁਰ ਸਾਹਿਬ ਵਿਖੇ ਮਨਾਇਆ ਜਾਵੇਗਾ।ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀਆਈਜੀ) ਰੂਪਨਗਰ ਰੇਂਜ ਨਾਨਕ ਸਿੰਘ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਰੂਪਨਗਰ ਮਨਿੰਦਰ ਸਿੰਘ ਨਾਲ ਇੱਕ ਤਾਲਮੇਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਨਿਰਦੇਸ਼ ਦਿੱਤੇ ਕਿ ਦੁਨੀਆ ਭਰ ਤੋਂ ਖਾਲਸੇ ਦੇ ਜਨਮ ਸਥਾਨ 'ਤੇ ਨੱਤਮਤਸਕ ਹੋਣ ਵਾਲੀਆਂ ਲੱਖਾਂ ਸੰਗਤਾਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕੀਤੇ ਜਾਣ।ਦੱਸਣਯੋਗ ਹੈ ਕਿ ਪੂਰੇ ਖੇਤਰ ਨੂੰ ਯੋਜਨਾਬੱਧ ਢੰਗ ਨਾਲ 12 ਖੇਤਰਾਂ ਵਿੱਚ ਵੰਡਿਆ ਗਿਆ ਹੈ ਅਤੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲਗਭਗ 5000 ਪੁਲਿਸ ਕਰਮੀਆਂ ਦੀ ਨਫ਼ਰੀ ਤਾਇਨਾਤ ਕੀਤੀ ਗਈ ਹੈ। ਹਵਾਈ ਨਿਗਰਾਨੀ ਅਤੇ ਭੀੜ ਦੀ ਨਿਗਰਾਨੀ ਲਈ ਛੇ ਡਰੋਨ ਤਾਇਨਾਤ ਕੀਤੇ ਗਏ ਹਨ, ਜਿਨ੍ਹਾਂ ਦੀ ਲਾਈਵ ਫੀਡ ਦੀ ਨਿਗਰਾਨੀ ਕੇਂਦਰੀ ਕੰਟਰੋਲ ਰੂਮ 'ਤੇ ਕੀਤੀ ਜਾਵੇਗੀ।

ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਸਾਰੇ ਸੈਕਟਰ ਇੰਚਾਰਜਾਂ ਅਤੇ ਤਾਇਨਾਤ ਪੁਲਿਸ ਫੋਰਸ ਨੂੰ ਸੰਗਤ ਨਾਲ ਬਹੁਤ ਹੀ ਨਿਮਰਤਾ ਨਾਲ ਪੇਸ਼ ਆਉਣ ਅਤੇ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਪੂਰੀ ਲਗਨ ਅਤੇ ਦ੍ਰਿੜਤਾ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਉਨ੍ਹਾਂ ਕਿਹਾ ਕਿ ਹੋਲਾ ਮੁਹੱਲਾ ਦੇ ਸ਼ਾਂਤੀਪੂਰਨ ਅਤੇ ਸੁਚਾਰੂ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਰੂਪਨਗਰ ਪੁਲਿਸ ਵੱਲੋਂ ਕਈ ਨਵੀਆਂ ਪਹਿਲਕਦਮੀਆਂ ਲਾਗੂ ਕੀਤੀਆਂ ਗਈਆਂ ਹਨ ਤਾਂ ਜੋ ਸੰਗਤਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸਮਰੱਥਾ ਅਨੁਸਾਰ ਕੁੱਲ 21 ਪਾਰਕਿੰਗ ਖੇਤਰ ਨਿਰਧਾਰਤ ਕੀਤੇ ਗਏ ਹਨ ਅਤੇ ਸੰਗਤਾਂ ਦੇ ਮਾਰਗਦਰਸ਼ਨ ਲਈ ਪਾਰਕਿੰਗ ਅਤੇ ਰੂਟਾਂ ਲਈ ਇੱਕ ਕਲਰ-ਕੋਡਿੰਗ ਯੋਜਨਾ ਲਾਗੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਦੀ ਸਹੂਲਤ ਲਈ 100 ਈ-ਰਿਕਸ਼ਾ ਅਤੇ 50 ਮਿੰਨੀ-ਬੱਸਾਂ ਸਮੇਤ 24 ਘੰਟੇ ਸ਼ਟਲ ਸੇਵਾਵਾਂ ਪਾਰਕਿੰਗ ਖੇਤਰਾਂ ਤੇ ਉਪਲਬਧ ਰਹਿਣਗੀਆਂ।ਉਨ੍ਹਾਂ ਅੱਗੇ ਕਿਹਾ ਕਿ ਸੰਗਤਾਂ ਨੂੰ ਸ਼ਟਲ ਬੱਸ ਸੇਵਾਵਾਂ, ਪਾਰਕਿੰਗ ਪੁਆਇੰਟਾਂ, ਡਾਕਟਰੀ ਸਹੂਲਤਾਂ ਅਤੇ ਹੋਰ ਜ਼ਰੂਰੀ ਸਹੂਲਤਾਂ ਦੇ ਵੇਰਵਿਆਂ ਵਿੱਚ ਮਦਦ ਕਰਨ ਲਈ ਵੱਖ-ਵੱਖ ਥਾਵਾਂ 'ਤੇ ਕਿਊਆਰ-ਕੋਡ ਅਧਾਰਤ ਜਾਣਕਾਰੀ ਪ੍ਰਣਾਲੀਆਂ ਸਥਾਪਤ ਕੀਤੀਆਂ ਗਈਆਂ ਹਨ।

# ਵਣ ਜੀਵ ਵਿਭਾਗ ਦਾ ਇੰਸਪੈਕਟਰ ਤੇ ਐਨੀਮਲ ਅਟੈਂਡੈਂਟ 30 ਹਜ਼ਾਰ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜ ਸਤਿਕਾਰਤਾ ਤੇ ਭ੍ਰਿਸ਼ਟਾਚਾਰ ਰੋਕੂ ਬਿਊਰੋ, ਹਰਿਆਣਾ ਦੀ ਅੰਬਾਲਾ ਇਕਾਈ ਨੇ ਭ੍ਰਿਸ਼ਟਾਚਾਰ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਵਨਯ ਜੀਵ ਵਿਭਾਗ, ਅੰਬਾਲਾ ਵਿੱਚ ਤਾਇਨਾਤ ਇੰਸਪੈਕਟਰ ਰਾਕੇਸ਼ ਕੁਮਾਰ ਅਤੇ ਐਨੀਮਲ ਅਟੈਂਡੈਂਟ ਭਰਤ (HKRNL ਰਾਹੀਂ ਤਾਇਨਾਤ) ਨੂੰ ?30,000 ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਦੋਵਾਂ ਨੂੰ ਦਫ਼ਤਰ ਪਰਿਸਰ ਤੋਂ ਟ੍ਰੈਪ ਕਾਰਵਾਈ ਦੌਰਾਨ ਕਾਬੂ ਕੀਤਾ ਗਿਆ।

ਬਿਊਰੋ ਮੁਤਾਬਕ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਸੀ ਕਿ ਉਸਦੇ ਘਰ ਤੋਂ ਮਾਸ਼ ਬਰਾਮਦ ਹੋਣ ਦੇ ਮਾਮਲੇ ਵਿੱਚ ਵਨਯ ਜੀਵ ਸੰਰਕਸ਼ਣ ਨਿਯਮਾਂ ਤਹਿਤ ਚਾਲਾਨ ਨਾ ਕਰਨ ਦੇ ਬਦਲੇ ?50,000 ਦੀ ਮੰਗ ਕੀਤੀ ਗਈ ਸੀ, ਜੋ ਬਾਅਦ ਵਿੱਚ ?40,000 'ਚ ਤੈਅ ਹੋਈ। ਇਸ ਵਿੱਚੋਂ ?10,000 ਪਹਿਲਾਂ ਲਏ ਜਾ ਚੁੱਕੇ ਸਨ, ਜਦਕਿ ਬਾਕੀ ?30,000 ਲੈਂਦੇ ਸਮੇਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਮਾਮਲੇ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਅਤੇ BNS ਦੀਆਂ ਸਬੰਧਿਤ ਧਾਰਾਵਾਂ ਅਧੀਨ ਕੇਸ ਦਰਜ ਕਰਕੇ ਜਾਂਚ ਜਾਰੀ ਹੈ।

# ਸਹਿਕਾਰਤਾ ਵਿਭਾਗ ਕੈਥਲ ਦੇ ਦੋ ਅਧਿਕਾਰੀ 30 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਗ੍ਰਿਫ਼ਤਾਰ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜ ਵਿਜੀਲੈਂਸ ਅਤੇ ਭ੍ਰਿਸ਼ਟਾਚਾਰ ਰੋਕਥਾਮ ਬਿਊਰੋ ਅੰਬਾਲਾ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਚਲਾਏ ਜਾ ਰਹੇ ਵਿਸ਼ੇਸ਼ ਅਭਿਆਨ ਤਹਿਤ ਵੱਡੀ ਕਾਰਵਾਈ ਕਰਦਿਆਂ ਸਹਿਕਾਰਤਾ ਵਿਭਾਗ, ਕੈਥਲ ਵਿੱਚ ਤਾਇਨਾਤ ਦੋ ਅਧਿਕਾਰੀਆਂ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਗਿਆ ਹੈ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਹਿਚਾਣ ਰਿਸ਼ੀ ਕੁਮਾਰ, ਸਹਾਇਕ ਰਜਿਸਟ੍ਰਾਰ ਅਤੇ ਜਸਬੀਰ ਸਿੰਘ, ਇੰਸਪੈਕਟਰ, ਸਹਿਕਾਰਤਾ ਵਿਭਾਗ ਵਜੋਂ ਹੋਈ ਹੈ। ਦੋਹਾਂ ਨੂੰ ਸਹਾਇਕ ਰਜਿਸਟ੍ਰਾਰ, ਸਹਿਕਾਰਤਾ ਵਿਭਾਗ, ਕੈਥਲ ਦੇ ਦਫ਼ਤਰ ਤੋਂ 30,000 ਰੁਪਏ ਦੀ ਰਿਸ਼ਵਤ ਲੈਂਦੇ ਸਮੇਂ ਕਾਬੂ ਕੀਤਾ ਗਿਆ।

ਇਸ ਮਾਮਲੇ ਸਬੰਧੀ ਮੁਲਜ਼ਮਾਂ ਖ਼ਿਲਾਫ਼ ਅਭਿਯੋਗ ਨੰਬਰ 04, ਮਿਤੀ 26.02.2026 ਤਹਿਤ ਧਾਰਾ 7 ਭ੍ਰਿਸ਼ਟਾਚਾਰ ਨਿਵਾਰਣ ਐਕਟ, 1988 ਅਤੇ ਧਾਰਾ 61(2) ਭਾਰਤੀ ਨਿਆਂ




ਸੰਹਿਤਾ (ਬੀ.ਐਨ.ਐਸ.) ਅਧੀਨ ਥਾਣਾ ਰਾਜ ਵਿਜੀਲੈਂਸ ਅਤੇ ਭ੍ਰਿਸ਼ਟਾਚਾਰ ਰੋਕਥਾਮ ਬਿਊਰੋ, ਅੰਬਾਲਾ ਵਿੱਚ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮਾਂ ਤੋਂ ਪੁੱਛਗਿੱਛ ਜਾਰੀ ਹੈ ਅਤੇ ਕਾਨੂੰਨ ਅਨੁਸਾਰ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

ਵਿਜੀਲੈਂਸ ਬਿਊਰੋ ਮੁਤਾਬਕ, ਸ਼ਿਕਾਇਤਕਰਤਾ ਮਾਂਗੇ ਰਾਮ ਪੁੱਤਰ ਸ਼੍ਰੀ ਵਿਜੈ ਸਿੰਘ, ਨਿਵਾਸੀ ਪਿੰਡ ਪਾਡਲਾ, ਜ਼ਿਲ੍ਹਾ ਕੈਥਲ ਨੇ ਬਿਊਰੋ ਕੋਲ ਸ਼ਿਕਾਇਤ ਦਰਜ ਕਰਵਾਈ ਸੀ ਕਿ ਮੁਲਜ਼ਮਾਂ ਨੇ ਉਸਦੇ ਪੋਤੇ ਨੂੰ ਸਹਿਕਾਰਤਾ ਵਿਭਾਗ ਵਿੱਚ ਨੌਕਰੀ ਦਿਵਾਉਣ ਦੇ ਨਾਮ 'ਤੇ ਕੁੱਲ 1,00,000 ਰੁਪਏ ਦੀ ਮੰਗ ਕੀਤੀ ਸੀ। ਸ਼ਿਕਾਇਤ ਅਨੁਸਾਰ, 70,000 ਰੁਪਏ ਪਹਿਲਾਂ ਹੀ ਲਏ ਜਾ ਚੁੱਕੇ ਸਨ ਅਤੇ ਬਾਕੀ 30,000 ਰੁਪਏ ਦੀ ਮੰਗ ਕੀਤੀ ਜਾ ਰਹੀ ਸੀ।

ਸ਼ਿਕਾਇਤ ਦੀ ਤਸਦੀਕ ਹੋਣ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਵੱਲੋਂ ਯੋਜਨਾਬੱਧ ਢੰਗ ਨਾਲ ਟ੍ਰੈਪ ਕਾਰਵਾਈ ਕੀਤੀ ਗਈ। ਸੁਤੰਤਰ ਗਵਾਹਾਂ ਦੀ ਮੌਜੂਦਗੀ ਵਿੱਚ ਮੁਲਜ਼ਮਾਂ ਨੂੰ ਰਿਸ਼ਵਤ ਦੀ ਰਕਮ ਲੈਂਦੇ ਹੋਏ ਰੰਗੇ ਹੱਥੀਂ ਫੜਿਆ ਗਿਆ।

ਕੌਮੀ ਪੱਤ੍ਰਿਕਾ

# ਭਗਵੰਤ ਮਾਨ ਸਰਕਾਰ ਨੇ ਸੂਬੇ ਦੇ ਸਾਰੇ ਮੈਡੀਕਲ ਕਾਲਜਾਂ ਨੂੰ ਮੁਫ਼ਤ ਪ੍ਰਦਾਨ ਕੀਤੇ ਕੋਕਲੀਅਰ ਇਮਪਲਾਂਟ

## ਹਰ ਵਰਗ ਦੇ ਬੱਚੇ ਲਈ ਉੱਨਤ ਡਾਕਟਰੀ ਦੇਖਭਾਲ ਯਕੀਨੀ ਬਣਾਈ ਜਾਵੇ, ਕੋਕਲੀਅਰ ਇਮਪਲਾਂਟ ਸਰਜਰੀ ਸਹੂਲਤ ਹੁਣ ਸਾਰੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਉਪਲਬਧ: ਬਲਬੀਰ ਸਿੰਘ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜਨਤਕ ਸਿਹਤ ਸੰਭਾਲ ਖੇਤਰ 'ਚ ਇੱਕ ਨਵੀਨ ਪਹਿਲਕਦਮੀ ਤਹਿਤ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਆਪਣੇ ਟਰਸ਼ਰੀ ਕੇਅਰ ਨੈੱਟਵਰਕ ਵਿੱਚ ਆਧੁਨਿਕ ਕੋਕਲੀਅਰ ਇਮਪਲਾਂਟ ਸਰਜਰੀਆਂ ਦੀ ਸਹੂਲਤ ਸ਼ੁਰੂ ਕਰ ਦਿੱਤੀ ਹੈ, ਜੋ ਪੂਰੀ ਤਰ੍ਹਾਂ ਮੁਫ਼ਤ ਹੈ। ਇਹ ਸੇਵਾ ਜੋ ਹੁਣ ਤੱਕ ਆਮ ਵਰਗ ਦੀ ਪਹੁੰਚ ਤੋਂ ਬਾਹਰ ਸੀ ਅਤੇ ਸਿਰਫ਼ ਕੁਝ ਖਾਸ ਲੋਕਾਂ ਤੱਕ ਹੀ ਸੀਮਿਤ ਸੀ, ਹੁਣ ਸਮੁੱਚੇ ਸੂਬੇ ਦੇ ਬੱਚਿਆਂ ਲਈ ਮੁਫ਼ਤ ਉਪਲਬਧ ਹੈ।

ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਵਿਖੇ ਇਸਦੀ ਸਫ਼ਲ ਅਜ਼ਮਾਇਸ਼ ਤੋਂ ਬਾਅਦ ਭਗਵੰਤ ਮਾਨ ਸਰਕਾਰ ਨੇ ਬੱਚਿਆਂ ਦੇ ਬੋਲੇਪਣ ਦੀ ਸਮੱਸਿਆ ਨੂੰ ਯੋਜਨਾਬੱਧ ਢੰਗ ਨਾਲ ਖਤਮ ਕਰਨ ਲਈ ਇੱਕ ਮਜ਼ਬੂਤ ਚਾਰ-ਨੋਡ ਸਰਜੀਕਲ ਢਾਂਚਾ ਸਥਾਪਤ ਕੀਤਾ ਹੈ। ਕੋਕਲੀਅਰ ਇਮਪਲਾਂਟ ਸਰਜਰੀਆਂ ਹੁਣ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ, ਅੰਮ੍ਰਿਤਸਰ; ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ, ਪਟਿਆਲਾ; ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ, ਫਰੀਦਕੋਟ; ਅਤੇ ਅੰਬੇਡਕਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼, ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ, ਐਸਏਐਸ ਨਗਰ ਵਿਖੇ ਪੂਰੀ ਤਰ੍ਹਾਂ ਕਾਰਜਸ਼ੀਲ ਹਨ। ਇਹ ਰਾਜ ਵਿਆਪੀ ਸੰਸਥਾਗਤ ਨੈੱਟਵਰਕ ਇਹ ਯਕੀਨੀ ਬਣਾਉਂਦਾ ਹੈ ਕਿ ਸੁਣਨ 'ਚ ਅਸਮਰੱਥ ਬੱਚਿਆਂ ਅਤੇ ਬਾਲਗਾਂ ਲਈ ਹੁਣ ਇਸ ਸਬੰਧੀ ਆਧੁਨਿਕ ਇਲਾਜ ਸੇਵਾਵਾਂ ਤੱਕ ਪਹੁੰਚ ਦੂਰ ਦੀ ਗੱਲ ਨਹੀਂ ਰਹੀ।

**ਵਿੱਤੀ ਰੁਕਾਵਟ ਨੂੰ ਦੂਰ ਕਰਨਾ**

ਕੋਕਲੀਅਰ ਇਮਪਲਾਂਟ ਸੇਵਾਵਾਂ ਆਧੁਨਿਕ ਸਿਹਤ ਸੰਭਾਲ ਵਿੱਚ ਸਭ ਤੋਂ ਮਹਿੰਗੇ ਡਾਕਟਰੀ ਇਲਾਜ ਵਿੱਚੋਂ ਇੱਕ ਹੈ। ਪ੍ਰਾਈਵੇਟ ਸੈਕਟਰ ਵਿੱਚ ਇਸਦਾ ਖਰਚਾ ਆਮ ਤੌਰ 'ਤੇ ਇੱਕ ਕੰਨ ਲਈ 6,00,000 ਤੋਂ 10,00,000 ਰੁਪਏ ਦੇ ਵਿਚਕਾਰ ਆਉਂਦਾ ਹੈ। ਜ਼ਿਆਦਾਤਰ ਪਰਿਵਾਰਾਂ ਲਈ ਇਹ ਖਰਚਾ ਵੱਡੇ ਕਰਜ਼ ਦਾ ਕਾਰਨ ਬਣਦਾ ਸੀ ਜਾਂ ਉਹ ਦਿਲ ਭਾਰਾ ਕਰਕੇ ਇਲਾਜ ਤੋਂ ਪਾਸਾ ਵੱਟ ਲੈਂਦੇ ਸਨ।

ਭਗਵੰਤ ਮਾਨ ਸਰਕਾਰ ਨੇ ਇਸ ਵਿੱਤੀ ਰੁਕਾਵਟ ਨੂੰ ਪੂਰੀ ਤਰ੍ਹਾਂ ਖਤਮ ਕਰ ਦਿੱਤਾ ਹੈ। ਇਸ ਪਹਿਲਕਦਮੀ ਤਹਿਤ, ਇਮਪਲਾਂਟ ਡਿਵਾਈਸ, ਸਰਜਰੀ, ਹਸਪਤਾਲ ਵਿੱਚ ਭਰਤੀ ਅਤੇ ਪੋਸਟ-ਆਪਰੇਟਿਵ ਦੇਖਭਾਲ ਪੂਰੀ ਤਰ੍ਹਾਂ ਮੁਫਤ ਪ੍ਰਦਾਨ ਕੀਤੀ ਜਾ ਰਹੀ ਹੈ। ਪਰਿਵਾਰਾਂ ਨੂੰ ਹੁਣ ਆਪਣੇ ਬੱਚੇ ਦੀ ਸੁਣਨ ਅਤੇ ਬੋਲਣ ਦੀ ਯੋਗਤਾ ਨੂੰ ਸੁਰੱਖਿਅਤ ਕਰਨ ਲਈ ਆਪਣਾ ਭਵਿੱਖ ਗਿਰਵੀ ਰੱਖਣ ਲਈ ਮਜਬੂਰ ਨਹੀਂ ਹੋਣਾ ਪੈਂਦਾ। ਸੂਬਾ ਸਰਕਾਰ ਦੀਆਂ ਪਹਿਲਕਦਮੀਆਂ ਮੁਕੰਮਲ ਵਿੱਤੀ ਸੁਰੱਖਿਆ ਨੂੰ ਦਰਸਾਉਂਦੀਆਂ ਹਨ ਜੋ ਪ੍ਰਭਾਵਿਤ ਬੱਚਿਆਂ ਲਈ ਸਨਮਾਨ ਅਤੇ ਮੌਕੇ ਬਹਾਲ ਕਰਦੇ ਹੋਏ ਪਰਿਵਾਰਾਂ ਨੂੰ ਖਰਚੇ ਦੇ ਭਾਰੀ ਬੋਝ ਤੋਂ ਬਚਾਉਂਦੀਆਂ ਹਨ।

**ਇੱਕ ਅਣਜਾਣ ਸੰਕਟ ਨਾਲ ਨਜਿੱਠਣਾ**

ਸੁਣਨ ਸ਼ਕਤੀ ਦਾ ਵਿਕਾਰ ਭਾਰਤ ਦੀਆਂ ਸਭ ਤੋਂ ਘੱਟ ਪਹਿਚਾਣੀਆਂ ਜਾਣ ਵਾਲੀਆਂ ਜਨਤਕ ਸਿਹਤ ਚੁਣੌਤੀਆਂ ਵਿੱਚੋਂ ਇੱਕ ਹੈ। ਲਗਭਗ



6.3 ਫ਼ੀਸਦੀ ਭਾਰਤੀ ਆਬਾਦੀ ਸੁਣਨ ਸ਼ਕਤੀ ਦੇ ਵਿਕਾਰ ਤੋਂ ਪੀੜਤ ਹੈ। ਭਾਰਤ ਵਿੱਚ ਹਰ 1,000 ਨਵਜੰਮੇ ਬੱਚਿਆਂ ਵਿੱਚੋਂ ਲਗਭਗ 5 ਬੱਚੇ ਸੁਣਨ ਸ਼ਕਤੀ ਦੇ ਗੰਭੀਰ ਵਿਕਾਰ ਨਾਲ ਪੈਦਾ ਹੁੰਦੇ ਹਨ, ਜੋ ਕਿ ਵਿਸ਼ਵਵਿਆਪੀ ਔਸਤ ਨਾਲੋਂ ਕਾਫ਼ੀ ਜ਼ਿਆਦਾ ਹੈ। ਇਸ ਤੋਂ ਇਲਾਵਾ, ਅੰਦਾਜ਼ਨ 5 ਫ਼ੀਸਦੀ ਵਿਦਿਆਰਥੀਆਂ ਵਿੱਚ ਸੁਣਨ ਸ਼ਕਤੀ ਦੀ ਸਮੱਸਿਆ ਦਾ ਪਤਾ ਨਹੀਂ ਲੱਗਦਾ, ਜਿਨ੍ਹਾਂ ਨੂੰ ਅਕਸਰ ਅਣਜਾਣੇ ਵਿੱਚ ਹੌਲੀ ਸਿੱਖਣ ਵਾਲੇ ਜਾਂ ਘੱਟ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀ ਸਮਝਿਆ ਜਾਂਦਾ ਹੈ।

ਇਹ ਅੰਕੜੇ ਇੱਕ ਅਜਿਹੇ ਸੰਕਟ ਨੂੰ ਦਰਸਾਉਂਦੇ ਹਨ ਜੋ ਨਾ ਸਿਰਫ਼ ਮੈਡੀਕਲ ਨਾਲ ਸਬੰਧਤ ਹੈ ਬਲਕਿ ਸਮਾਜਿਕ ਅਤੇ ਵਿਦਿਅਕ ਖੇਤਰ ਨਾਲ ਵੀ ਸਬੰਧਤ ਹੈ। ਜਿਹਨਾਂ ਬੱਚਿਆਂ ਦੀ ਸੁਣਨ ਸ਼ਕਤੀ ਦੇ ਵਿਕਾਰ ਦਾ ਇਲਾਜ ਨਹੀਂ ਕੀਤਾ ਜਾਂਦਾ, ਉਹਨਾਂ ਨੂੰ ਅਕਸਰ ਬਦਨਾਮੀ ਅਤੇ ਇਕੱਲਾਪਣ ਮਹਿਸੂਸ ਹੁੰਦਾ ਹੈ ਅਤੇ ਉਨ੍ਹਾਂ ਦੇ ਵਿਕਾਸ ਦੀ ਸੰਭਾਵਨਾ ਘੱਟ ਜਾਂਦੀ ਹੈ। ਮੁਫ਼ਤ ਕੋਕਲੀਅਰ ਇਮਪਲਾਂਟ ਸੇਵਾਵਾਂ ਨੂੰ ਸੰਸਥਾਗਤ ਬਣਾ ਕੇ, ਪੰਜਾਬ ਨੇ ਸਿੱਧੇ ਤੌਰ 'ਤੇ ਇਸ ਅਣਜਾਣ ਸੰਕਟ ਦਾ ਸਾਹਮਣਾ ਕੀਤਾ ਹੈ।

**ਗੋਲਡਨ ਵਿੰਡੋ: ਸ਼ੁਰੂਆਤੀ ਦਖ਼ਲ ਦੀ ਮਹੱਤਤਾ**

ਡਾਕਟਰੀ ਵਿਗਿਆਨ ਸ਼ੁਰੂਆਤੀ ਦਖਲ ਦੀ ਮਹੱਤਤਾ 'ਤੇ ਜ਼ੋਰ ਦਿੰਦਾ ਹੈ। ਭਾਸ਼ਾ ਦੇ ਵਿਕਾਸ ਲਈ ਦਿਮਾਗ ਦੀ ਪਲਾਸਟੀਸਿਟੀ 0 ਤੋਂ 3 ਸਾਲ ਦੀ ਉਮਰ ਦੇ ਵਿਚਕਾਰ ਸਭ ਤੋਂ ਵੱਧ ਹੁੰਦੀ ਹੈ। ਇਹ ਸਮਾਂ ਕੋਕਲੀਅਰ ਇਮਪਲਾਂਟੇਸ਼ਨ ਲਈ ਸਭ ਤੋਂ ਢੁੱਕਵਾਂ ਹੁੰਦਾ ਹੈ, ਜਿਸ ਦੌਰਾਨ ਬੱਚੇ ਆਮ ਸੁਣਨ ਵਾਲੇ ਬੱਚਿਆਂ ਦੇ ਬਰਾਬਰ ਬੋਲੀ ਅਤੇ ਭਾਸ਼ਾ ਵਿਕਸਤ ਕਰ ਸਕਦੇ ਹਨ।

3 ਤੋਂ 5 ਸਾਲ ਦੀ ਉਮਰ ਦੇ ਵਿਚਕਾਰ ਵੀ ਸਰਜਰੀ ਲਾਭਦਾਇਕ ਹੁੰਦੀ ਹੈ ਪਰ ਵਿਕਾਸ ਵਿਚਲੀ ਦੇਰੀ ਦੀ ਭਰਪਾਈ ਲਈ ਆਡੀਟੋਰੀ-ਵਰਬਲ ਥੈਰੇਪੀ ਦੀ ਲੋੜ ਹੁੰਦੀ ਹੈ। ਇਸ ਪੜਾਅ ਤੋਂ ਬਾਅਦ, ਪ੍ਰਭਾਵਸ਼ੀਲਤਾ ਤੇਜ਼ੀ ਨਾਲ ਘਟ ਜਾਂਦੀ ਹੈ ਅਤੇ ਸਰਜਰੀ ਬੇਅਸਰ ਹੋ ਜਾਂਦੀ ਹੈ। ਦੇਰੀ ਦੇ ਨਤੀਜੇ ਬਹੁਤ ਗੰਭੀਰ ਹੁੰਦੇ ਹਨ। ਸਮੇਂ ਸਿਰ ਦਖਲ ਤੋਂ ਬਿਨਾਂ, ਬੱਚਿਆਂ ਨੂੰ ਬੋਲਣ ਦੀ ਸਥਾਈ ਅਯੋਗਤਾ, ਸਮਾਜਿਕ ਇਕੱਲਾਪਣ, ਸੀਮਤ ਵਿਦਿਅਕ ਮੌਕਿਆਂ ਅਤੇ ਜੀਵਨ ਭਰ ਦੀ ਨਿਰਭਰਤਾ ਦਾ ਸਾਹਮਣਾ ਕਰਨਾ ਪੈਂਦਾ ਹੈ। ਇੱਕ ਵਾਰ ਸਹੀ ਸਮੇਂ ਸਿਰ ਕੀਤੀ ਗਈ ਸਰਜਰੀ ਦਹਾਕਿਆਂ ਤੱਕ ਇਕੱਲੇਪਣ ਨਾਲ ਰਹਿਣ ਤੋਂ ਬਚਾਅ ਸਕਦੀ ਹੈ। ਸਾਰੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਇਸ ਪਹੁੰਚ ਦਾ ਵਿਸਤਾਰ ਕਰਕੇ, ਪੰਜਾਬ ਸਰਕਾਰ ਨੇ ਇਹ ਯਕੀਨੀ ਬਣਾਇਆ ਹੈ ਕਿ ਵਿੱਤੀ ਤੰਗੀ ਜਾਂ ਬੁਨਿਆਦੀ ਢਾਂਚੇ ਦੀ ਘਾਟ ਕਾਰਨ ਸਰਜਰੀ ਦਾ ਢੁੱਕਵਾਂ ਸਮਾਂ ਖੁੰਝ ਨਾ ਜਾਵੇ।

**ਰਾਸ਼ਟਰੀ ਯੋਜਨਾ ਬੰਦ ਹੋਣ ਤੋਂ ਬਾਅਦ ਵੀ ਪੰਜਾਬ ਮੋਹਰੀ**

ਜਦੋਂ ਭਾਰਤ ਸਰਕਾਰ ਦੀ ਕੋਕਲੀਅਰ ਇਮਪਲਾਂਟ ਸਕੀਮ ਨਵੰਬਰ 2023 ਵਿੱਚ ਬੰਦ ਕਰ ਦਿੱਤੀ ਗਈ, ਤਾਂ ਇਸ ਜੀਵਨ ਬਦਲਣ ਵਾਲੇ ਇਲਾਜ ਤੱਕ ਅਣਗਿਣਤ ਬੱਚਿਆਂ ਦੀ ਪਹੁੰਚ ਵੀ ਖਤਮ ਹੋ ਗਈ। ਉਸ ਨਾਜ਼ੁਕ ਮੋੜ 'ਤੇ, ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸਰਵਣ ਅਸ਼ੀਰਵਾਦ ਯੋਜਨਾ, ਸੁਣਨ ਦਾ ਹੱਕ ਸਭਦਾ ਸ਼ੁਰੂ ਕਰਕੇ ਫੈਸਲਾਕੁੰਨ ਕਦਮ ਚੁੱਕਿਆ। ਇਸ ਪਹਿਲਕਦਮੀ ਤਹਿਤ, ਪੰਜਾਬ ਸਰਕਾਰ ਵੱਲੋਂ 100 ਫੀਸਦੀ ਸੂਬਾਈ ਫੰਡਾਂ ਰਾਹੀਂ ਕੋਕਲੀਅਰ ਇਮਪਲਾਂਟ ਸਰਜਰੀਆਂ ਪੂਰੀ ਤਰ੍ਹਾਂ ਮੁਫਤ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਸੂਬਾ ਸਰਕਾਰ ਨੇ ਇਮਪਲਾਂਟ ਡਿਵਾਈਸ, ਸਰਜਰੀ ਅਤੇ ਹਸਪਤਾਲ ਵਿੱਚ ਭਰਤੀ ਸਮੇਤ ਸਾਰੇ ਖਰਚਿਆਂ ਦਾ ਬੋਝ ਚੁੱਕਿਆ, ਜਦੋਂ ਕਿ ਸਰਕਾਰੀ ਮੈਡੀਕਲ ਕਾਲਜਾਂ ਨੂੰ ਉੱਚਤਮ ਮਿਆਰਾਂ ਨਾਲ ਉੱਨਤ, ਵਿਸ਼ੇਸ਼ ਦੇਖਭਾਲ ਪ੍ਰਦਾਨ ਕਰਨ ਲਈ ਮਜ਼ਬੂਤ ਕੀਤਾ ਹੈ। ਇਸ ਸਰਗਰਮ ਪ੍ਰਤੀਕਿਰਿਆ ਨੇ ਦੇਖਭਾਲ ਦੀ ਨਿਰੰਤਰਤਾ ਨੂੰ ਯਕੀਨੀ ਬਣਾਇਆ ਅਤੇ ਪੰਜਾਬ ਨੂੰ ਬਰਾਬਰੀ ਵਾਲੀ ਤੀਜੇ ਦਰਜੇ ਦੀ ਸਿਹਤ ਸੰਭਾਲ ਵਿੱਚ ਕੌਮੀ ਆਗੂ ਵਜੋਂ ਸਥਾਪਿਤ ਕੀਤਾ।

**ਸਮੁੱਚੀ ਸਿਹਤ ਸੰਭਾਲ ਲਈ ਦ੍ਰਿਸ਼ਟੀਕੋਣ**

ਪੰਜਾਬ ਦੇ ਸਿਹਤ ਮੰਤਰੀ ਬਲਬੀਰ ਸਿੰਘ ਨੇ ਦੁਹਰਾਇਆ ਹੈ ਕਿ ਭਗਵੰਤ ਮਾਨ ਸਰਕਾਰ ਇੱਕ ਅਜਿਹੀ ਸਮਾਵੇਸ਼ੀ ਸਿਹਤ ਸੰਭਾਲ ਪ੍ਰਣਾਲੀ ਤਿਆਰ ਕਰਨ ਪ੍ਰਤੀ ਵਚਨਬੱਧ ਹੈ ਜਿੱਥੇ ਵਿੱਤੀ ਪਿਛੋਕੜ ਦੀ ਪਰਵਾਹ ਕੀਤੇ ਬਿਨਾਂ, ਹਰੇਕ ਬੱਚੇ ਲਈ ਉੱਨਤ ਡਾਕਟਰੀ ਦੇਖਭਾਲ ਪਹੁੰਚਯੋਗ ਹੋਵੇ। ਉਨ੍ਹਾਂ ਕਿਹਾ, ਇਸ ਦ੍ਰਿਸ਼ਟੀਕੋਣ ਨਾਲ, ਭਗਵੰਤ ਮਾਨ ਸਰਕਾਰ ਨੇ ਮੁੱਖ ਮੰਤਰੀ ਸਰਵਣ ਅਸ਼ੀਰਵਾਦ ਯੋਜਨਾ, 'ਸੁਣਨ ਦਾ ਹੱਕ ਸਭਦਾ' ਸ਼ੁਰੂ ਕੀਤੀ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਬੱਚਾ ਆਰਥਿਕ ਰੁਕਾਵਟਾਂ ਕਾਰਨ ਸੁਣਨ ਤੋਂ ਵਾਂਝਾ ਨਾ ਰਹੇ। ਇਸ ਪਹਿਲਕਦਮੀ ਤਹਿਤ, ਸਰਕਾਰ 100 ਫ਼ੀਸਦ ਮੁਫ਼ਤ ਕੋਕਲੀਅਰ ਇਮਪਲਾਂਟ ਸਰਜਰੀਆਂ ਪ੍ਰਦਾਨ ਕਰ ਰਹੀ ਹੈ, ਜਿਸ ਵਿੱਚ ਇਮਪਲਾਂਟ ਡਿਵਾਈਸ, ਸਰਜਰੀ ਅਤੇ ਹਸਪਤਾਲ ਵਿੱਚ ਭਰਤੀ ਸਮੇਤ ਸਾਰੀ ਲਾਗਤ ਸ਼ਾਮਲ ਹੈ।

ਪੰਜਾਬ ਦੇ ਸਿਹਤ ਮੰਤਰੀ ਨੇ ਅੱਗੇ ਦੱਸਿਆ, ਕੋਕਲੀਅਰ ਇਮਪਲਾਂਟ ਸਰਜਰੀਆਂ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਸ਼ੁਰੂ ਹੋ ਗਈਆਂ ਹਨ ਅਤੇ ਹੁਣ ਪੰਜਾਬ ਦੇ ਚਾਰੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਪੂਰੀ ਤਰ੍ਹਾਂ ਮੁਫਤ ਉਪਲਬਧ ਹਨ, ਜੋ ਸਾਰਿਆਂ ਲਈ ਬਰਾਬਰ, ਵਿਸ਼ੇਸ਼ ਅਤੇ ਸੁਚੱਜੀ ਸਿਹਤ ਸੰਭਾਲ ਵੱਲ ਇੱਕ ਅਹਿਮ ਕਦਮ ਹੈ। ਇਹ ਪਹਿਲ ਸਿਰਫ਼ ਇੱਕ ਮੈਡੀਕਲ ਪ੍ਰੋਗਰਾਮ ਨਹੀਂ ਹੈ; ਇਹ ਜਨਤਕ ਸਿਹਤ ਵਿੱਚ ਇੱਕ ਢਾਂਚਾਗਤ ਸੁਧਾਰ ਹੈ। ਵੱਧ ਲਾਗਤ ਅਤੇ ਉੱਚ-ਹੁਨਰ ਵਾਲੇ ਦਖਲ ਨੂੰ ਇੱਕ ਸਰਵਵਿਆਪੀ ਜਨਤਕ ਸੇਵਾ ਵਿੱਚ ਬਦਲ ਕੇ, ਭਗਵੰਤ ਮਾਨ ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਉੱਨਤ ਸਿਹਤ ਸੰਭਾਲ ਪਹੁੰਚਯੋਗ ਅਤੇ ਸਭ ਲਈ ਇਕ-ਸਮਾਨ ਬਣਾਈ ਜਾ ਸਕਦੀ ਹੈ। ਪੰਜਾਬ ਨੇ ਨੀਤੀਗਤ ਘੋਸ਼ਣਾਵਾਂ ਤੋਂ ਪਰੇ ਸੰਸਥਾਗਤ ਅਮਲ ਤੱਕ ਪੈਰ ਪਸਾਰ ਲਏ ਹਨ ਅਤੇ ਇਹ ਯਕੀਨੀ ਬਣਾਇਆ ਹੈ ਕਿ ਕਿਸੇ ਵੀ ਬੱਚੇ ਦਾ ਭਵਿੱਖ ਇਸ ਅਣਜਾਣ ਸੰਕਟ ਦਾ ਸ਼ਿਕਾਰ ਨਾ ਬਣੇ।

# ਹੋਲੇ ਮਹੱਲੇ ਦੇ ਮੱਦੇਨਜ਼ਰ ਆਵਾਜਾਈ ਨੂੰ ਲੈ ਕੇ ਟ੍ਰੈਫਿਕ ਅਡਵਾਈਜ਼ਰੀ ਜਾਰੀ

**ਰੂਪਨਗਰ, 27 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਕਪਤਾਨ ਪੁਲਿਸ ਰੂਪਨਗਰ ਸ. ਮਨਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਹੈ ਕਿ ਸ੍ਰੀ ਅਨੰਦਪੁਰ ਸਾਹਿਬ ਅਤੇ ਸ੍ਰੀ ਕੀਰਤਪੁਰ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਲਾਨਾ ਪਵਿੱਤਰ ਤਿਉਹਾਰ ਹੋਲਾ ਮਹੱਲਾ 27 ਫਰਵਰੀ ਤੋਂ 04 ਮਾਰਚ 2026 ਤੱਕ ਮਨਾਇਆ ਜਾ ਰਿਹਾ ਹੈ, ਜਿਸ ਸਬੰਧੀ ਆਵਾਜਾਈ ਨੂੰ ਨਿਰਵਿਘਨ ਜਾਰੀ ਰੱਖਣ ਸਬੰਧੀ ਬਦਲਵੇਂ ਰੂਟ ਪਲਾਨ ਜਾਰੀ ਕੀਤੇ ਹਨ।

ਉਨ੍ਹਾਂ ਦੱਸਿਆ ਕਿ ਹੋਲਾ ਮਹੱਲਾ ਦੌਰਾਨ ਜੋ ਵੀ ਯਾਤਰੂ ਹਿਮਾਚਲ ਪ੍ਰਦੇਸ਼ ਤੋਂ ਊਨਾ ਧਰਮਸ਼ਾਲਾ ਤੋਂ ਚੰਡੀਗੜ੍ਹ ਜਾਣਾ ਚਾਹੁੰਦੇ ਹਨ ਉਹ ਆਪਣਾ ਰੂਟ ਬਦਲ ਕੇ ਵਾਇਆ ਨੰਗਲ-ਨੂਰਪੁਰ ਬੇਦੀ-ਰੂਪਨਗਰ ਹੋ ਕੇ ਚੰਡੀਗੜ੍ਹ ਜਾ ਸਕਦੇ ਹਨ। ਇਸੇ ਤਰ੍ਹਾਂ ਜੋ ਯਾਤਰੀ ਕੁੱਲੂ ਮਨਾਲੀ ਤੋਂ ਚੰਡੀਗੜ੍ਹ ਦਿੱਲੀ ਜਾਣਾ ਚਾਹੁੰਦੇ ਹਨ ਉਹ ਆਪਣਾ ਰੂਟ ਬਦਲ ਕੇ ਵਾਇਆ ਨਾਲਾਗੜ੍ਹ-ਬੱਦੀ-ਚੰਡੀਗੜ੍ਹ ਜਾ ਸਕਦੇ ਹਨ। ਇਸ ਦੇ ਨਾਲ ਹੀ ਜੋ ਯਾਤਰੀ ਚੰਡੀਗੜ੍ਹ ਸਾਈਡ ਤੋਂ ਕੁੱਲੂ ਮਨਾਲੀ ਜਾਣਾ ਚਾਹੁੰਦੇ ਹਨ ਉਹ ਵਾਇਆ ਬੱਦੀ -ਨਾਲਗੜ ਹੋ ਕੇ ਕੁੱਲੂ ਮਨਾਲੀ ਜਾ ਸਕਦੇ ਹਨ ਅਤੇ ਜੋ ਯਾਤਰੀ ਚੰਡੀਗੜ੍ਹ ਤੋਂ ਊਨਾ ਧਰਮਸ਼ਾਲਾ ਜਾਣਾ ਚਾਹੁੰਦੇ ਹਨ ਉਹ ਵਾਇਆ ਰੂਪਨਗਰ ਤੋਂ ਨੂਰਪੁਰ ਬੇਦੀ ਨੰਗਲ ਤੋਂ ਊਨਾ ਧਰਮਸ਼ਾਲਾ ਹੋ ਕੇ ਜਾ ਸਕਦੇ ਹਨ। ਸੀਨੀਅਰ ਕਪਤਾਨ ਪੁਲਿਸ ਰੂਪਨਗਰ ਨੇ ਕਿਹਾ ਕਿ ਜੋ ਵੀ ਯਾਤਰੀ ਇਹ ਬਦਲਵੇਂ ਰੂਟ ਨੂੰ ਅਪਣਾਉਗੇ ਤਾਂ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਜਾਮ ਵਿੱਚ ਪਰੇਸ਼ਾਨੀ ਨਹੀਂ ਆਵੇਗੀ।

# ਸ਼੍ਰੀ ਖਾਟੂ ਸ਼ਿਆਮ ਵੈਲਫੇਅਰ ਸੋਸਾਇਟੀ ਸੁਨਾਮ ਨੇ ਕੱਢੀ ਸ਼੍ਰੀ ਸ਼ਿਆਮ ਨਿਸ਼ਾਨ ਯਾਤਰਾ



**ਸੁਨਾਮ ਊਧਮ ਸਿੰਘ ਵਾਲਾ, 2 ਮਾਰਚ**
**-ਸੁਭਾਸ਼ ਭਾਰਤੀ-**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਸ਼ਹਿਰ ਵਿੱਚ ਸ਼੍ਰੀ ਖਾਟੂ ਸ਼ਿਆਮ ਵੈਲਫੇਅਰ ਸੋਸਾਇਟੀ (ਰਜਿ.) ਸੁਨਾਮ ਵੱਲੋਂ ਸ਼੍ਰੀ ਸ਼ਿਆਮ ਨਿਸ਼ਾਨ ਯਾਤਰਾ ਸ਼ਰਧਾ ਤੇ ਉਤਸ਼ਾਹ ਨਾਲ ਕੱਢੀ ਗਈ। ਇਸ ਧਾਰਮਿਕ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਭਗਤਾਂ ਨੇ ਭਾਗ ਲਿਆ ਅਤੇ ਸ਼ਹਿਰ ਦਾ ਮਾਹੌਲ ਭਗਤੀ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ। ਇਸ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ ਅਤੇ ਸੰਗਤ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀਆਂ ਧਾਰਮਿਕ ਯਾਤਰਾਵਾਂ ਸਮਾਜ ਵਿੱਚ ਭਾਈਚਾਰੇ, ਸਹਿਯੋਗ ਅਤੇ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਸੋਸਾਇਟੀ ਦੇ ਮੈਂਬਰਾਂ ਅਤੇ ਸੇਵਾਦਾਰਾਂ ਦੀ ਭੂਮਿਕਾ ਦੀ ਸਰਾਹਨਾ ਕੀਤੀ ਜਿਨ੍ਹਾਂ ਨੇ ਯਾਤਰਾ ਦੀ ਸੁਚੱਜੀ ਵਿਵਸਥਾ ਲਈ ਮਹੱਤਵਪੂਰਨ ਯੋਗਦਾਨ ਪਾਇਆ। ਇਸ ਯਾਤਰਾ ਦੌਰਾਨ ਭਗਤਾਂ ਵੱਲੋਂ ਭਜਨ ਕੀਰਤਨ, ਫੁੱਲਾਂ ਦੀ ਵਰਖਾ ਅਤੇ ਸੇਵਾ ਕਾਰਜ ਕੀਤੇ ਗਏ ਅਤੇ ਆਯੋਜਕਾਂ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਨਮਾਨ ਵੀ ਕੀਤਾ ਗਿਆ।

ਸੋਸਾਇਟੀ ਅਹੁਦੇਦਾਰਾਂ ਨੇ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਗਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਧਾਰਮਿਕ ਅਤੇ ਸਮਾਜ ਸੇਵੀ ਪ੍ਰੋਗਰਾਮ ਜਾਰੀ ਰੱਖੇ ਜਾਣਗੇ। ਇਸ ਮੌਕੇ ਸ਼੍ਰੀ ਖਾਟੂ ਸ਼ਿਆਮ ਵੈਲਫੇਅਰ ਸੋਸਾਇਟੀ ਸੁਨਾਮ ਦੇ ਚੇਅਰਮੈਨ ਸੰਜੀਵ ਕੁਮਾਰ, ਪ੍ਰਧਾਨ ਮਹਿੰਦਰ ਪਾਲ, ਵਾਇਸ ਪ੍ਰਧਾਨ ਯੋਗੇਸ਼ ਜੋਸ਼ੀ, ਸੰਜੀਵ ਮੋਨੂੰ, ਮੋਨੂੰ, ਟਿੰਕਲ, ਪਾਲੀ, ਰਿੰਕੂ, ਮੁਕੇਸ਼, ਕੌਸ਼ਲ, ਮੋਨਿਕਾ ਗੋਇਲ ਭਾਜਪਾ ਸਾਬਕਾ ਕੌਂਸਲਰ, ਰਾਜੀਵ ਮੱਖਣ ਭਾਜਪਾ ਸਰਕਲ ਪ੍ਰਧਾਨ, ਧੀਰਜ ਗੋਇਲ ਆਦਿ ਹਾਜ਼ਰ ਸਨ।

# .ਫਰੀਦਕੋਟ ਵਿਖੇ ਬੱਚੇਦਾਨੀ ਦੇ ਕੈਂਸਰ ਦੀ ਰੋਕਥਾਮ ਲਈ ਐਚ.ਪੀ.ਵੀ. ਵੈਕਸੀਨੇਸ਼ਨ ਮੁਹਿੰਮ ਸਬੰਧੀ ਜ਼ਿਲ੍ਹਾ ਟਾਸਕ ਫੋਰਸ ਦੀ ਅਹਿਮ ਮੀਟਿੰਗ ਹੋਈ

## ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਰਾਜ ਪੱਧਰੀ ਐਚਪੀਵੀ ਵੈਕਸੀਨੇਸ਼ਨ ਮੁਹਿੰਮ ਦਾ ਰਸਮੀ ਆਗਾਜ

**ਫਰੀਦਕੋਟ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਬੱਚੇਦਾਨੀ ਦੇ ਕੈਂਸਰ ਵਰਗੀ ਨਾਮੁਰਾਦ ਬਿਮਾਰੀ ਤੋਂ ਔਰਤਾਂ ਨੂੰ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਵਿੱਢੀ ਜਾ ਰਹੀ ਵਿਸ਼ੇਸ਼ ਮੁਹਿੰਮ ਦੇ ਸਬੰਧ ਵਿੱਚ ਅੱਜ ਡਿਪਟੀ ਕਮਿਸ਼ਨਰ ਦਫ਼ਤਰ ਫ਼ਰੀਦਕੋਟ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀ ਵਿਕਰਮਜੀਤ ਵੱਲੋਂ ਕੀਤੀ ਗਈ, ਜਿਸ ਵਿੱਚ ਸਿਹਤ ਵਿਭਾਗ, ਸਿੱਖਿਆ ਵਿਭਾਗ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ।

ਜ਼ਿਲ੍ਹਾ ਟੀਕਾਕਰਨ ਅਫ਼ਸਰ ਫਰੀਦਕੋਟ ਡਾ. ਹੁਸਨ ਪਾਲ ਸਿੱਧੂ ਨੇ ਦੱਸਿਆ ਕਿ ਸਰਵਾਈਕਲ ਕੈਂਸਰ, ਜੋ ਕਿ ਬੱਚੇਦਾਨੀ ਦੇ ਮੂੰਹ ਦਾ ਕੈਂਸਰ ਹੈ, ਭਾਰਤ ਵਿੱਚ ਔਰਤਾਂ ਵਿੱਚ ਹੋਣ ਵਾਲਾ ਦੂਜਾ ਸਭ ਤੋਂ ਵੱਡਾ ਕੈਂਸਰ ਮੰਨਿਆ ਜਾਂਦਾ ਹੈ। ਇਸ ਦੀ ਰੋਕਥਾਮ ਲਈ ਐਚ.ਪੀ.ਵੀ. ਵੈਕਸੀਨ ਬਹੁਤ ਹੀ ਕਾਰਗਰ ਅਤੇ ਸੁਰੱਖਿਅਤ ਹੈ। ਉਨ੍ਹਾਂ ਦੱਸਿਆ ਕਿ ਇਹ ਵੈਕਸੀਨ ਪ੍ਰਾਈਵੇਟ ਹਸਪਤਾਲਾਂ ਵਿੱਚ ਬਹੁਤ ਮਹਿੰਗੀ ਮਿਲਦੀ ਹੈ, ਪਰ ਪੰਜਾਬ ਸਰਕਾਰ ਹੁਣ ਇਸ ਨੂੰ ਸਰਕਾਰੀ ਸਿਹਤ ਕੇਂਦਰਾਂ ਵਿੱਚ ਬਿਲਕੁਲ ਮੁਫ਼ਤ ਮੁਹੱਈਆ ਕਰਵਾ ਰਹੀ ਹੈ। ਇਸ ਮੁਹਿੰਮ ਦੇ ਪਹਿਲੇ ਪੜਾਅ ਤਹਿਤ 14 ਸਾਲ ਦੀਆਂ ਲੜਕੀਆਂ ਨੂੰ ਸਰਕਾਰੀ ਸਿਹਤ ਕੇਂਦਰਾਂ ਵਿਖੇ ਮੈਡੀਕਲ ਅਫ਼ਸਰਾਂ ਦੀ ਨਿਗਰਾਨੀ ਵਿੱਚ ਇਹ ਟੀਕਾ ਲਗਾਇਆ ਜਾਵੇਗਾ। ਜ਼ਿਕਰਯੋਗ ਹੈ ਕਿ ਵਿਸ਼ਵ ਸਿਹਤ ਸੰਸਥਾ (WHO) ਵੱਲੋਂ ਕੁਝ ਸਾਲ ਪਹਿਲਾਂ ਬਠਿੰਡਾ ਅਤੇ ਮਾਨਸਾ ਜ਼ਿਲ੍ਹਿਆਂ ਵਿੱਚ ਇਸ ਦਾ ਪਾਇਲਟ ਪ੍ਰੋਜੈਕਟ ਸਫ਼ਲਤਾਪੂਰਵਕ ਚਲਾਇਆ ਗਿਆ ਸੀ, ਜਿਸ ਤੋਂ ਬਾਅਦ ਹੁਣ ਇਸ ਨੂੰ ਪੂਰੇ ਪੰਜਾਬ ਵਿੱਚ ਲਾਗੂ ਕੀਤਾ ਜਾ ਰਿਹਾ ਹੈ।

ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਵਿਕਰਮਜੀਤ ਨੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਇਸ ਮੁਹਿੰਮ ਨੂੰ ਜ਼ਿਲ੍ਹੇ ਵਿੱਚ ਪੂਰੀ ਤਰ੍ਹਾਂ ਸਫ਼ਲ ਬਣਾਉਣ ਲਈ ਤਾਲਮੇਲ ਨਾਲ ਕੰਮ ਕੀਤਾ ਜਾਵੇ। ਇਸ ਮੀਟਿੰਗ ਵਿੱਚ ਡਾ. ਸਰਵਦੀਪ ਸਿੰਘ ਰੋਮਾਣਾ ਨੋਡਲ ਅਫਸਰ ਆਮ ਆਦਮੀ ਕਲੀਨਿਕ, ਲਖਵਿੰਦਰ ਕੈਂਥ ਡਿਪਟੀ ਮਾਸ ਮੀਡੀਆ ਅਫਸਰ, ਸੂਰਜ ਪ੍ਰਕਾਸ਼ ਜਿਲਾ ਪ੍ਰੋਗਰਾਮ ਮੈਨੇਜਰ ਐਨਐਚਐਮ, ਸਚਿਨ ਕੁਮਾਰ ਅਕਾਊਂਟਸ ਅਫਸਰ ਐਨਐਚਐਮ, ਡਾ. ਗਗਨ ਬਜਾਜ, ਡਾ. ਆਂਚਲ, ਡਾ. ਦੀਪਸ਼ਿਖਾ, ਡਾ. ਪ੍ਰਭਜੋਤ ਕੌਰ (ਸਹਾਇਕ ਪ੍ਰੋਫੈਸਰ, ਕਮਿਊਨਿਟੀ ਮੈਡੀਸਨ) ਗੁਰੂ ਗੋਬਿੰਦ ਸਿੰਘ ਸਰਕਾਰੀ ਮੈਡੀਕਲ ਕਾਲਜ ਫਰੀਦਕੋਟ, ਪ੍ਰਿਆ ਟੰਡਨ ਦਫਤਰ ਜਿਲਾ ਲੋਕ ਸੰਪਰਕ ਫਰੀਦਕੋਟ, ਆਈ.ਐਮ.ਏ. ਪ੍ਰਧਾਨ ਡਾ. ਐਸ.ਐਸ. ਬਰਾੜ, ਸੀ.ਡੀ.ਪੀ.ਓ. ਤੋਂ ਸੁਪਰਵਾਈਜ਼ਰ ਰਾਜਪਾਲ ਕੌਰ ਅਤੇ ਜਸਵੀਰ ਕੌਰ, ਸਿੱਖਿਆ ਵਿਭਾਗ ਤੋਂ ਪਵਨ ਕੁਮਾਰ ਡਿਪਟੀ ਡੀਈਓ ਐਲੀਮੈਂਟਰੀ, ਪਰਮਜੀਤ ਸਿੰਘ ਸੁਪਰਡੈਂਟ ਡੀਈਓ ਸੈਕੰਡਰੀ, ਸਲਵਿੰਦਰ ਸਿੰਘ ਸਟੈਨੋ, ਹੀਰਾ ਲਾਲ ਕੰਮਪਿਊਟਰ ਅਪ੍ਰੇਟਰ ਸਿਹਤ ਵਿਭਾਗ ਫਰੀਦਕੋਟ ਸਮੇਤ ਹੋਰ ਕਈ ਸੀਨੀਅਰ ਅਧਿਕਾਰੀ ਹਾਜ਼ਰ ਸਨ। ਪ੍ਰਸ਼ਾਸਨ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੀਆਂ ਬੱਚੀਆਂ ਦੀ ਸਿਹਤ ਸੁਰੱਖਿਆ ਲਈ ਇਸ ਮੁਫ਼ਤ ਟੀਕਾਕਰਨ ਮੁਹਿੰਮ ਦਾ ਵੱਧ ਤੋਂ ਵੱਧ ਲਾਭ ਉਠਾਉਣ।

# ਵਿਕਾਸ ਯਾਦਵ ਨੂੰ ਸੁਪਰੀਮ ਕੋਰਟ ਤੋਂ ਰਾਹਤ ਹੋਲੀ ਲਈ 7 ਮਾਰਚ ਤੱਕ ਪੈਰੋਲ ਮਨਜ਼ੂਰ



**ਨਵੀਂ ਦਿੱਲੀ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਨਿਤੀਸ਼ ਕਟਾਰਾ ਕਤਲ ਕੇਸ ਦੇ ਦੋਸ਼ੀ ਵਿਕਾਸ ਯਾਦਵ ਦੀ ਪੈਰੋਲ ਦੀ ਅਰਜ਼ੀ ਸਵੀਕਾਰ ਕਰ ਲਈ ਹੈ। ਵਿਕਾਸ ਯਾਦਵ ਸਾਲ 2002 ਵਿੱਚ ਹੋਏ ਇਸ ਕਤਲ ਦੇ ਦੋਸ਼ ਹੇਠ ਬਿਨਾਂ ਕਿਸੇ ਛੋਟ ਦੇ 25 ਸਾਲ ਦੀ ਸਜ਼ਾ ਕੱਟ ਰਿਹਾ ਹੈ। ਅਦਾਲਤ ਨੇ ਕਿਹਾ ਕਿ ਉਹ ਪਿਛਲੇ 23 ਸਾਲਾਂ ਤੋਂ ਜੇਲ੍ਹ ਵਿੱਚ ਹੈ, ਇਸ ਲਈ ਉਸ ਨੂੰ ਹੋਲੀ ਦੇ ਤਿਉਹਾਰ ਦੌਰਾਨ ਆਪਣੇ ਪਰਿਵਾਰ ਨਾਲ ਸਮਾਂ ਬਿਤਾਉਣ ਲਈ 7 ਮਾਰਚ ਤੱਕ ਜੇਲ੍ਹ ਤੋਂ ਬਾਹਰ ਰਹਿਣ ਦੀ ਇਜਾਜ਼ਤ ਦਿੱਤੀ ਗਈ ਹੈ। ਜਸਟਿਸ ਐਮ.ਐਮ. ਸੁੰਦਰੇਸ਼ ਅਤੇ ਜਸਟਿਸ ਵਿਪੁਲ ਐਮ. ਪੰਚੋਲੀ ਦੇ ਬੈਂਚ ਨੇ ਕਿਹਾ ਕਿ ਅਜਿਹੀ ਰਾਹਤ ਕਦੇ-ਕਦੇ ਅਪਰਾਧੀਆਂ ਦੀ ਬਿਰਤੀ ਵਿਚ ਸੁਧਾਰ ਲਿਆਉਣ ਵਿਚ ਸਹਾਈ ਸਿੱਧ ਹੋ ਸਕਦੀ ਹੈ।

ਅਦਾਲਤ ਨੇ ਸੁਣਵਾਈ ਦੌਰਾਨ ਸ਼ਿਕਾਇਤਕਰਤਾ ਦੇ ਵਕੀਲ ਦੇ ਇਤਰਾਜ਼ਾਂ ਨੂੰ ਰੱਦ ਕਰਦਿਆਂ ਸਖ਼ਤ ਟਿੱਪਣੀ ਕੀਤੀ ਕਿ 23 ਸਾਲ ਬੀਤ ਜਾਣ ਤੋਂ ਬਾਅਦ ਵੀ ਗੱਲਾਂ ਨੂੰ ਪਿੱਛੇ ਛੱਡ ਦੇਣਾ ਚਾਹੀਦਾ ਹੈ। ਇਸ ਤੋਂ ਪਹਿਲਾਂ ਦਿੱਲੀ ਹਾਈ ਕੋਰਟ ਨੇ 11 ਫਰਵਰੀ ਨੂੰ ਵਿਕਾਸ ਦੀ 21 ਦਿਨਾਂ ਦੀ ਪੈਰੋਲ ਦੀ ਅਰਜ਼ੀ ਇਹ ਕਹਿ ਕੇ ਰੱਦ ਕਰ ਦਿੱਤੀ ਸੀ ਕਿ ਉਹ ਦਿੱਲੀ ਜੇਲ੍ਹ ਨਿਯਮਾਂ ਤਹਿਤ ਇਸ ਰਾਹਤ ਲਈ ਯੋਗ ਨਹੀਂ ਹੈ। ਵਿਕਾਸ ਯਾਦਵ ਉੱਤਰ ਪ੍ਰਦੇਸ਼ ਦੇ ਸਾਬਕਾ ਸਿਆਸਤਦਾਨ ਡੀ.ਪੀ. ਯਾਦਵ ਦਾ ਪੁੱਤਰ ਹੈ। ਉਸ ਨੇ ਆਪਣੇ ਚਚੇਰੇ ਭਰਾ ਵਿਸ਼ਾਲ ਯਾਦਵ ਨਾਲ ਮਿਲ ਕੇ ਨਿਤੀਸ਼ ਕਟਾਰਾ ਦਾ ਇਸ ਲਈ ਕਤਲ ਕਰ ਦਿੱਤਾ ਸੀ ਕਿਉਂਕਿ ਉਹ ਆਪਣੀ ਭੈਣ ਭਾਰਤੀ ਯਾਦਵ ਦੇ ਨਿਤੀਸ਼ ਨਾਲ ਸਬੰਧਾਂ ਦੇ ਖਿਲਾਫ ਸੀ।

# ਆਬਕਾਰੀ ਨੀਤੀ ਮਾਮਲੇ ਵਿੱਚ ਅਰਵਿੰਦ ਕੇਜਰੀਵਾਲ ਦੇ ਬਾ-ਇੱਜ਼ਤ ਬਰੀ ਹੋਣ ਨਾਲ ਪ੍ਰਧਾਨ ਮੰਤਰੀ ਮੋਦੀ ਅਤੇ ਅਮਿਤ ਸ਼ਾਹ ਵੱਲੋਂ 'ਆਪ' ਨੂੰ ਨਿਸ਼ਾਨਾ ਬਣਾਉਣ ਦੀ ਸਾਜ਼ਿਸ਼ ਦਾ ਪਰਦਾਫਾਸ਼ ਹੋਇਆ: ਭਗਵੰਤ ਸਿੰਘ ਮਾਨ

## ➢ ਅਰਵਿੰਦ ਕੇਜਰੀਵਾਲ ਵਿਰੁੱਧ ਕੇਸ ਰੱਦ ਕਰਨ ਦੇ ਅਦਾਲਤ ਦੇ ਫੈਸਲੇ ਨੇ ਕੇਂਦਰ ਸਰਕਾਰ ਵੱਲੋਂ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਦਾ ਪਰਦਾਫਾਸ਼ ਕੀਤਾ ➢ ਭਾਰਤੀ ਰਾਜਨੀਤੀ 'ਚ ਇਤਿਹਾਸਕ ਦਿਨ ਕਿਉਂਕਿ ਸੱਚਾਈ ਦੀ ਜਿੱਤ ਹੋਈ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਥੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸੀਨੀਅਰ 'ਆਪ' ਨੇਤਾ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਅਤੇ ਹੋਰਾਂ ਵਿਰੁੱਧ ਆਬਕਾਰੀ ਨੀਤੀ ਮਾਮਲੇ ਵਿੱਚ ਅਦਾਲਤ ਵੱਲੋਂ ਦੋਸ਼ਾਂ ਨੂੰ ਰੱਦ ਕੀਤੇ ਜਾਣ ਨਾਲ ਪਾਰਟੀ ਦੇ ਸਟੈਂਡ 'ਤੇ ਦ੍ਰਿੜ ਮੋਹਰ ਲੱਗੀ ਹੈ, ਜਿਸ ਵਿੱਚ ਪਾਰਟੀ ਵੱਲੋਂ ਲਗਾਤਾਰ ਇਹ ਕਿਹਾ ਜਾ ਰਿਹਾ ਸੀ ਕਿ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਅਤੇ ਹੋਰ ਕੇਂਦਰੀ ਏਜੰਸੀਆਂ ਵਿਰੋਧੀ ਸਿਆਸੀ ਪਾਰਟੀਆਂ ਨੂੰ ਨਿਸ਼ਾਨਾ ਬਣਾਉਣ ਲਈ ਕੇਂਦਰ ਸਰਕਾਰ ਦੀਆਂ ਕਠਪੁਤਲੀਆਂ ਬਣ ਕੇ ਕੰਮ ਕਰ ਰਹੀਆਂ ਹਨ,

ਇੱਕ ਵੀਡੀਓ ਸੰਦੇਸ਼ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦੀ ਰਾਜਨੀਤੀ ਵਿੱਚ ਇਹ ਇੱਕ ਇਤਿਹਾਸਕ ਦਿਨ ਹੈ ਕਿਉਂਕਿ ਅਦਾਲਤ ਨੇ ਅਰਵਿੰਦ ਕੇਜਰੀਵਾਲ ਅਤੇ 23 ਹੋਰਾਂ ਨੂੰ ਬਰੀ ਕਰ ਦਿੱਤਾ ਹੈ ਜਿਨ੍ਹਾਂ ਖ਼ਿਲਾਫ਼ ਸੀਬੀਆਈ ਨੇ ਗਲਤ ਤਰੀਕੇ ਨਾਲ ਕੇਸ ਦਰਜ ਕੀਤਾ ਸੀ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਅਤੇ ਹੋਰਾਂ ਵਿਰੁੱਧ ਇਹ ਕੇਸ ਕੇਂਦਰ ਸਰਕਾਰ ਵੱਲੋਂ ਆਮ ਆਦਮੀ ਪਾਰਟੀ, ਜੋ ਆਪਣੇ ਚੰਗੇ ਕੰਮਾਂ ਨਾਲ ਦੇਸ਼ ਭਰ 'ਚ ਆਪਣਾ ਆਧਾਰ ਫੈਲ ਰਹੀ ਹੈ, ਨੂੰ ਰੋਕਣ ਦੀ ਨਿਰਾਸ਼ਾਜਨਕ ਕੋਸ਼ਿਸ਼ ਸੀ। ਉਨ੍ਹਾਂ ਕਿਹਾ ਕਿ ਅਦਾਲਤ ਦਾ ਇਹ ਹੁਕਮ ਇਸ ਗੱਲ ਦਾ ਪ੍ਰਮਾਣ ਹੈ ਕਿ ਹਨੇਰੀ ਰਾਤ, ਭਾਵੇਂ ਉਹ ਕਿੰਨੀ ਵੀ ਲੰਬੀ ਕਿਉਂ ਨਾ ਹੋਵੇ, ਖਤਮ ਜ਼ਰੂਰ ਹੁੰਦੀ ਹੈ ਅਤੇ ਸਦਾ ਸੱਚਾਈ ਤੇ ਰੌਸ਼ਨੀ ਦੀ ਜਿੱਤ ਹੁੰਦੀ ਹੈ।

ਅਰਵਿੰਦ ਕੇਜਰੀਵਾਲ ਅਤੇ ਪਾਰਟੀ ਲਈ ਅਰਦਾਸ ਕਰਨ ਵਾਲੇ ਲੋਕਾਂ ਦਾ ਧੰਨਵਾਦ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਆਮ ਲੋਕਾਂ ਦੀਆਂ ਅਰਦਾਸਾਂ/ਪ੍ਰਾਰਥਨਾਵਾਂ ਦਾ ਹੀ ਚਮਤਕਾਰ ਹੈ ਜੋ ਇਹ ਇਮਾਨਦਾਰ ਆਗੂਆਂ ਅੱਜ ਬਾ-ਇੱਜ਼ਤ ਬਰੀ ਹੋ ਗਏ ਹਨ। ਅਦਾਲਤ ਦੇ ਹੁਕਮ ਨੇ ਸੀਬੀਆਈ ਦੇ ਕੰਮਕਾਜ 'ਤੇ ਗੰਭੀਰ ਸਵਾਲੀਆ ਨਿਸ਼ਾਨ ਲਗਾ ਦਿੱਤਾ ਹੈ, ਜੋ ਆਪਣੇ ਆਕਾਵਾਂ ਦੇ ਹੱਥਾਂ ਦੀ ਕਠਪੁਤਲੀ ਬਣ ਕੇ ਕੰਮ ਕਰ ਰਹੀ ਹੈ। ਇਸਨੇ ਲੋਕਤੰਤਰ ਦੀ ਆਵਾਜ਼ ਨੂੰ ਦਬਾਉਣ ਲਈ ਕੇਂਦਰ ਵਿੱਚ ਸੱਤਾਧਾਰੀ ਲੋਕਾਂ ਦੁਆਰਾ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਦਾ ਪਰਦਾਫਾਸ਼ ਕੀਤਾ ਹੈ।

ਦਿੱਲੀ ਵਿੱਚ ਹੋਏ ਰਾਜਨੀਤਿਕ ਘਟਨਾਕ੍ਰਮ ਦਾ ਹਵਾਲਾ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦਿੱਲੀ ਵਿੱਚ ਸਿਰਫ਼ ਚੋਣਾਂ ਜਿੱਤਣ ਲਈ, ਆਮ ਆਦਮੀ ਪਾਰਟੀ ਦੀ ਸਾਰੀ ਦੀ ਸਾਰੀ ਉੱਚ-ਪੱਧਰੀ ਲੀਡਰਸ਼ਿਪ ਨੂੰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਸਲਾਖਾਂ ਪਿੱਛੇ ਸੁੱਟ ਦਿੱਤਾ ਸੀ। ਅਦਾਲਤ ਦੇ ਅੱਜ ਦੇ ਫੈਸਲੇ ਨੇ ਸਾਬਤ ਕਰ ਦਿੱਤਾ ਹੈ ਕਿ ਅਰਵਿੰਦ ਕੇਜਰੀਵਾਲ ਇੱਕ ਇਮਾਨਦਾਰ ਆਦਮੀ ਹਨ ਜੋ ਲੋਕਾਂ ਦੇ ਦਿਲਾਂ 'ਤੇ ਰਾਜ ਕਰਦੇ ਹਨ ਕਿਉਂਕਿ ਉਹ ਸਿਰਫ਼ ਸੱਚ ਦੇ ਰਾਹ 'ਤੇ ਚੱਲਣਾ ਜਾਣਦੇ ਹਨ। ਉਨ੍ਹਾਂ ਕਿਹਾ ਕਿ 'ਆਪ' ਦੇ ਕੌਮੀ ਕਨਵੀਨਰ ਦਾ ਹਰ ਵਲੰਟੀਅਰ ਸਿਰਫ਼ ਲੋਕਾਂ ਦੀ ਸੇਵਾ ਲਈ ਹੀ ਰਾਜਨੀਤੀ 'ਚ ਆਇਆ ਹੈ, ਕਿਉਂਕਿ ਜੇ ਪੈਸੇ ਪੱਖੋਂ ਦੇਖੀਏ ਤਾਂ ਉਹ ਪਹਿਲਾਂ ਹੀ ਆਪਣੇ-ਆਪਣੇ ਖੇਤਰਾਂ ਵਿੱਚ ਚੰਗੀ ਕਮਾਈ ਕਰ ਰਹੇ ਸਨ।

ਰਵਾਇਤੀ ਸਿਆਸੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਆਮ ਆਦਮੀ ਪਾਰਟੀ ਤੋਂ ਈਰਖਾ ਕਰਦੀਆਂ ਹਨ ਕਿਉਂਕਿ ਅਸੀਂ ਹਮੇਸ਼ਾ ਆਮ ਆਦਮੀ ਦੀ ਭਲਾਈ ਦਾ ਏਜੰਡਾ ਲੈ ਕੇ ਚੱਲਦੇ ਹਾਂ। ਉਨ੍ਹਾਂ ਕਿਹਾ ਕਿ ਪਹਿਲਾਂ ਕਾਂਗਰਸ ਅਤੇ ਭਾਜਪਾ ਆਪਣੇ ਸੱਤਾ ਦੇ ਦਿਨਾਂ ਦੌਰਾਨ ਰੋਟੇਸ਼ਨ ਦੇ ਆਧਾਰ 'ਤੇ ਸੱਤਾ ਦਾ ਆਨੰਦ ਮਾਣਦਿਆਂ ਅਤੇ ਇੱਕ ਦੂਜੇ ਦੇ ਹਿੱਤਾਂ ਨੂੰ ਸੁਰੱਖਿਅਤ ਰੱਖਦਿਆਂ ਦੋਸਤਾਨਾ ਮੈਚ ਖੇਡਦੀਆਂ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਪਾਰਟੀਆਂ ਸਦਾ ਸੱਤਾ ਦੀ ਕੁਰਸੀ ਦੀ ਖੇਡ ਖੇਡਦੀਆਂ ਰਹੀਆਂ ਹਨ, ਜਿਨ੍ਹਾਂ ਨੇ ਆਪਣੀ-ਆਪਣੀ ਵਾਰੀ ਅਨੁਸਾਰ ਦੇਸ਼ ਅਤੇ ਇਸਦੇ ਲੋਕਾਂ ਨੂੰ ਰੱਜ ਕੇ ਲੁੱਟਿਆ।

ਉਨ੍ਹਾਂ ਅੱਗੇ ਕਿਹਾ ਕਿ ਇਹ ਗੰਦਾ ਨਾਟਕ ਉਦੋਂ ਬੰਦ ਹੋ ਗਿਆ ਸੀ ਜਦੋਂ



ਆਮ ਆਦਮੀ ਪਾਰਟੀ ਨੇ ਦੇਸ਼ ਦੀ ਰਾਜਨੀਤੀ ਦੇ ਕੇਂਦਰ ਵਿੱਚ ਕਦਮ ਰੱਖਿਆ, ਜੋ ਇਹ ਪਾਰਟੀਆਂ ਕਦੇ ਨਹੀਂ ਚਾਹੁੰਦੀਆਂ ਸਨ ਕਿ ਅਜਿਹਾ ਹੋਵੇ। ਉਨ੍ਹਾਂ ਕਿਹਾ ਕਿ ਜੋ ਕੋਈ ਵੀ ਭ੍ਰਿਸ਼ਟਾਚਾਰ ਅਤੇ ਇਨ੍ਹਾਂ ਪਾਰਟੀਆਂ ਦੇ ਘਿਨਾਉਣੇ ਕਾਰਨਾਮਿਆਂ ਵਿਰੁੱਧ ਆਵਾਜ਼ ਉਠਾਉਂਦਾ ਹੈ, ਉਸ ਨੂੰ ਇਨ੍ਹਾਂ ਦੀ ਬਦਲਾਖ਼ੋਰੀ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਬਿਨਾਂ ਕਿਸੇ ਕਾਰਨ ਜੇਲ੍ਹਾਂ ਵਿੱਚ ਡੱਕ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਭ੍ਰਿਸ਼ਟਾਚਾਰੀ ਲੋਕ, ਜਿਨ੍ਹਾਂ ਦੀਆਂ ਜੜ੍ਹਾਂ ਅਤੇ ਹਰ ਪਾਸੇ ਫੈਲੀਆਂ ਹੋਈਆਂ ਹਨ, ਇਮਾਨਦਾਰ ਲੋਕਾਂ ਨੂੰ ਨਿਸ਼ਾਨਾ ਬਣਾਉਂਦੇ ਹਨ ਅਤੇ ਉਨ੍ਹਾਂ 'ਤੇ ਝੂਠੇ ਕੇਸ ਪਾਉਂਦੇ ਹਨ।

ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਲੋਕਾਂ ਤੋਂ ਵੋਟਾਂ ਮੰਗਣ ਦੀ ਬਜਾਏ ਵੋਟਾਂ ਦਾ ਆਪਣਾ ਡੇਟਾਬੇਸ ਬਣਾ ਕੇ ਲੋਕਤੰਤਰ ਨੂੰ ਢਾਹ ਲਗਾਉਣ ਦੀ ਇੱਕ ਚਾਲ ਹੈ। ਜਨਤਾ ਅੱਗੇ ਹੱਥ ਜੋੜ ਕੇ ਉਨ੍ਹਾਂ ਤੋਂ ਵੋਟਾਂ ਮੰਗਣ ਦੀ ਬਜਾਏ, ਕੇਂਦਰ ਸਰਕਾਰ ਨੇ ਇਹ ਰਣਨੀਤੀ ਤਿਆਰ ਕੀਤੀ ਹੈ ਜਿੱਥੇ ਇਹਨਾਂ ਵੋਟਰਾਂ ਨੂੰ ਵਰਤੋਂ ਕਿਸੇ ਵੀ ਸੂਬੇ ਵਿੱਚ ਆਪਣੀ ਪਾਰਟੀ ਦੀ ਜਿੱਤ ਲਈ ਹੇਰਾਫੇਰੀ ਕਰਨ ਲਈ ਕੀਤੀ ਜਾਂਦੀ ਹੈ। ਇਹ ਦੇਸ਼, ਇਸਦੇ ਲੋਕਾਂ ਅਤੇ ਇੱਥੋਂ ਤੱਕ ਕਿ ਲੋਕਤੰਤਰ ਲਈ ਵੀ ਬੇਹੱਦ ਘਾਤਕ ਹੈ। ਭਾਰਤੀ ਆਜ਼ਾਦੀ ਸੰਗਰਾਮ ਦੇ ਨਾਇਕ ਕੇਂਦਰ ਦੇ ਇਸ ਵਤੀਰੇ ਤੋਂ ਨਾਰਾਜ਼ ਹੋਏ ਹੋਣਗੇ।

ਪ੍ਰਧਾਨ ਮੰਤਰੀ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸਿੱਧੀ ਚੁਣੌਤੀ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, ਜੇ ਤੁਸੀਂ ਰਾਜ ਕਰਨਾ ਚਾਹੁੰਦੇ ਹੋ ਤਾਂ ਠੀਕ ਹੈ ਪਰ ਇਸ ਲਈ ਤੁਹਾਨੂੰ ਆਪਣੇ ਕੰਮ ਨਾਲ ਲੋਕਾਂ ਦਾ ਦਿਲ ਜਿੱਤਣਾ ਚਾਹੀਦਾ ਹੈ ਨਾ ਕਿ ਅਜਿਹੀਆਂ ਸੌੜੀਆਂ ਚਾਲਾਂ ਚੱਲਣੀਆਂ ਚਾਹੀਦੀਆਂ ਹਨ। ਦੇਸ਼ ਵਿੱਚ ਸਿੱਖਿਆ, ਸੜਕਾਂ, ਬਿਜਲੀ, ਸਿਹਤ ਖੇਤਰ, ਰੁਜ਼ਗਾਰ ਅਤੇ ਹੋਰ ਖੇਤਰਾਂ ਵਿੱਚ ਸੁਧਾਰ ਕਰਨ ਦੀ ਬਜਾਏ, ਭਾਜਪਾ ਨਫ਼ਰਤ ਅਤੇ ਵੰਡ ਦੇ ਆਪਣੇ ਏਜੰਡੇ ਨੂੰ ਉਤਸ਼ਾਹਿਤ ਕਰ ਰਹੀ ਹੈ। ਇਹ ਲੋਕਤੰਤਰੀ ਢਾਂਚੇ ਰਾਹੀਂ ਚੁਣੇ ਗਏ ਤਾਨਾਸ਼ਾਹ ਆਪਣੇ ਸਿਆਸੀ ਵਿਰੋਧੀਆਂ ਵਿੱਚ ਅਸਹਿਮਤੀ ਅਤੇ ਲਾਲਚ ਰਾਹੀਂ ਚੋਣ ਚਿੰਨ੍ਹਾਂ ਨੂੰ ਫ੍ਰੀਜ਼ ਕਰਦੇ ਹਨ ਅਤੇ ਫਿਰ ਚੋਣਾਂ ਵਿੱਚ ਹੇਰਾਫੇਰੀ ਕਰਦੇ ਹਨ।


ਨਿਸ਼ਾਨਾ ਸਾਧਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, ਹਰ ਦੇਸ਼ ਭਗਤ ਚਾਹੁੰਦਾ ਹੈ ਕਿ ਉਨ੍ਹਾਂ ਦਾ ਦੇਸ਼ ਮੋਹਰੀ ਬਣੇ ਅਤੇ ਮੋਦੀ-ਸ਼ਾਹ ਦੀ ਜੋੜੀ ਦੀਆਂ ਹੇਰਾਫੇਰੀਆਂ ਦਾ ਗਵਾਹ ਨਾ ਬਣੇ। ਕੇਂਦਰ ਵੱਲੋਂ ਦੇਸ਼ ਨੂੰ ਚਲਾਉਣ ਦੇ ਤਰੀਕਿਆਂ ਬਾਰੇ ਹਰ ਇਮਾਨਦਾਰ ਦੇਸ਼ ਵਾਸੀ ਵੱਲੋਂ ਇਤਰਾਜ਼ ਕੀਤਾ ਜਾਂਦਾ ਹੈ। ਉਨ੍ਹਾਂ ਨੂੰ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਦੇਸ਼ ਨੂੰ ਸੰਪਰਦਾਇਕ ਲੀਹਾਂ 'ਤੇ ਵੰਡਣਾ ਬੰਦ ਕਰ ਦੇਣਾ ਚਾਹੀਦਾ ਹੈ ਕਿਉਂਕਿ ਇਹ ਦੇਸ਼ ਦੇ ਹੱਕ ਵਿੱਚ ਨਹੀਂ ਹੈ।

ਭਗਵੰਤ ਸਿੰਘ ਮਾਨ ਨੇ ਕਿਹਾ, ਇੱਕ ਗੁਲਦਸਤੇ ਵਿੱਚ ਕਈ ਤਰ੍ਹਾਂ ਦੇ ਫੁੱਲ ਹੁੰਦੇ ਹਨ ਜੋ ਲੋਕਾਂ ਨੂੰ ਆਕਰਸ਼ਿਤ ਕਰਦੇ ਹਨ ਅਤੇ ਉਹ ਇਸਨੂੰ ਦੇਖਣਾ ਪਸੰਦ ਕਰਦੇ ਹਨ। ਫੁੱਲਾਂ ਦੀ ਕਿਸਮ ਹਰ ਵਿਅਕਤੀਆਂ ਦੀਆਂ ਅੱਖਾਂ ਨੂੰ ਸਕੂਲ ਦਿੰਦੀ ਹੈ ਅਤੇ ਲੋਕ ਉਹਨਾਂ ਨੂੰ ਦੇਖਣ ਲਈ ਇਕੱਠੇ ਹੁੰਦੇ ਹਨ, ਪਰ ਜੇਕਰ ਸਿਰਫ ਇੱਕ ਕਿਸਮ ਦਾ ਫੁੱਲ ਹੋਵੇ ਤਾਂ ਇਕਸਾਰਤਾ ਪੈਦਾ ਹੁੰਦੀ ਹੈ। ਇਸੇ ਤਰ੍ਹਾਂ, ਦੇਸ਼ ਦੀ ਤਰੱਕੀ ਲਈ ਸਮਾਜ ਵਿੱਚ ਹਰ ਧਰਮ ਦੀ ਸਦਭਾਵਨਾਪੂਰਨ ਅਤੇ ਸ਼ਾਂਤੀਪੂਰਨ ਸਹਿ-ਹੋਂਦ ਬੇਹੱਦ ਅਹਿਮ ਹੈ।

ਅਰਵਿੰਦ ਕੇਜਰੀਵਾਲ ਦੀ ਅਗਵਾਈ ਦੀ ਪ੍ਰਸ਼ੰਸਾ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, ਅਰਵਿੰਦ ਕੇਜਰੀਵਾਲ ਇੱਕ ਅਜਿਹੇ ਵਿਅਕਤੀ ਹਨ ਜਿਹਨਾਂ ਨੇ ਸਖ਼ਤ ਮਿਹਨਤ ਅਤੇ ਲਗਨ ਨਾਲ ਦਿੱਲੀ ਦੀ ਨੁਹਾਰ ਬਦਲ ਦਿੱਤੀ। ਜਦੋਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਦਿੱਲੀ ਵਿੱਚ ਸੱਤਾ ਸੰਭਾਲੀ, ਤਾਂ ਸਾਲਾਨਾ ਬਜਟ 30,000 ਕਰੋੜ ਰੁਪਏ ਸੀ ਅਤੇ ਆਮ ਆਦਮੀ ਅਧੀਨ ਦਿਲੀ ਦਾ ਆਖਰੀ ਬਜਟ 66,000 ਕਰੋੜ ਰੁਪਏ ਸੀ। ਲੋਕਾਂ ਨੂੰ ਮੁਫ਼ਤ ਬਿਜਲੀ, ਵਿਸ਼ਵ ਪੱਧਰੀ ਸਕੂਲ, ਮੁਹੱਲਾ ਕਲੀਨਿਕ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਪ੍ਰਦਾਨ ਕਰਨ 'ਤੇ ਇੱਕ-ਇੱਕ ਪੈਸਾ ਪੂਰੀ ਸਮਝਦਾਰੀ ਨਾਲ ਖਰਚ ਕੀਤਾ ਗਿਆ।

ਭਗਵੰਤ ਸਿੰਘ ਮਾਨ ਨੇ ਕਿਹਾ, ਅਰਵਿੰਦ ਕੇਜਰੀਵਾਲ ਦੇਸ਼ ਲਈ ਰੋਏ ਸਨ ਕਿਉਂਕਿ ਦੇਸ਼ ਦੀ ਹਾਲਤ ਹਰ ਗੁਜ਼ਰਦੇ ਦਿਨ ਨਾਲ ਬਦਤਰ ਹੁੰਦੀ ਜਾ ਰਹੀ ਹੈ। ਇੱਕ ਇਮਾਨਦਾਰ ਆਦਮੀ ਨਾਲ ਅਜਿਹਾ ਸਲੂਕ ਵਾਜਬ ਨਹੀਂ ਹੈ। ਅੱਜ ਭਾਰਤ ਨੂੰ ਪ੍ਰਚਲਿਤ ਮੁਸ਼ਕਲਾਂ ਤੋਂ ਬਾਹਰ ਕੱਢਣ ਲਈ ਸਿਰਫ਼ ਦੇਸ਼ ਭਗਤੀ ਦੇ ਇੰਜਣ ਦੀ ਲੋੜ ਹੈ। ਸੱਤਾ ਵਿੱਚ ਬੈਠੇ ਲੋਕ ਦੇਸ਼ ਵਿੱਚ ਡਬਲ ਇੰਜਣ ਜਾਂ ਟ੍ਰਿਪਲ ਇੰਜਣ ਸਰਕਾਰਾਂ ਨੂੰ ਉਤਸ਼ਾਹਿਤ ਕਰ ਰਹੇ ਹਨ, ਜਿਨ੍ਹਾਂ ਦੀ ਬਿਲਕੁੱਲ ਵੀ ਜ਼ਰੂਰਤ ਨਹੀਂ ਹੈ।

# ਹੋਲਾ ਮਹੱਲਾ ਮੌਕੇ ਸਬ ਡਵੀਜ਼ਨ ਹਸਪਤਾਲ ਸ੍ਰੀ ਆਨੰਦਪੁਰ ਸਾਹਿਬ ਵਿਖੇ ਸਿਹਤ ਪ੍ਰਦਰਸ਼ਨੀ ਦਾ ਆਯੋਜਨ



**ਸ੍ਰੀ ਆਨੰਦਪੁਰ ਸਾਹਿਬ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਅਤੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹੋਲਾ ਮਹੱਲਾ ਦੇ ਪਾਵਨ ਮੌਕੇ ਸਬ ਡਵੀਜ਼ਨ ਹਸਪਤਾਲ ਵਿਖੇ ਵਿਸ਼ੇਸ਼ ਸਿਹਤ ਪ੍ਰਦਰਸ਼ਨੀ ਲਗਾਈ ਗਈ। ਇਸ ਪ੍ਰਦਰਸ਼ਨੀ ਦਾ ਮੁੱਖ ਉਦੇਸ਼ ਸ਼ਰਧਾਲੂਆਂ ਅਤੇ ਸਥਾਨਕ ਨਿਵਾਸੀਆਂ ਨੂੰ ਸਿਹਤ ਸੰਬੰਧੀ ਜਾਣਕਾਰੀ ਪ੍ਰਦਾਨ ਕਰਨਾ ਅਤੇ ਸਰਕਾਰੀ ਸਿਹਤ ਯੋਜਨਾਵਾਂ ਬਾਰੇ ਜਾਗਰੂਕ ਕਰਨਾ ਹੈ। ਪ੍ਰਦਰਸ਼ਨੀ ਵਿੱਚ ਆਯੁਸ਼ਮਾਨ ਭਾਰਤ ਯੋਜਨਾ, ਮੁੱਖ ਮੰਤਰੀ ਸਿਹਤ ਯੋਜਨਾ, ਮੁਫ਼ਤ ਦਵਾਈਆਂ ਅਤੇ ਜਾਂਚ ਸਹੂਲਤਾਂ, ਟੀਕਾਕਰਨ, ਮਾਤਾ-ਸ਼ਿਸ਼ੂ ਸਿਹਤ ਸੇਵਾਵਾਂ, ਟੀ.ਬੀ. ਮੁਕਤੀ ਅਭਿਆਨ, ਐਚ.ਆਈ.ਵੀ./ਏਡਜ਼ ਜਾਗਰੂਕਤਾ, ਨਸ਼ਾ ਮੁਕਤੀ ਅਤੇ ਗੈਰ-ਸੰਚਾਰੀ ਬਿਮਾਰੀਆਂ (ਜਿਵੇਂ ਸ਼ੂਗਰ ਅਤੇ ਬਲੱਡ ਪ੍ਰੈਸ਼ਰ) ਬਾਰੇ ਜਾਣਕਾਰੀ ਸਟਾਲ ਲਗਾਏ ਗਏ ਹਨ। ਵਿਸ਼ੇਸ਼ ਤੌਰ 'ਤੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਮੁਫ਼ਤ ਇਲਾਜ ਸਹੂਲਤਾਂ ਅਤੇ ਯੋਗਤਾ ਮਾਪਦੰਡਾਂ ਬਾਰੇ ਲੋਕਾਂ ਨੂੰ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ ਹੈ।

ਇਸ ਦੇ ਨਾਲ ਹੀ ਹੋਲਾ ਮਹੱਲਾ ਮੌਕੇ ਸ਼ਰਧਾਲੂਆਂ ਦੀ ਸਹੂਲਤ ਲਈ ਸ੍ਰੀ ਆਨੰਦਪੁਰ ਸਾਹਿਬ ਵਿਖੇ ਵੱਖ-ਵੱਖ ਥਾਂਵਾ 'ਤੇ ਆਮ ਆਦਮੀ ਕਲੀਨਿਕ ਵੀ ਸਥਾਪਿਤ ਕੀਤੇ ਗਏ ਹਨ, ਜਿੱਥੇ ਮੁਫ਼ਤ ਜਾਂਚ ਅਤੇ ਦਵਾਈਆਂ ਦੀ ਸਹੂਲਤ ਉਪਲਬਧ ਕਰਵਾਈ ਜਾ ਰਹੀ ਹੈ। ਇਨ੍ਹਾਂ ਕਲੀਨਿਕਾਂ ਰਾਹੀਂ ਮੌਕੇ 'ਤੇ ਹੀ ਮਰੀਜ਼ਾਂ ਨੂੰ ਤੁਰੰਤ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

ਇਸ ਮੌਕੇ ਸਿਵਲ ਸਰਜਨ ਰੂਪਨਗਰ ਡਾ. ਨਵਰੂਪ ਕੌਰ, ਸਿਵਲ ਸਰਜਨ ਐਸ.ਬੀ.ਐਸ. ਨਗਰ ਡਾ. ਗੁਰਵਿੰਦਰ ਸਿੰਘ, ਸੀਨੀਅਰ ਮੈਡੀਕਲ ਅਫ਼ਸਰ ਡਾ.ਆਨੰਦ ਘਈ, ਡਾ. ਗੋਬਿੰਦ ਟੰਡਨ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਗੁਰਮੀਤ ਕੌਰ ਸਮੇਤ ਹੋਰ ਮੈਡੀਕਲ ਅਤੇ ਪੈਰਾ-ਮੈਡੀਕਲ ਸਟਾਫ ਹਾਜ਼ਰ ਰਹੇ।

# ਪੰਜਾਬ ਸਖੀ ਸ਼ਕਤੀ ਮੇਲੇ ਦੇ ਪਹਿਲੇ ਦਿਨ ਦੀ ਸ਼ਾਮ ਯਾਦਗਾਰੀ ਹੋ ਨਿਬੜੀ




**ਫਾਜ਼ਿਲਕਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਫ ਾਜ਼ਿਲਕਾ ਵਿਖੇ ਕਰਵਾਏ ਜਾ ਰਹੇ ਤਿੰਨ ਰੋਜਾ ਪੰਜਾਬ ਸਖੀ ਸ਼ਕਤੀ ਮੇਲੇ ਦੇ ਪਹਿਲੇ ਦਿਨ ਦੀ ਸ਼ਾਮ ਨੂੰ ਗਾਇਕ ਸ਼ਿੰਦਾ ਸ਼ੌਂਕੀ ਤੇ ਜਨਤ ਕੌਰ ਨੇ ਆਪਣੀ ਗਾਇਕੀ ਨਾਲ ਹਾਜ਼ਰੀਨ ਦਾ ਮਨ ਮੋਹਿਆ ।

ਗਾਇਕਾਂ ਵੱਲੋਂ ਜਿਥੇ ਪੰਜਾਬੀ ਗਾਇਕੀ ਰਾਹੀਂ ਪੰਜਾਬੀ ਵਿਰਸੇ ਨੂੰ ਸਾਂਭਣ, ਨੌਜਵਾਨ ਪੀੜੀ ਨੂੰ ਇਤਿਹਾਸ ਪ੍ਰਤੀ ਜਾਣੂ ਕਰਵਾਉਣ, ਮਹਾਨ ਯੋਧਿਆਂ ਵੱਲੋਂ ਦਿੱਤੀ ਗਈਆਂ ਕੁਰਬਾਨੀਆਂ ਅਤੇ ਨਸ਼ਿਆਂ ਤੋਂ ਦੂਰ ਰਹਿਣ ਸੰਬਧੀ ਪ੍ਰੇਰਿਤ ਕੀਤਾ ਗਿਆ ਉਥੇ ਹੀ ਪੰਜਾਬੀ ਸੱਭਿਆਚਾਰ ਤੇ ਵਿਰਸੇ ਤੇ ਝਾਤ ਪਾਉਂਦੀਆਂ ਪ੍ਰਦਰਸ਼ਨੀਆਂ ਨੇ ਵੀ ਹੀ ਸਮੂਹ ਹਾਜ਼ਰੀਨ ਨੂੰ ਆਪਣੇ ਵੱਲ ਖਿੱਚਿਆ । ਅਨੇਕਾਂ ਹੀ ਫਾਜ਼ਿਲਕਾ ਵਾਸੀਆਂ ਨੇ ਜਿੱਥੇ ਪ੍ਰਦਰਸ਼ਨੀਆਂ ਦੇਖਣ ਦਾ ਆਨੰਦ ਮਾਣਿਆ ਉੱਥੇ ਹੀ ਸ਼ਿਲਪਕਾਰਾਂ ਵੱਲੋਂ ਹੱਥੀ ਤਿਆਰ ਕੀਤਾ ਸਮਾਨ ਵੀ ਖਰੀਦਿਆ! ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੁਭਾਸ਼ ਚੰਦਰ ਤੇ ਹੋਰ ਪਤਵੰਤੇ ਸੱਜਣ ਤੇ ਵੱਡੀ ਗਿਣਤੀ ਵਿੱਚ ਫਾਜ਼ਿਲਕਾ ਵਾਸੀ ਮੌਜੂਦ ਸਨ ।

# ਧਰਮ ਤੇ ਵਿਰਸਾ

## ਹੱਕ ਹਲਾਲ ਤੇ ਈਮਾਨਦਾਰੀ ਦਾ ਪ੍ਰਤੀਕ ਭਾਈ ਲਾਲੋ





ਭਾਈ ਲਾਲੋ ਦਾ ਸਾਦਗੀ ਭਰਿਆ ਜੀਵਨ ਚਾਨਣ ਮੁਨਾਰੇ ਦਾ ਕੰਮ ਕਰਦਿਆਂ ਇਹੀ ਸੰਦੇਸ਼ ਦਿੰਦਾ ਹੈ ਕਿ 'ਹੱਥ ਕਾਰ ਵੱਲ ਤੇ ਮਨ ਕਰਤਾਰ ਵਲ।'

• ਲਖਵਿੰਦਰ ਸਿੰਘ

ਰੋ ਜ਼ੀ-ਰੋਟੀ ਲਈ ਹਰੇਕ ਨੂੰ ਕੋਈ ਨਾ ਕੋਈ ਸਰੀਰਕ ਜਾਂ ਮਾਨਸਿਕ ਕਿਰਤ ਕਰਨੀ ਹੀ ਪੈਂਦੀ ਹੈ। ਬੇਈਮਾਨੀ, ਠੱਗੀ-ਠੋਰੀ ਤੋਂ ਰਿਸ਼ਵਤਖੋਰੀ ਤੋਂ ਪਾਸਾ ਵੱਟ ਕੇ ਸਿਰਫ ਖ਼ੂਨ-ਪਸੀਨੇ ਦੀ ਕਮਾਈ ਨਾਲ ਰੁੱਖੀ ਮਿੱਸੀ ਖਾ ਕੇ ਢੋਲੇ ਗਾਉਣ ਵਾਲੇ ਸਿਦਕਵਾਨਾਂ ਦੇ ਯਥਾਰਥਵਾਦੀ ਜੀਵਨ ਦੇ ਇਤਿਹਾਸ ਵਿਚ ਭਾਈ ਲਾਲੋ ਦਾ ਉੱਘਾ ਸਥਾਨ ਹੈ। ਸ੍ਰੀ ਗੁਰੂ ਨਾਨਕ ਦੇਵ ਤੋਂ ਕਰੀਬ ਸਤਾਰਾਂ ਕੁ ਸਾਲ ਵੱਡੇ ਭਾਈ ਲਾਲੋ ਦਾ ਜਨਮ 1452 ਈ. ਵਿਚ ਸੈਦਪੁਰ, ਪਾਕਿਸਤਾਨ ਵਿਚ ਪਿਤਾ ਜਗਤ ਰਾਮ ਦੇ ਘਰ ਹੋਇਆ। ਇਨ੍ਹਾਂ ਦੇ ਪਿਤਾ ਤਰਖਾਣਾ ਦਾ ਕੰਮ ਕਰਦੇ ਸਨ। ਭਾਈ ਲਾਲੋ ਨੇ ਵੀ ਆਪਣਾ ਖਾਨਦਾਨੀ ਕੰਮ ਕਰਨਾ ਸ਼ੁਰੂ ਕਰ ਦਿੱਤਾ। ਭਾਈ ਲਾਲੋ ਇਸ ਵਿਚਾਰਧਾਰਾ ਦਾ ਧਾਰਨੀ ਸੀ ਕਿ ਈਮਾਨਦਾਰੀ ਨਾਲ ਐਸ਼ ਤਾਂ ਨਹੀਂ ਕੀਤੀ ਜਾ ਸਕਦੀ ਪਰ ਕਿਸੇ ਮਾਨਸਿਕ ਭਾਰ ਜਾਂ ਪ੍ਰੇਸ਼ਾਨੀ ਤੋਂ ਮੁਕਤ ਅਤੇ ਸਕੂਨ ਭਰਿਆ ਜੀਵਨ ਜ਼ਰੂਰ ਗੁਜ਼ਾਰਿਆ ਜਾ ਸਕਦਾ ਹੈ। ਭਾਈ ਲਾਲੋ ਨੇ ਇਸ ਵਿਚਾਰਧਾਰਾ ਨੂੰ ਅਮਲੀਜਾਮਾ ਪਹਿਨਾਉਂਦਿਆਂ ਦਸਾਂ ਨਹੁੰਆਂ ਦੀ ਕਿਰਤ ਨਾਲ ਆਨੰਦਮਈ ਜੀਵਨ ਗੁਜ਼ਾਰਿਆ। ਗੁਰੂ ਨਾਨਕ ਦੇਵ ਆਪਣੀ ਪਹਿਲੀ ਉਦਾਸੀ ਦੌਰਾਨ ਭਾਈ ਮਰਦਾਨੇ ਨਾਲ ਜਦ ਇਸ ਖੇਤਰ ਵਿਚ ਦੀ ਗੁਜ਼ਰੇ ਤਾਂ ਭਾਈ ਲਾਲੋ ਦੀ ਸੱਚੀ-ਸੁੱਚੀ ਕਿਰਤ ਦੀ ਖੁਸ਼ਬੋਈ ਚੁਫ਼ੇਰੇ ਫੈਲੀ ਹੋਈ ਸੀ ਤੇ ਇਸ ਖੁਸ਼ਬੋਈ ਨੂੰ ਮਾਨਣ ਲਈ ਗੁਰੂ ਜੀ ਨੇ 'ਸਤਿ ਕਰਤਾਰ' ਆਖ ਕੇ ਆਣ ਦਸਤਕ ਦਿੱਤੀ। ਉਧਰ ਸਬੱਬ ਇਹ ਬਣਿਆ ਕਿ ਉਸ ਸਮੇਂ ਦੇ ਸਰਕਾਰੀ ਅਹਿਲਕਾਰ ਮਲਕ ਭਾਗੋ ਨੇ ਲੁੱਟ ਖਸੁੱਟ ਦੀ ਕਮਾਈ 'ਚੋ ਕੀਤੇ ਜਾ ਰਹੇ ਬ੍ਰਹਮ ਭੋਜ ਲਈ ਗੁਰੂ ਜੀ ਨੂੰ ਸੱਦਾ ਭੇਜਿਆ ਤਾਂ ਗੁਰੂ ਸਾਹਿਬ ਨੇ ਉਸ ਬ੍ਰਹਮ ਭੋਜ ਦੇ ਪਕਵਾਨਾਂ ਨੂੰ ਨਕਾਰਦਿਆਂ ਭਾਈ ਲਾਲੋ ਦੀ ਰੁੱਖੀ-ਸੁੱਕੀ ਵੱਲ ਰੁਖ਼ ਕਰਕੇ ਹੱਕ ਹਲਾਲ ਦੀ ਕਿਰਤ ਨੂੰ ਮਾਨਤਾ ਦੇ ਕੇ ਇਹ ਸਿੱਧ ਕੀਤਾ ਕਿ ਅਸਲ ਬ੍ਰਹਮ ਭੋਜ ਸੁੱਚੀ ਕਿਰਤ ਕਮਾਈ 'ਚੋਂ ਹੀ ਹੋ ਸਕਦਾ ਹੈ। ਭਾਈ ਲਾਲੋ ਨੇ ਬੜੇ ਪ੍ਰੇਮ ਭਾਵ ਨਾਲ ਗੁਰੂ ਸਾਹਿਬ ਤੇ ਉਨ੍ਹਾਂ ਦੇ ਸਾਥੀ ਮਰਦਾਨਾ ਅੱਗੇ ਰੁੱਖਾ- ਮਿੱਸਾ ਭੋਜਨ ਪਰੋਸਿਆ। ਇਸ ਸਾਦੇ ਭੋਜਨ ਦਾ ਆਨੰਦ ਮਾਣ ਰਹੇ ਮਰਦਾਨਾ ਦੀ ਜਗਿਆਸਾ ਦਾ ਨਿਵਾਰਣ ਕਰਦਿਆਂ ਗੁਰੂ ਸਾਹਿਬ ਨੇ ਕਿਹਾ, "ਭਾਈ ਮਰਦਾਨਿਆਂ! ਇਸ ਸੁਆਦੀ ਭੋਜਨ ਵਿਚ ਖ਼ੂਨ- ਪਸੀਨੇ ਦੀ ਕਮਾਈ ਦੀਆਂ ਹੀ ਸੱਭੇ ਬਰਕਤਾਂ ਨੇ।" ਇਸ ਤਰ੍ਹਾਂ ਗੁਰੂ ਸਾਹਿਬ ਨੇ ਕਿਰਤ ਕਮਾਈ ਨੂੰ ਵਡਿਆਉਂਦਿਆਂ ਭਾਈ ਲਾਲੋ ਦੇ ਜੀਵਨ ਨੂੰ ਹੋਰ ਵੀ ਚਾਰ ਚੰਨ ਲਾ ਕੇ ਲੋਕਾਈ ਨੂੰ ਇਹ ਅਹਿਸਾਸ ਕਰਵਾਇਆ ਕਿ ਖੋਟ ਭਰੇ ਮਾਲ-ਪੂੜਿਆਂ ਵਿਚ ਗਰੀਬਾਂ ਦਾ ਚੂਸਿਆ ਖ਼ੂਨ ਹੀ ਪ੍ਰਤੱਖ ਦਿਖਾਈ ਦਿੰਦਾ ਹੈ ਜਦਕਿ ਹੱਕੀ ਕਮਾਈ ਦੇ ਸਾਦੇ ਪਰਸ਼ਾਦਿਆਂ 'ਚੋਂ ਅੰਮ੍ਰਿਤ ਰੂਪੀ ਦੁੱਧ ਦੇ ਚਸ਼ਮੇ ਹੀ ਫੁੱਟਦੇ ਹਨ। ਭਾਈ ਲਾਲੋ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬ ਨੇ ਤਿਲੰਗ ਰਾਗ ਵਿਚ ਸ਼ਬਦ ਵੀ ਉਚਾਰਿਆ, ਜਿਸ ਵਿਚ ਉਸ ਸਮੇਂ ਦੀ ਨਿਘਰੀ ਹਾਲਤ ਨੂੰ ਬਿਆਨਿਆ ਹੈ। ਭਾਈ ਲਾਲੋ ਗੁਰੂ ਸਾਹਿਬ ਦੇ ਅਜ਼ੀਜ਼ ਸੇਵਕ ਵਜੋਂ ਗੁਰ ਉਪਦੇਸ਼ ਦੇ ਪ੍ਰਚਾਰਕ ਵੀ ਬਣੇ ਅਤੇ ਆਪਣੀ ਘਾਲ ਕਮਾਈ ਦੇ ਨਾਲ ਨਾਲ ਵੈਦ ਦੀ ਸੇਵਾ ਨਿਭਾਉਂਦੇ ਹੋਏ ਕਈ ਰੋਗੀਆਂ ਦੇ ਤੇਈਏ ਵਰਗੇ ਰੋਗ ਦੂਰ ਕਰਨ ਦੀ ਵੀ ਸੇਵਾ ਨਿਭਾਈ। ਭਾਈ ਲਾਲੋ ਦਾ ਸਾਦਗੀ ਭਰਿਆ ਜੀਵਨ ਚਾਨਣ ਮੁਨਾਰੇ ਦਾ ਕੰਮ ਕਰਦਿਆਂ ਇਹੀ ਸੰਦੇਸ਼ ਦਿੰਦਾ ਹੈ ਕਿ 'ਹੱਥ ਕਾਰ ਵੱਲ ਤੇ ਮਨ ਕਰਤਾਰ ਵਲ।' ਮਨ-ਤਨ ਨਾਲ ਸਾਰਥਕ ਘਾਲਣਾ ਘਾਲ ਰਹੇ ਵਿਅਕਤੀ ਨੂੰ ਗੀਝ ਲਾ ਕੇ ਵੇਖੀਏ ਤਾਂ ਭਾਈ ਲਾਲੋ ਦਾ ਅਕਸ ਰੂਪਮਾਨ ਹੋ ਜਾਂਦਾ ਹੈ। ਅਜਿਹੇ ਸਿਦਕਵਾਨ ਲੋਕ ਥੋੜੀ 'ਚੋਂ ਹੀ ਯੁਗਤ ਨਾਲ ਵਧੀਆ ਜੀਵਨ ਨਿਰਬਾਹ ਕਰ ਜਾਂਦੇ ਹਨ ਤੇ ਸਾਰੀ ਉਮਰ ਇਹਨਾਂ ਮਾਣਮੱਤਿਆਂ ਲੋਕਾਂ ਨੇ ਅਮਰਵੇਲ ਵਾਂਗ ਵਧਦੀ ਤ੍ਰਿਸਨਾ ਨੂੰ ਪੂਰੀ ਤਰ੍ਹਾਂ ਕਾਬੂ ਹੇਠ ਰੱਖਿਆ ਹੁੰਦਾ ਹੈ। ਏਸੇ ਕਰਕੇ ਬੇਈਮਾਨੀ ਇਨ੍ਹਾਂ ਤੋਂ ਕੋਹਾਂ ਦੂਰ ਰਹਿੰਦੀ ਹੈ ਤੇ ਇਨ੍ਹਾਂ ਦਾ ਸੁਹੇਲਾ ਜੀਵਨ ਧੰਨਤਾ ਦੇ ਯੋਗ ਹੋ ਨਿਬੜਦਾ ਹੈ।

ਮੋਬਾਈਲ ਨੰਬਰ: 98764-74858


## ਸੱਚਾਈ ਦਾ ਰਾਹ

ਸਕੂਲ ਦੀ ਪ੍ਰਾਰਥਨਾ ਸਭਾ ਵਿੱਚ ਹੈੱਡਮਾਸਟਰ ਸਾਹਿਬ ਬੜੇ ਹੀ ਜ਼ੋਸੀਲੇ ਅੰਦਾਜ਼ ਵਿੱਚ ਬੱਚਿਆਂ ਨੂੰ ਸੱਚਾਈ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕਰ ਰਹੇ ਸਨ। ਬੱਚਿਆਂ ਦੀ ਇਕਾਗਰ ਬਿਰਤੀ ਤੋਂ ਵੀ ਜਾਪਦਾ ਸੀ ਕਿ ਉਹ ਆਪਣੇ ਗੁਰੂ ਜੀ ਵੱਲੋਂ ਦਿੱਤੇ ਜਾ ਰਹੇ ਗਿਆਨ ਨੂੰ ਆਪਣੇ ਜੀਵਨ ਵਿੱਚ ਅਮਲੀ ਜਾਮਾ ਜ਼ਰੂਰ ਪਹਿਨਾਉਣਗੇ। ਅਚਾਨਕ ਹੀ ਹੈੱਡਮਾਸਟਰ ਸਾਹਿਬ ਦੇ ਮੋਬਾਈਲ ਦੀ ਘੰਟੀ ਵੱਜੀ। ਹਾਲ-ਚਾਲ ਪੁੱਛਣ ਉਪਰੰਤ ਹੈੱਡਮਾਸਟਰ ਨੇ ਕਿਹਾ, "ਵੀਰ ਜੀ, ਤੁਹਾਡੇ ਪੈਸੇ ਤਾਂ ਹੱਥ ਬੰਨ੍ਹ ਕੇ ਦੇਣੇ ਹਨ, ਪਰ ਮੈਂ ਤਾਂ ਹੁਣ ਕਈ ਦਿਨਾਂ ਤੋਂ ਬਿਮਾਰੀ ਕਰਕੇ ਛੁੱਟੀ 'ਤੇ ਚੱਲ ਰਿਹਾ ਹਾਂ। ਮੈਂ ਤੁਹਾਡੇ ਰੁਪਏ ਖ਼ੁਦ ਆ ਕੇ ਦੇ ਜਾਵਾਂਗਾ।" ਬੱਚੇ ਹੁਣ ਪਹਿਲਾਂ ਨਾਲੋਂ ਵੀ ਜ਼ਿਆਦਾ ਇਕਾਗਰ ਹੋ ਕੇ ਉਨ੍ਹਾਂ ਨੂੰ ਤੱਕ ਰਹੇ ਸਨ, ਪਰ ਇਸ ਗੱਲ ਤੋਂ ਅਣਜਾਣ ਹੈੱਡਮਾਸਟਰ ਸਾਹਿਬ ਨੇ ਵਿਦਿਆਰਥੀਆਂ ਨੂੰ ਆਪਣਾ ਅਧੂਰਾ ਭਾਸ਼ਣ ਸੁਣਾਉਣਾ ਸ਼ੁਰੂ ਕਰ ਦਿੱਤਾ।

- ਚਮਨਦੀਪ ਸ਼ਰਮਾ

## ਭਗਤ ਕਬੀਰ ਦੀ ਬਾਣੀ ਦੀ ਵਿਚਾਰਧਾਰਾ

✦ ਗੁਰਪ੍ਰੀਤ ਸਿੰਘ



ਭਗਤੀ ਅੰਦੋਲਨ ਸਾਮੰਤੀ ਤਾਕਤਾਂ ਦੇ 'ਗਿਆਨ ਦੇ ਕਬਜ਼ੇ' ਤੋਂ ਨਿਜਾਤ ਹਾਸਲ ਕਰਨ ਲਈ ਲੋਕਾਂ ਵਿੱਚ ਪੁਜਾਰੀ ਵਰਗ ਦੀ ਦਮਨਕਾਰੀ ਮਾਨਸਿਕ ਨੀਤੀ ਨੂੰ ਉਜਾਗਰ ਕਰਦਾ ਹੈ। ਭਗਤੀ ਅੰਦਲੋਨ ਦੇ ਕਵੀਆਂ ਨੇ ਭਾਸ਼ਾਈ ਵਰਤੋਂਕਾਰ ਦੇ ਪੱਖ ਤੋਂ ਵੀ ਪੁਰਾਤਨ ਬ੍ਰਾਹਮਣਵਾਦੀ ਭਾਸ਼ਾ ਦੇ ਵਿਰੁੱਧ ਵਿਦਰੋਹ ਕਰ ਕੇ ਆਮ ਬੋਲਚਾਲ ਦੀ ਭਾਸ਼ਾ ਵਿੱਚ ਲੋਕ ਚੇਤਨਾ ਫੈਲਾਈ। ਭਗਤੀ ਮਾਰਗ ਦਾ ਆਰੰਭ ਦੱਖਣੀ ਭਾਰਤ ਵਿੱਚ ਹੋਇਆ। ਇਸ ਪਿੱਛੋਂ ਇਹ ਉੱਤਰੀ ਭਾਰਤ ਵਿੱਚ ਪ੍ਰਚੱਲਿਤ ਹੋਇਆ। ਇਤਿਹਾਸਕ ਦ੍ਰਿਸ਼ਟੀ ਤੋਂ ਭਗਤੀ ਮਾਰਗ ਦਾ ਉਤਪੰਨ ਹੋਣਾ ਉਸ ਸਮੇਂ ਦੀ ਲੋੜ ਸੀ। ਭਗਤੀ ਮਾਰਗ ਵਿੱਚ ਨਿਰਗੁਣ, ਸਰਗੁਣ ਤੇ ਸੂਫ਼ੀਆਂ ਦੇ ਕਈ ਸੰਪਰਦਾਇ ਸ਼ਾਮਲ ਸਨ। ਇਸ ਮਾਰਗ ਦੇ ਸੰਤਾਂ ਤੇ ਭਗਤਾਂ ਨੇ ਬ੍ਰਾਹਮਣਵਾਦੀ ਕਰਮ ਕਾਂਡਾਂ ਤੇ ਰੀਤੀ ਰਿਵਾਜਾਂ ਦੇ ਵਿਰੋਧ ਵਿੱਚ ਭਗਤੀ ਮਾਰਗ ਦੀ ਲਹਿਰ ਚਲਾਈ, ਜਿਸ ਨੇ ਪ੍ਰੇਮ ਭਗਤੀ ਵਾਲਾ ਮਾਨਵਵਾਦੀ ਅਧਿਆਤਮਕ ਮਾਡਲ ਪੇਸ਼ ਕੀਤਾ। ਇਸ ਮਾਰਗ ਨੇ ਕਲਾ, ਦਰਸ਼ਨ ਤੇ ਮਾਨਵਤਾ ਪ੍ਰਤੀ ਨਵੇਂ ਦ੍ਰਿਸ਼ਟੀਕੋਣ ਦੀ ਸਥਾਪਨਾ ਕੀਤੀ। ਭਗਤਾਂ ਵਿੱਚ ਸ਼ੇਖ਼ ਫ਼ਰੀਦ, ਕਬੀਰ, ਤਰਲੋਚਣ, ਨਾਮਦੇਵ, ਸਧਨਾ, ਬੇਣੀ, ਰਾਮਾਨੰਦ, ਰਵੀਦਾਸ, ਪੀਪਾ, ਸੈਣ, ਧੰਨਾ, ਭੀਖਣ, ਪਰਮਾਨੰਦ ਤੇ ਸੂਰਦਾਸ ਸ਼ਾਮਲ ਹਨ।


ਭਗਤ ਕਬੀਰ ਉੱਤਰੀ ਭਾਰਤ ਦੇ ਸੰਤ ਭਗਤ ਸਨ। ਉਹ ਨਿਰਗੁਣ ਧਾਰਾ ਦੇ ਭਗਤ ਕਵੀ ਵਜੋਂ ਜਾਣੇ ਜਾਂਦੇ ਹਨ। ਉਨ੍ਹਾਂ ਦਾ ਜਨਮ 1398 ਨੂੰ ਤੇ ਮੌਤ 1518 ਵਿੱਚ ਹੋਈ। ਭਗਤ ਕਬੀਰ ਦੀ ਬਾਣੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਹੈ। ਭਗਤ ਕਬੀਰ ਨੇ ਆਪਣੀ ਬਾਣੀ ਦੀ ਰਚਨਾ ਲਈ ਕਿਸੇ ਟਕਸਾਲੀ ਭਾਸ਼ਾ ਦੀ ਵਰਤੋਂ ਨਹੀਂ ਕੀਤੀ, ਸਗੋਂ ਉਨ੍ਹਾਂ ਨੇ 'ਸ਼ਬਦਾਂ' ਤੇ 'ਸ਼ਲੋਕਾਂ' ਦੀ ਰਚਨਾ ਸਾਧ ਭਾਸ਼ਾ ਵਿੱਚ ਕੀਤੀ ਹੈ। ਉਨ੍ਹਾਂ ਨੇ ਲੋਕਾਂ ਦੀ ਬੋਲੀ ਵਿੱਚ ਬਾਣੀ ਰਚੀ ਹੈ। ਉਨ੍ਹਾਂ ਦੀ ਭਾਸ਼ਾ ਵਿੱਚ ਅਨੇਕ ਭਾਸ਼ਾਵਾਂ ਦਾ ਮਿਸ਼ਰਣ ਹੈ, ਜਿਸ ਵਿੱਚ ਅਵਧੀ, ਭੋਜਪੁਰੀ, ਬ੍ਰਜ, ਮਾਰਵਾੜੀ, ਪੰਜਾਬੀ, ਅਰਬੀ, ਫ਼ਾਰਸੀ ਦੇ ਅਨੇਕ ਅੰਸ਼ ਦਿਖਾਈ ਦਿੰਦੇ ਹਨ।

ਭਗਤ ਕਬੀਰ ਨੇ ਆਪਣੇ ਕਾਵਿ ਦਾ ਆਧਾਰ ਉਸ ਭਾਸ਼ਾ ਜਾਂ ਬੋਲੀ ਨੂੰ ਬਣਾਇਆ, ਜਿਸ ਦੀ ਵਿਕਸਤ ਪਰੰਪਰਾ ਸੀ, ਜਿਸ ਵਿੱਚ ਅਨੇਕ ਰਚਨਾਵਾਂ ਲਿਖੀਆਂ ਜਾ ਚੁੱਕੀਆਂ ਸਨ ਤੇ ਜਿਹੜੀ ਸਾਹਿਤਕਾਰਾਂ ਤੋਂ ਇਲਾਵਾ ਹੋਰ ਕਲਾਕਾਰਾਂ ਤੇ ਹਰ ਪੇਸ਼ੇ ਦੇ ਲੋਕਾਂ ਤੇ ਜਨਸਧਾਰਨ ਨੂੰ ਪ੍ਰਭਾਵਿਤ ਕਰ ਸਕਦੀ ਸੀ। ਇਸ ਭਾਸ਼ਾ ਵਿੱਚ ਆਤਮ ਨਿਵੇਦਨ ਅਤੇ ਉਦੇਸ਼ ਲਈ ਜ਼ਰੂਰੀ ਤੱਤ ਮਿਠਾਸ ਵੀ ਸ਼ਾਮਲ ਸੀ।

ਭਗਤ ਕਬੀਰ ਨੇ ਮੱਧਕਾਲੀ ਸਮਾਜ ਵਿੱਚ ਉਤਪੰਨ ਹੋਏ ਜਾਤ-ਪਾਤ, ਕਰਮ-ਕਾਂਡ ਤੇ ਬ੍ਰਾਹਮਣੀ ਸੋਚ ਲਈ ਵੰਗਾਰ ਪੈਦਾ ਕੀਤੀ। ਸਥਾਪਤੀਆਂ ਵਿਰੁੱਧ ਸੰਘਰਸ਼ ਛੇੜਨ ਵਿੱਚ ਉਨ੍ਹਾਂ ਨੇ ਜੋ ਹਿੱਸਾ ਪਾਇਆ, ਉਸ ਦਾ ਸਰੂਪ ਉਨ੍ਹਾਂ ਦੀ ਬਾਣੀ ਵਿੱਚੋਂ ਵੇਖਿਆ ਜਾ ਸਕਦਾ ਹੈ। ਉਨ੍ਹਾਂ ਨੇ ਦਲਿਤ ਭਾਈਚਾਰੇ ਦੀ ਪ੍ਰਤੀਨਿਧਤਾ ਕਰਦਿਆਂ ਦਮਿਤ ਹੋ ਰਹੀ ਜਮਾਤ ਨੂੰ ਧਾਰਮਿਕ ਫ਼ਿਰਕੂਪੁਣੇ ਦੀਆਂ ਚਾਲਾਂ ਤੋਂ ਸੁਚੇਤ ਕੀਤਾ। ਉਨ੍ਹਾਂ ਨੇ ਉਸ ਸਮੇਂ ਦੀ ਸਮਾਜਿਕ ਸੰਰਚਨਾ ਨੂੰ ਉਸ ਦੀ ਅਪੰਗਤਾ ਤੋਂ ਆਜ਼ਾਦ ਕਰਵਾਇਆ। ਉਸ ਵੇਲੇ ਦੀ ਰਾਜਸੀ, ਆਰਥਿਕ, ਧਾਰਮਿਕ ਸੰਰਚਨਾ ਨੂੰ ਵੰਗਾਰਦਿਆਂ ਸੱਚੀ ਅਧਿਆਤਮਕ ਸ਼ਕਤੀ ਲਈ ਪ੍ਰੇਰਿਆ।

ਭਗਤ ਕਬੀਰ ਦੇ ਸਮੇਂ ਦਾ ਰਾਜ ਪ੍ਰਬੰਧ, ਸਮਾਜ ਤੇ ਧਾਰਮਿਕ ਪ੍ਰਬੰਧ ਅੰਧ-ਵਿਸ਼ਵਾਸਾਂ, ਪਾਖੰਡਾਂ ਤੇ ਜ਼ੁਲਮਾਂ ਨਾਲ ਭਰਿਆ ਪਿਆ ਸੀ। ਉਸ ਵੇਲੇ ਦੀ ਸਮਾਜਿਕ ਸੰਰਚਨਾ ਜਾਤ-ਪਾਤ, ਰੰਗ-ਭੇਦ ਆਦਿ ਕੁਰੀਤੀਆਂ ਵਿੱਚ ਜਕੜੀ ਹੋਈ ਸੀ। ਸੰਸਕ੍ਰਿਤ ਪੜ੍ਹਨ ਵਾਲੇ ਬ੍ਰਾਹਮਣ ਧਰਮ ਨੂੰ ਨਿੱਜੀ ਜਾਗੀਰ ਸਮਝਦੇ ਸਨ। ਉਹ ਆਪਣੀ ਵਿਦਵਤਾ ਦੀ ਪੱਟੀ ਲੋਕਾਂ ਨੂੰ ਪੜ੍ਹਾ ਕੇ ਉਨ੍ਹਾਂ ਨੂੰ ਮਾਨਸਿਕ ਤੌਰ ਉੱਤੇ ਗੁਲਾਮ ਕਰ ਰਹੇ ਸਨ। ਬ੍ਰਾਹਮਣ ਭਗਤੀ ਦੇ ਅਸਲ ਅਰਥਾਂ ਨੂੰ ਲੁਕਾ ਕੇ ਆਪਣੀ ਸਰਦਾਰੀ ਕਾਇਮ ਰੱਖਣਾ ਚਾਹੁੰਦੇ ਸੀ। ਭਗਤ ਕਬੀਰ ਨੇ ਪਾਖੰਡਾਂ ਵਿਰੁੱਧ ਸੱਚਾਈ ਦੀ ਗੱਲ ਲੋਕਾਂ ਤਕ ਪਹੁੰਚਾਈ। ਉਨ੍ਹਾਂ ਨੇ ਧਰਮ ਨੂੰ ਨਿੱਜੀ ਹੱਥਾਂ ਵਿੱਚੋਂ ਕੱਢ ਕੇ ਸੁਤੰਤਰ ਵਿਚਾਰਧਾਰਾ ਦਾ ਨਾਂ ਦਿੱਤਾ।

ਭਗਤ ਕਬੀਰ ਦੇ ਸਮੇਂ ਇਸਲਾਮ ਧਰਮ ਸੱਤਾ 'ਤੇ ਕਾਬਜ਼ ਸੀ। ਇਸਲਾਮ ਵਿੱਚ ਵੀ ਕੁਰੀਤੀਆਂ ਵਾਸ ਕਰ ਗਈਆਂ ਸਨ। ਉਨ੍ਹਾਂ ਨੇ ਇਸਲਾਮ ਧਰਮ ਦੇ ਪਾਖੰਡਾਂ ਉੱਪਰ ਵੀ ਕਟਾਖਸ਼ ਕੀਤਾ। ਭਗਤ ਕਬੀਰ ਦੇ ਸਮਕਾਲੀ ਭਗਤ (ਰਵੀਦਾਸ, ਨਾਮਦੇਵ, ਤਰਲੋਚਨ, ਰਾਮਾਨੰਦ, ਸੈਣ ਜੀ) ਸਿਧਾਂਤਕ ਕਿਰਤੀ ਸ਼੍ਰੇਣੀ ਨਾਲ ਸਬੰਧਤ ਸਨ। ਇਹ ਆਰਥਿਕ ਤੇ ਸਮਾਜਿਕ ਤੌਰ 'ਤੇ ਪਿਛਾੜ ਕੇ ਰੱਖੇ ਗਏ ਵਰਗਾਂ ਦੇ ਲੋਕ ਸਨ। ਮੱਧਕਾਲੀ ਸਮਾਜ ਵਿੱਚ ਕਿਰਤੀ ਸ਼੍ਰੇਣੀ ਦੀ ਸੋਚ ਧਰਮ ਕੇਂਦਰਤ ਸੀ। ਯਥਾਰਥ ਤੋਂ ਅਣਜਾਣ ਇਹ ਸ਼੍ਰੇਣੀ ਹਮੇਸ਼ਾ ਕੰਮ ਵਿੱਚ ਰੁੱਝੀ ਰਹਿੰਦੀ ਸੀ ਅਤੇ ਧਾਰਮਿਕ ਪਾਖੰਡਾਂ ਵਿਰੁੱਧ ਆਵਾਜ਼ ਬੁਲੰਦ ਨਹੀਂ ਕਰਦੀ ਸੀ ਪਰ ਭਗਤ ਕਬੀਰ ਦੇ ਸਮਕਾਲੀ ਭਗਤਾਂ ਨੇ ਕਿਰਤ ਕਰਦਿਆਂ ਧਰਮ ਦੇ ਪਾਖੰਡਾਂ ਤੇ ਪੁਜਾਰੀ ਵਰਗ ਵਿਰੁੱਧ ਪਰਚਮ ਲਹਿਰਾਇਆ। ਉਨ੍ਹਾਂ ਸਮਾਜਿਕ, ਰਾਜਨੀਤਕ ਤੇ ਸੱਭਿਆਚਾਰਕ ਗੁਲਾਮੀ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ। ਧਰਮ ਨੂੰ ਵਿਸ਼ੇਸ਼ ਤੇ ਸਰਵ-ਵਿਆਪਕ ਵਰਤਾਰਾ ਦਰਸਾਇਆ।



ਉਨ੍ਹਾਂ ਸਮੁੱਚੀ ਮਾਨਵਤਾ ਨੂੰ ਇੱਕ ਰੱਬ ਭਾਵ ਇੱਕ ਕੇਂਦਰੀ ਸੱਤਾ, ਸੱਚੀ ਭਗਤੀ ਦੇ ਲੜ ਲੱਗਣ ਲਈ ਪ੍ਰੇਰਿਆ। ਉਨ੍ਹਾਂ ਭਗਤੀ ਦੀ ਸਹਿਜਤਾ 'ਤੇ ਜ਼ੋਰ ਦਿੱਤਾ ਤੇ ਸਮਰਪਣ ਵਾਲੀ ਭਾਵਨਾ ਦਾ ਪ੍ਰਚਾਰ ਕੀਤਾ। ਉਨ੍ਹਾਂ ਨੇ ਪ੍ਰੇਮ

ਭਗਤ ਕਬੀਰ ਨੇ ਮਨੁੱਖ ਦੀ ਸੁਤੰਤਰ ਸੋਚ ਦਾ ਸੁਪਨਾ ਲਿਆ ਤੇ ਇਸ ਸੋਚ ਨੂੰ ਪ੍ਰਸਾਰਨ ਲਈ ਦਿਨ ਰਾਤ ਇੱਕ ਕਰ ਦਿੱਤਾ। ਉਨ੍ਹਾਂ ਸਮੁੱਚੀ ਮਾਨਵਤਾ ਨੂੰ ਇੱਕ ਰੱਬ ਭਾਵ ਇੱਕ ਕੇਂਦਰੀ ਸੱਤਾ, ਸੱਚੀ ਭਗਤੀ ਦੇ ਲੜ ਲੱਗਣ ਲਈ ਪ੍ਰੇਰਿਆ। ਉਨ੍ਹਾਂ ਭਗਤੀ ਦੀ ਸਹਿਜਤਾ 'ਤੇ ਜ਼ੋਰ ਦਿੱਤਾ ਤੇ ਸਮਰਪਣ ਵਾਲੀ ਭਾਵਨਾ ਦਾ ਪ੍ਰਚਾਰ ਕੀਤਾ। ਉਨ੍ਹਾਂ ਨੇ ਪ੍ਰੇਮ ਭਗਤੀ ਨੂੰ ਸਰਵਸ੍ਰੇਸ਼ਠ ਮੰਨਿਆ ਹੈ। ਉਹ ਹਿੰਦੂ ਤੇ ਇਸਲਾਮ ਧਰਮ 'ਤੇ ਵੱਡਾ ਹਮਲਾ ਬਾਹਰੀ ਚਿੰਨ੍ਹਾਂ ਦੇ ਪਾਖੰਡਾਂ ਉਪਰ ਕਰਦੇ ਹਨ।

ਭਗਤ ਕਬੀਰ ਨੇ ਕਥਨੀ ਤੇ ਕਰਨੀ ਦੀ ਸਮਾਨਤਾ ਪ੍ਰਤੀ ਵਕਾਲਤ ਕੀਤੀ ਤੇ ਫੋਕੇ ਕਰਮ-ਕਾਂਡਾਂ ਦਾ ਵਿਰੋਧ ਕੀਤਾ। ਉਹ ਉਸ ਜਾਤ ਨੂੰ ਸਰਵਉੱਚ ਦੀ ਪਦਵੀ ਦਿੰਦੇ ਹਨ, ਜਿਹੜੀ ਪਰਮਾਤਮਾ ਦੀ ਰਜ਼ਾ ਵਿੱਚ ਰਹਿ ਕੇ ਬਿਨਾਂ ਕਿਸੇ ਪਾਖੰਡ, ਵਹਿਮ ਤੋਂ ਭਗਤੀ ਕਰੇ।

ਭਗਤ ਕਬੀਰ ਦੀ ਬਾਣੀ ਸਮਾਜਿਕ ਬਰਾਬਰੀ ਦੀ ਗਵਾਹੀ ਕਰਦੀ ਹੋਈ ਮਨੁੱਖੀ ਕਿਰਦਾਰ ਤੋਂ ਇਹ ਮੰਗ ਕਰਦੀ ਹੈ ਕਿ ਉਹ ਹਮੇਸ਼ਾ ਮਨੁੱਖਤਾ ਲਈ ਪਰਉਪਕਾਰੀ ਦ੍ਰਿਸ਼ਟੀ ਧਾਰਨ ਕਰੇ ਤੇ ਲੋਟੂ ਪੁਜਾਰੀ ਸ਼੍ਰੇਣੀ ਤੋਂ ਰਹਿਤ ਰਹੇ। ਭਗਤ ਕਬੀਰ ਦੀ ਬਾਣੀ ਅਜੋਕੇ ਸਮੇਂ ਸਾਡੇ ਕੋਲ ਇੱਕ ਵਿਚਾਰਧਾਰਾ ਦੇ ਰੂਪ ਵਿੱਚ ਮੌਜੂਦ ਹੈ। ਅਜੋਕੇ ਸਮਾਜ ਵਿੱਚ ਜੋ ਮੁਸ਼ਕਲਾਂ, ਵਹਿਮ ਭਰਮ ਪ੍ਰਚੰਡ ਹੋ ਰਹੇ ਹਨ, ਉਨ੍ਹਾਂ ਨੂੰ ਕਬੀਰ ਦੀ ਬਾਣੀ ਨੂੰ ਕਸਵੱਟੀ ਦੇ ਤੌਰ 'ਤੇ ਪਰਖਣਾ ਚਾਹੀਦਾ ਹੈ ਤੇ ਸਮਾਜਿਕ ਨਿਆਂ ਪ੍ਰਤੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।

ਭਗਤ ਕਬੀਰ ਮਨੁੱਖ ਦੀ ਸੰਪੂਰਨ ਆਜ਼ਾਦੀ ਦਾ ਨਾਅਰਾ ਮਾਰਦੇ ਹਨ। ਉਹ ਸਧਾਰਨ ਕਿਰਤੀ ਵਰਗ ਦੀ ਚੇਤਨਾ ਨੂੰ ਉੱਚਤਮ ਸਥਾਨ 'ਤੇ ਲੈ ਜਾਣ ਲਈ ਪ੍ਰੇਰਦੇ ਹਨ। ਉਹ ਥੁੜ੍ਹ, ਮੌਤ, ਵਹਿਮ, ਅਸੁਰੱਖਿਆ ਤੇ ਜ਼ੁਲਮ ਪ੍ਰਤੀ ਮਨੁੱਖ ਨੂੰ ਆਗਾਹ ਕਰਦੇ ਪੁਜਾਰੀ ਵਰਗ ਦੀ 'ਅੰਧ-ਵਿਸ਼ਵਾਸੀ ਥਿਊਰੀ' ਨੂੰ ਵੰਗਾਰਦੇ ਹਨ। ਭਗਤ ਕਬੀਰ ਅਭਿਮਾਨੀ ਰਾਜ ਸੱਤਾ ਤੇ ਪੁਜਾਰੀ ਵਰਗ ਦੁਆਰਾ ਕੀਤੀ ਜਾਂਦੀ ਮਾਨਸਿਕ ਤੇ ਸਮਾਜਿਕ ਲੁੱਟ ਦੇ ਵਿਰੋਧ ਵਿੱਚ ਝੰਡਾ ਚੁੱਕਦੇ ਹਨ।

ਅਸਲ ਵਿੱਚ ਭਗਤ ਕਬੀਰ ਦੱਬੇ ਕੁਚਲੇ, ਭੂਮੀਹੀਣ ਤੇ ਹਾਸ਼ੀਏ 'ਤੇ ਰੱਖੇ ਗਏ ਵਰਗਾਂ ਦੀ ਧਿਰ ਬਣਦੇ ਹਨ। ਉਹ ਕੁਲੀਨ ਵਰਗ ਤੇ ਪੁਰੋਹਿਤਾਂ ਰਾਹੀਂ ਹੁੰਦੀ ਲੁੱਟ ਤੋਂ ਬਚਾਉਣ ਲਈ ਲੋਕਾਂ ਵਿੱਚ ਸਮਾਜਿਕ ਚੇਤਨਾ ਭਰਦੇ ਹਨ।

# ਪਟਨਾ ਸਹਰ ਬਿਖੈ ਭਵ ਲਯੋ

• ਹਰਸਿਮਰਤ ਸਿੰਘ ਥਿੰਦ

ਪਟਨਾ ਸਾਹਿਬ (ਬਿਹਾਰ) ਦੀ ਧਰਤੀ ਨੂੰ ਅਨੇਕਾਂ ਮਹਾਂਪੁਰਖਾਂ ਦੀ ਚਰਨ ਛੋਹ ਪ੍ਰਾਪਤ ਹੈ। ਇਹ ਬਹੁਤ ਪੁਰਾਣਾ ਤੇ ਵੱਡਾ ਸ਼ਹਿਰ ਹੈ, ਜੋ ਗੰਗਾ ਨਦੀ ਦੇ ਕੰਢੇ ਵਸਿਆ ਹੈ। ਸਿੱਖ ਧਰਮ ਦੀ ਗੱਲ ਕਰੀਏ ਤਾਂ ਇਸ ਨਗਰ ਨੂੰ ਜਿੱਥੇ ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਦੀ ਚਰਨ ਛੋਹ ਪ੍ਰਾਪਤ ਹੈ, ਉਥੇ ਨੌਵੀਂ ਪਾਤਸ਼ਾਹੀ ਸ਼੍ਰੀ ਗੁਰੂ ਤੇਗ ਬਹਾਦਰ ਦੀ ਕੁਝ ਸਮਾਂ ਰਿਹਾਇਸ਼ ਬਣਨ ਦਾ ਵੀ ਸੁਭਾਗ ਹਾਸਲ ਹੋਇਆ ਹੈ। ਇਹ ਨਗਰੀ ਉਦੋਂ ਹੋਰ ਪਵਿੱਤਰ ਹੋ ਗਈ ਜਦੋਂ ਦਸ਼ਮੇਸ਼ ਪਿਤਾ, ਸਾਹਿਬ-ਏ-ਕਮਾਲ ਸ਼੍ਰੀ ਗੁਰੂ ਗੋਬਿੰਦ ਸਿੰਘ ਨੇ ਇਥੇ ਅਵਤਾਰ ਧਾਰਿਆ। ਉਨ੍ਹਾਂ ਦੇ ਆਗਮਨ ਨਾਲ ਇਹ ਸ਼ਹਿਰ ਪਟਨਾ ਤੋਂ ਪਟਨਾ ਸਾਹਿਬ ਬਣ ਗਿਆ। ਗੁਰੂ ਗੋਬਿੰਦ ਸਿੰਘ ਨੇ ਇਥੇ ਬਚਪਨ ਦੇ ਲਗਪਗ ਪੰਜ ਸਾਲ ਗੁਜ਼ਾਰੇ ਤੇ ਬਾਲ ਅਵਸਥਾ ਵਿਚ ਅਨੇਕਾਂ ਕੌਤਕ ਰਚਾਏ। ਇਸ ਨਗਰੀ ਵਿਚ ਗੁਰੂ ਸਹਿਬਾਨਾਂ ਨਾਲ ਸਬੰਧਤ ਅਨੇਕਾਂ ਗੁਰਦੁਆਰੇ ਹਨ ਜਿਨ੍ਹਾਂ ਵਿਚ ਸਿੱਖਾਂ ਦੇ ਪੰਜ ਤਖ਼ਤਾਂ ਵਿਚੋਂ ਇਕ ਤਖ਼ਤ ਵੀ ਸ਼ਾਮਲ ਹੈ।

## ਤਖ਼ਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ


ਇਸ ਪਵਿਤਰ ਅਸਥਾਨ ਉਪਰ ਦੁਸ਼ਟ-ਦਮਨ ਗੁਰੂ ਗੋਬਿੰਦ ਸਿੰਘ ਮਹਾਰਾਜ ਨੇ ਪੋਹ ਸੁਦੀ ਸੱਤਵੀਂ ਸੰਮਤ 1723 (22 ਦਸੰਬਰ 1666) ਨੂੰ ਮਾਤਾ ਗੁਜਰੀ ਦੀ ਕੁੱਖੋਂ ਅਵਤਾਰ ਧਾਰਿਆ। ਇਹ ਅਸਥਾਨ ਸਿੱਖਾਂ ਦੇ ਪੰਜ ਤਖ਼ਤਾਂ ਵਿਚੋਂ ਇਕ ਹੈ। ਮਹਾਰਾਜਾ ਰਣਜੀਤ ਸਿੰਘ ਨੇ ਆਪਣੇ ਰਾਜ ਸਮੇਂ ਇਸ ਇਮਾਰਤ ਦੀ ਸੇਵਾ ਕਰਵਾਈ। ਸੰਮਤ 1991 ਦੇ ਭੂਚਾਲ ਨਾਲ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਕਾਫੀ ਨੁਕਸਾਨ ਪਹੁੰਚਿਆ। ਇਸਦੀ ਦੁਬਾਰਾ ਸੇਵਾ ਉਪਰੰਤ ਸੰਮਤ 2014 ਨੂੰ ਨਵੀਂ ਤਿਆਰ ਹੋਈ ਇਮਾਰਤ ਵਿਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਦਾ ਵਸਤਾਂ ਸੰਭਾਲ ਕੇ ਰੱਖੀਆਂ ਗਈਆਂ ਹਨ।

## ਗੁਰਦੁਆਰਾ ਬਾਲ ਲੀਲਾ ਮੈਣੀ ਸੰਗਤ

ਇਹ ਗੁਰਦੁਆਰਾ ਤਖ਼ਤ ਸਾਹਿਬ ਦੇ ਨੇੜੇ ਹੀ ਸਥਿਤ ਹੈ। ਇਸ ਅਸਥਾਨ ਉਪਰ ਰਾਜਾ ਫ਼ਤਹਿ ਚੰਦ ਮੈਣੀ ਅਤੇ ਰਾਣੀ ਵਿਸ਼ੰਭਰਾ ਦੇਵੀ ਦਾ ਮਹਿਲ ਸੀ। ਇਨ੍ਹਾਂ ਦੀ ਕੋਈ ਸੰਤਾਨ ਨਹੀਂ ਸੀ। ਬਾਲਾ ਪ੍ਰੀਤਮ ਗੁਰੂ ਸਾਹਿਬ ਆਪਣੇ ਸਾਥੀਆਂ ਸਮੇਤ ਇਥੇ ਖੇਡਣ ਆਇਆ ਕਰਦੇ ਸਨ। ਬਾਲਾ ਪ੍ਰੀਤਮ ਨੂੰ ਤੱਕ ਕੇ ਰਾਣੀ ਦੇ ਮਨ 'ਚ ਵੀ ਅਜਿਹੇ ਪੁੱਤਰ ਦੀ ਕਾਮਨਾ ਜਾਗੀ। ਗੁਰੂ ਸਾਹਿਬ ਉਸ ਦੇ ਮਨ ਦੀ ਅਰਦਾਸ ਨੂੰ ਪ੍ਰਵਾਨ ਕਰ ਉਸਦੀ ਗੋਦ ਵਿਚ ਬੈਠ ਗਏ ਤੇ ਧਰਮ ਪੁੱਤਰ ਬਣਨਾ ਪ੍ਰਵਾਨ ਕਰ ਉਸਦੀ ਮੁਰਾਦ ਪੂਰੀ ਕੀਤੀ।

ਇਹ ਨਗਰੀ ਉਦੋਂ ਹੋਰ ਪਵਿੱਤਰ ਹੋ ਗਈ ਜਦੋਂ ਦਸ਼ਮੇਸ਼ ਪਿਤਾ, ਸਾਹਿਬ-ਏ-ਕਮਾਲ ਸ਼੍ਰੀ ਗੁਰੂ ਗੋਬਿੰਦ ਸਿੰਘ ਨੇ ਇਥੇ ਅਵਤਾਰ ਧਾਰਿਆ। ਉਨ੍ਹਾਂ ਦੇ ਆਗਮਨ ਨਾਲ ਇਹ ਸ਼ਹਿਰ ਪਟਨਾ ਤੋਂ ਪਟਨਾ ਸਾਹਿਬ ਬਣ ਗਿਆ।





## ਗੁਰਦੁਆਰਾ ਹਾਂਡੀ ਸਾਹਿਬ



ਇਹ ਗੁਰਦੁਆਰਾ ਤਖ਼ਤ ਸਾਹਿਬ ਤੋਂ ਲਗਪਗ 30 ਕਿਲੋਮੀਟਰ ਦੀ ਦੂਰੀ 'ਤੇ ਦਾਨਾਪੁਰ ਵਿਖੇ ਸਥਿਤ ਹੈ। ਇਥੇ ਸਰਬੰਸ ਦਾਨੀ ਦਸ਼ਮੇਸ਼ ਪਿਤਾ ਨੇ ਪਟਨਾ ਸਾਹਿਬ ਤੋਂ ਪੰਜਾਬ ਆਉਂਦੇ ਸਮੇਂ ਪਹਿਲਾ ਮੁਕਾਮ ਕੀਤਾ ਸੀ। ਇਕ ਬਿਰਧ ਔਰਤ ਜਮਨਾ ਮਾਈ ਨੇ ਹਾਂਡੀ ਵਿਚ ਖਿਚੜੀ ਬਣਾ ਕੇ ਗੁਰੂ ਜੀ ਅਤੇ ਉਨ੍ਹਾਂ ਨੂੰ ਨਾਲ ਵਿਦਾ ਕਰਨ ਆਈ ਸੰਗਤ ਨੂੰ ਛਕਾਈ ਸੀ। ਇਸੇ ਕਰਕੇ ਇਸਦਾ ਨਾਮ ਹਾਂਡੀ ਸਾਹਿਬ ਹੈ। ਇਥੇ ਅੱਜ ਵੀ ਖਿਚੜੀ ਦਾ ਪ੍ਰਸ਼ਾਦ ਵਰਤਾਇਆ ਜਾਂਦਾ ਹੈ।

ਇਸ ਅਸਥਾਨ 'ਤੇ ਬਾਲਾ ਪ੍ਰੀਤਮ ਗੁਰੂ ਗਬਿੰਦ ਸਿੰਘ ਜੀ ਦੇ ਨੰਨ੍ਹੇ ਚਰਨਾਂ ਦੇ ਨਿਸ਼ਾਨ ਇਕ ਸ਼ੀਸ਼ੇ ਦੇ ਬਕਸੇ ਵਿਚ ਸੰਭਾਲੇ ਪਏ ਹਨ। ਸੰਗਤ ਇਨ੍ਹਾਂ ਦੇ ਦਰਸ਼ਨ ਕਰ ਨਿਹਾਲ ਹੁੰਦੀ ਹੈ। ਇਸ ਤੋਂ ਇਲਾਵਾ ਗੁਰਦੁਆਰਾ ਗੁਰੂ ਦਾ ਬਾਗ, ਗੁਰਦੁਆਰਾ ਗਊ ਘਾਟ ਅਤੇ ਗੁਰਦੁਆਰਾ ਸੰਗਤ ਸੁਨਾਰ ਟੋਲੀ, ਜੋ ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਅਤੇ ਨੌਵੀਂ ਪਾਤਸ਼ਾਹੀ ਸ਼੍ਰੀ ਗੁਰੂ ਤੇਗ ਬਹਾਦਰ ਜੀ ਨਾਲ ਸਬੰਧਤ ਹਨ, ਪਟਨਾ ਸਾਹਿਬ ਵਿਖੇ ਸੁਭਾਇਮਾਨ ਹਨ। ਦੇਸ਼ ਵਿਦੇਸ਼ ਤੋਂ ਸੰਗਤ ਸਰਬੰਸ ਦਾਨੀ ਗੁਰੂ ਗੋਬਿੰਦ ਸਿੰਘ ਦੀ ਜਨਮ ਭੂਮੀ ਦੇ ਇਨ੍ਹਾਂ ਗੁਰਦੁਆਰਿਆਂ ਦੇ ਦਰਸ਼ਨ ਕਰਕੇ ਆਪਣਾ ਜੀਵਨ ਸਫ਼ਲਾ ਕਰਦੀ ਹੈ।

• ਡਾ. ਹਰਸ਼ਿੰਦਰ ਕੌਰ
0175-2216783



# ਦੁਨੀਆ 'ਚ ਖ਼ੁਸ਼ੀ ਦਾ ਗਰਾਫ਼

**ਕੁਦਰਤ ਨੇ ਚੁਫ਼ੇਰੇ ਜ਼ਿੰਦਗੀ ਜਿਊਣ ਦਾ ਢੰਗ ਸਮਝਾਉਣ ਦਾ ਜਤਨ ਕੀਤਾ ਹੈ। ਡੂੰਘਾ ਪਾਣੀ ਸ਼ਾਂਤ ਵਹਿੰਦਾ ਹੈ ਪਰ ਥੋੜ੍ਹਾ ਪਾਣੀ ਸ਼ੋਰ ਮਚਾਉਂਦਾ ਲੰਘਦਾ ਹੈ। ਇਹੀ ਵਧੀਆ ਸ਼ਖ਼ਸੀਅਤ ਵਾਲੇ ਇਨਸਾਨ ਦਾ ਗੁਣ ਹੋਣਾ ਚਾਹੀਦਾ ਹੈ। ਪਾਣੀ ਭਾਵੇਂ ਨਿਵਾਣ ਵੱਲ ਵਹੇ ਪਰ ਪੱਥਰ ਚੀਰ ਕੇ ਰਾਹ ਬਣਾ ਸਕਦਾ ਹੈ…**

ਅਮਰੀਕਾ ਦੀ ਜੀ.ਡੀ.ਪੀ. ਸਭ ਤੋਂ ਵੱਧ ਹੈ ਪਰ ਜੂਆ, ਇੰਟਰਨੈੱਟ ਦੀ ਹੱਦੋਂ ਵੱਧ ਵਰਤੋਂ, ਸ਼ਰਾਬ, ਵੀਡੀਓ ਗੇਮਾਂ, ਖ਼ਰੀਦੋ ਫਰੋਖ਼ਤ, ਫਾਸਟ ਫੂਡਜ਼, ਆਦਿ ਦੀ ਵੀ ਹੱਦੋਂ ਵੱਧ ਵਰਤੋਂ ਉਨ੍ਹਾਂ ਨੂੰ ਖ਼ੁਸ਼ੀ ਦਾ ਅਹਿਸਾਸ ਕਰਨ ਦਾ ਵਕਤ ਨਹੀਂ ਦਿੰਦੇ। ਇਹ ਲੱਭਿਆ ਗਿਆ ਕਿ ਜਿਹੜੇ ਖ਼ੁਸ਼ ਹੋਣ ਉਹ ਲੋਕਤੰਤਰ ਪਸੰਦ ਕਰਦੇ ਹਨ ਤੇ ਵੋਟ ਪਾਉਂਦੇ ਹਨ।

ਭਲਾ ਭਾਰਤ ਵਿਚ ਲੋਕ ਖ਼ੁਸ਼ ਕਿਉਂ ਨਹੀਂ ਹਨ? ਕਿਉਂ ਭਾਰਤੀ ਲੋਕਾਂ ਦੀ ਖ਼ੁਸ਼ੀ ਦਾ ਗ੍ਰਾਫ਼ ਹੇਠਾਂ ਜਾ ਰਿਹਾ ਹੈ?

ਭਾਰਤੀ ਸੱਭਿਆਚਾਰ ਵਿਚ ਟੱਬਰ ਨੂੰ ਗੁੰਦ ਕੇ ਰੱਖਣ ਅਤੇ ਜ਼ਿੰਮੇਵਾਰੀਆਂ ਲੱਦਣ ਦਾ ਬਹੁਤ ਵੱਡਾ ਨੁਕਤਾ ਸ਼ਾਮਲ ਹੈ। ਇਸ ਤੋਂ ਇਲਾਵਾ ਸਹੀ ਮੌਕੇ ਦੀ ਉਡੀਕ ਵਿਚ ਲਗਪਗ ਪੂਰੀ ਉਮਰ ਹੀ ਲੰਘਾ ਦਿੱਤੀ ਜਾਂਦੀ ਹੈ। ਇਹ ਸਹੀ ਸਮਾਂ ਜਦੋਂ ਪਤਲੇ ਹੋਵਾਂਗੇ, ਜਦੋਂ ਬੱਚੇ ਹੋਣਗੇ, ਜਦੋਂ ਦੀਵਾਲੀ ਆਏਗੀ, ਜਦੋਂ ਤਨਖ਼ਾਹ ਮਿਲੇਗੀ, ਜਦੋਂ ਗਰਮੀਆਂ ਦੀਆਂ ਛੁੱਟੀਆਂ ਹੋਣਗੀਆਂ ਆਦਿ ਨਾਲ ਸਾਡਾ ਦਿਮਾਗ਼ ਇਹ ਸੋਚ ਪਾਲ ਲੈਂਦਾ ਹੈ ਕਿ ਹਾਲੇ ਮੌਜ ਮਸਤੀ, ਵਿਹਲੇ ਹੋਣ ਜਾਂ ਖ਼ੁਸ਼ ਹੋਣ ਦਾ ਸਹੀ ਸਮਾਂ ਨਹੀਂ ਹੈ।

ਕਈ ਜਣੇ 'ਸਹੀ ਸਮਾਂ' ਰਿਟਾਇਰਮੈਂਟ ਤੋਂ ਬਾਅਦ ਦਾ ਮੰਨ ਲੈਂਦੇ ਹਨ। ਕੁਝ ਘਰ ਬਣ ਜਾਣ ਬਾਅਦ ਨੂੰ ਤੇ ਕੁੱਝ ਵਧੀਆ ਸਰਕਾਰੀ ਨੌਕਰੀ ਹਾਸਲ ਕਰਨ ਤਕ ਉਡੀਕਦੇ ਰਹਿੰਦੇ ਹਨ।

ਅਜਿਹੀ ਮੰਜ਼ਿਲ ਹਾਸਲ ਕਰਨ ਵੇਲੇ ਤਕ ਦਾ ਸਮਾਂ, ਆਪਣੇ ਆਪ ਹੀ ਕੰਮ ਕਰਦੇ ਰਹਿਣ, ਮਿਹਨਤ ਕਰਨ ਤੇ ਤਣਾਓ ਅਧੀਨ ਰਹਿਣ ਉੱਤੇ ਮਜਬੂਰ ਕਰ ਦਿੰਦਾ ਹੈ ਕਿਉਂਕਿ ਦਿਮਾਗ਼ ਸਿਰਫ਼ ਉਸੇ ਨੁਕਤੇ ਉੱਤੇ ਹੀ ਟਿਕ ਜਾਂਦਾ ਹੈ ਕਿ ਖ਼ੁਸ਼ੀ ਮਿਲਣ ਦਾ ਕਾਰਨ ਹਾਲੇ ਹਾਸਲ ਨਹੀਂ ਹੋਇਆ। ਸੋ ਹੋਰ ਨਿੱਠ ਕੇ ਕੰਮ ਕਰਦੇ ਰਹੋ, ਭਾਵੇਂ ਲੁੱਟਾਂ-ਖੋਹਾਂ ਹੀ ਕਿਉਂ ਨਾ ਕਰਨੀਆਂ ਪੈਣ!

ਕਈ ਵਾਰ 'ਉਹ ਸਮਾਂ' ਆਉਂਦਾ ਹੀ ਨਹੀਂ। ਅਜਿਹੀ ਜ਼ਿੰਦਗੀ ਸਿਰਫ਼ ਜੂਝਣ, ਢਹਿੰਦੀ ਕਲਾ ਸਮੇਟਣ ਤੇ ਕੰਮ ਕਾਰ ਕਰਦਿਆਂ ਹੀ ਮੁੱਕ ਜਾਂਦੀ ਹੈ।

'ਜਦੋਂ' ਦੇ ਚੱਕਰਵਿਊ ਵਿਚ ਮਨ ਆਪਣੇ ਆਲੇ-ਦੁਆਲੇ ਦੇ ਖ਼ੁਸ਼ੀ ਦੇ ਮੌਕਿਆਂ ਦਾ ਇਹਸਾਸ ਹੀ ਨਹੀਂ ਕਰ ਸਕਦਾ।

ਅਜਿਹੀ ਹੀ ਇਕ 'ਜਦੋਂ' ਹੁੰਦੀ ਹੈ, ਕਰੋੜਪਤੀ ਬਣਨ ਦੀ ਚਾਹ। ਇਹ ਲੋੜ ਬੰਦੇ ਨੂੰ ਵਿਆਹ ਦੇ ਸਮਾਗਮ ਉੱਤੇ ਵੀ ਆਪਣੇ ਮੋਬਾਈਲ ਉੱਤੇ ਆਪਣੇ ਅਧੀਨ ਕੰਮ ਕਰਦੇ ਲੋਕਾਂ ਨੂੰ ਨਸੀਹਤਾਂ ਦੇਣ, ਹੁਕਮ ਦੇਣ ਜਾਂ ਆਰਡਰ ਮੰਗਵਾਉਣ ਤਕ ਹੀ ਸੀਮਤ ਕਰ ਦਿੰਦੀ ਹੈ। ਆਲੇ-ਦੁਆਲੇ ਖਿੱਲਰੇ ਹਾਸੇ ਵੀ ਅਜਿਹੇ ਇਨਸਾਨ ਨੂੰ ਸ਼ੋਰ ਸ਼ਰਾਬਾ ਲੱਗਦੇ ਹਨ। ਫ਼ੋਨ ਸੁਣਨ ਲਈ ਦੂਜੇ ਕੰਨ ਉੱਤੇ ਉਂਗਲ ਰੱਖ ਕੇ ਹਾਸੇ ਦੀ ਆਵਾਜ਼ ਬੰਦ ਕਰਨ ਜਾਂ ਉਸ ਥਾਂ ਤੋਂ ਬਾਹਰ ਨਿਕਲਣਾ ਆਮ ਹੀ ਰੁਝਾਨ ਬਣ ਚੁੱਕਿਆ ਹੈ। ਵਿਰਲਾ ਹੀ ਕੋਈ ਵਿਆਹ ਦੇ ਸਮਾਗਮਾਂ ਜਾਂ ਦੋਸਤਾਂ ਵਿਚ ਬਹਿ ਕੇ ਆਪਣਾ ਮੋਬਾਈਲ ਬੰਦ ਕਰਦਾ ਹੈ।

ਬਿਲਕੁਲ ਇੰਜ ਹੀ ਘਰ ਮੁੜਦਿਆਂ ਬੱਚੇ ਨੂੰ ਜੱਫੀ ਪਾਉਂਦਿਆਂ ਫ਼ੋਨ ਵੱਜ ਪਵੇ ਤਾਂ ਬੱਚਾ ਪਰ੍ਹਾਂ ਧੱਕ ਕੇ, ਬੱਚੇ ਨੂੰ ਖਿਝ ਕੇ ਚੁੱਪ ਕਰਵਾ ਕੇ, ਆਪਣੇ ਫ਼ੋਨ ਉੱਤੇ ਹਦਾਇਤਾਂ ਦੇਣੀਆਂ ਜਾਂ ਸੁਣਨ ਨੂੰ ਤਰਜੀਹ ਦਿੱਤੀ ਜਾਂਦੀ ਹੈ।

ਜਦੋਂ ਹੀ ਕਰੋੜਪਤੀ ਵਾਲੀ ਸੋਚ ਪੂਰੀ ਹੋ ਜਾਵੇ ਤਾਂ ਹੋਰ ਕਮਾਉਣ ਦੀ ਚਾਹ ਜਕੜ ਲੈਂਦੀ ਹੈ। ਇਸੇ ਤਰ੍ਹਾਂ ਕਰਦਿਆਂ ਸਾਈਕਲ ਦੇ ਪਹੀਏ ਵਾਂਗ ਘੁੰਮਦਿਆਂ ਜ਼ਿੰਦਗੀ ਮੁੱਕ ਜਾਂਦੀ ਹੈ ਪਰ ਕਰੋੜਪਤੀ ਤੋਂ ਖ਼ਰਬਾਂਪਤੀ ਬਣਨ ਦਾ ਚੱਕਰ ਨਹੀਂ ਮੁੱਕਦਾ।

ਇਹੋ ਜਿਹੇ ਲੱਖਾਂ ਲੋਕ ਇਸ ਵੇਲੇ ਤਣਾਓ ਅਧੀਨ ਘੁੰਮ ਰਹੇ ਹਨ ਕਿਉਂਕਿ ਇਹ ਸਾਰੇ ਆਪਣੇ 'ਜਦੋਂ' ਦੀ ਲੋੜ ਪੂਰੀ ਕਰਨ ਨੂੰ ਕਾਹਲੇ ਜ਼ਿੰਦਗੀ ਜੀਊਣ ਭਾਰੇ ਭੁੱਲ ਚੁੱਕੇ ਹਨ।

ਇਹੀ ਤਣਾਓ ਤੇ ਹੋਰ ਪਾਉਣ ਦੀ ਚਾਹ ਜਨਮ ਦਿੰਦੀ ਹੈ ਮਾਨਸਿਕ ਤੇ ਸਰੀਰਕ ਰੋਗਾਂ ਨੂੰ। ਕੋਈ ਹਾਰਟ ਅਟੈਕ, ਕੋਈ ਬਲੱਡ ਪ੍ਰੈੱਸ਼ਰ, ਕੋਈ ਕੈਂਸਰ, ਐਲਰਜੀ, ਚਮੜੀ ਦੇ ਰੋਗ, ਜੋੜਾਂ ਦੇ ਦਰਦ, ਨਿਪੁੰਸਕਤਾ, ਦਮਾ, ਪਾਸਾ ਮਾਰਿਆ ਜਾਣਾ, ਐਨਜਾਈਨਾ, ਸ਼ੱਕਰ ਰੋਗ, ਆਦਿ ਨਾਲ ਜੂਝਦਾ ਤੇ ਆਪਣੇ ਨਸੀਬ ਨੂੰ ਕੋਸਦਾ ਹੌਲੀ-ਹੌਲੀ ਕੋਈ ਆਸਰਾ ਭਾਲਦਾ ਕਿਸੇ ਵੈਦ, ਹਕੀਮ, ਜੋਤਸ਼ੀ ਜਾਂ ਬਾਬੇ ਕੋਲ ਪਹੁੰਚ ਜਾਂਦਾ ਹੈ ਕਿ ਜ਼ਿੰਦਗੀ ਵਿਚ ਖ਼ੁਸ਼ੀ ਹੈ ਹੀ ਨਹੀਂ, ਨਿਰਾ ਕਲੇਸ਼ ਤੇ ਦੁੱਖ ਹੀ ਹੈ! ਫਿਰ ਉਸ ਤੋਂ ਨਿਜਾਤ ਪਾਉਣ ਲਈ ਹਰ ਕਿਸਮ ਦੇ ਢਕੌਂਸਲੇ ਸ਼ੁਰੂ ਹੋ ਜਾਂਦੇ ਹਨ।

ਕੋਈ ਕਾਲੀ ਦਾਲ ਵੰਡਣ ਦੇ ਚੱਕਰ ਵਿਚ, ਕੋਈ ਅਖੰਡ ਪਾਠ ਕਰਵਾਉਣ, ਕੋਈ ਹਰਿਦੁਆਰ ਜਾਣ ਤੇ ਕੋਈ ਕੀੜੀਆਂ ਨੂੰ ਚੌਲ ਪਾਉਣ ਵੱਲ ਰੁੱਝ ਜਾਂਦਾ ਹੈ। ਇਨ੍ਹਾਂ ਵਿੱਚੋਂ ਕੋਈ ਆਪਣੇ ਹੀ ਬੱਚੇ ਦਾ ਪਹਿਲਾ ਕਦਮ ਪੁੱਟਣ ਉੱਤੇ ਖ਼ੁਸ਼ੀ ਨਾਲ ਝੂਮ ਕੇ ਖਿੜਖਿੜਾ ਕੇ ਹੱਸਦਾ ਨਹੀਂ। ਨਾ ਹੀ ਇਨ੍ਹਾਂ ਵਿੱਚੋਂ ਕਿਸੇ ਨੂੰ ਇਹ ਪਤਾ ਹੁੰਦਾ ਹੈ ਕਿ ਅੱਜ ਉਨ੍ਹਾਂ ਦੇ ਬੱਚੇ ਨੇ ਪੈਨਸਿਲ ਨਾਲ ਪਹਿਲੀ ਟੇਢੀ ਮੇਢੀ ਲਕੀਰ ਕਾਗਜ਼ ਉੱਤੇ ਵਾਹੀ ਹੈ ਜਿਸ ਨੂੰ ਵਿਖਾਉਣ ਲਈ ਬੱਚਾ ਆਪਣੇ ਮਾਪਿਆਂ ਕੋਲ ਰਿੜ੍ਹਦਾ ਆਪਣੀ ਤੋਤਲੀ ਜ਼ਬਾਨ ਨਾਲ ਬੁਲਾਉਂਦਾ, ਮੋਹ ਜਤਾਉਂਦਾ ਘੁੰਮ ਰਿਹਾ ਹੈ।

ਆਪਣੇ ਹੀ ਫ਼ੋਨਾਂ ਵਿਚ ਰੁੱਝੇ, ਇਕ ਦੂਜੇ ਨੂੰ ਮਿਹਣੇ ਮਾਰਦੇ ਤੇ ਆਪਣੀ ਫੁੱਟੀ ਕਿਸਮਤ ਨੂੰ ਕੋਸਦੇ ਬਥੇਰੇ ਜਣੇ ਅਜਿਹੇ ਖ਼ੁਸ਼ੀ ਵਾਲੇ ਪਲ ਮਹਿਸੂਸ ਕਰ ਹੀ ਨਹੀਂ ਸਕਦੇ। ਇਸ ਦੇ ਨਾਲ ਜੁੜ ਜਾਂਦਾ ਹੈ ਦੂਜੇ ਨਾਲ ਆਪਣੇ ਆਪ ਨੂੰ ਮੇਚਣਾ! ਦੂਜੇ ਦੀ ਆਮਦਨ ਮੇਰੇ ਤੋਂ ਵੱਧ, ਦੂਜਾ ਮੇਰੇ ਤੋਂ ਵੱਧ ਖ਼ੁਸ਼, ਉਸ ਦੀ ਵਹੁਟੀ ਸੋਹਣੀ, ਉਸ ਦੀ ਬੇਟੀ ਵਧੀਆ ਨੌਕਰੀ 'ਤੇ, ਉਸ ਦਾ ਘਰ ਵੱਡਾ, ਉਸ ਦੀ ਕਾਰ ਵੱਡੀ, ਉਸ ਕੋਲ ਨੌਕਰ ਵੱਧ, ਰੁਤਬਾ ਵੱਡਾ, ਆਦਿ ਦੀ ਸੋਚ ਮਨ ਦੇ ਕਿਸੇ ਕੋਨੇ ਵਿਚ ਫਸੀ ਰਤਾ ਮਾਸਾ ਖ਼ੁਸ਼ੀ ਵੀ ਬਾਹਰ ਕੱਢ ਕੇ ਸਿਰਫ਼ ਨਿਰਾਸ਼ਾ ਭਰ ਦਿੰਦੇ ਹਨ। ਇੰਜ ਦੂਜੇ ਨੂੰ ਢਾਅ ਲਾਉਣ ਦਾ ਸਿਲਸਿਲਾ ਵੀ ਚਾਲੂ ਹੋ ਜਾਂਦਾ ਹੈ ਕਿ ਦੂਜੇ ਨੂੰ ਹੇਠਾਂ ਖਿੱਚਾਂਗੇ ਤਾਂ ਹੀ ਖ਼ੁਸ਼ੀ ਮਹਿਸੂਸ ਹੋਵੇਗੀ।

ਵੱਡੀ ਪੱਧਰ ਉੱਤੇ ਅਜਿਹੀ ਸੋਚ ਪਸਰੀ ਵੇਖ ਕੇ ਤਣਾਓ ਮੀਟਰ ਨੇ ਆਪੇ ਉੱਤੇ ਚੜ੍ਹ ਜਾਣਾ ਹੋਇਆ ਤੇ ਖ਼ੁਸ਼ੀ ਦੇ ਮੀਟਰ ਨੇ ਜ਼ੀਰੋ ਉੱਤੇ ਪਹੁੰਚ ਜਾਣਾ ਹੋਇਆ।

ਜਦੋਂ ਕਾਲੀ ਦਾਲ ਵੰਡਣ ਬਾਅਦ ਵੀ ਖ਼ੁਸ਼ੀ ਵਾਪਸ ਨਾ ਮਿਲੇ ਤਾਂ ਖਿੱਝ ਤੇ ਗੁੱਸੇ ਨਾਲ ਭਰੇ ਕੁਝ ਲੋਕ ਆਪਣੇ ਘਰ ਦੇ ਬੱਚਿਆਂ ਤੇ ਵਹੁਟੀ ਨੂੰ ਮਾਰਨ ਕੁੱਟਣ ਲੱਗ ਪੈਂਦੇ ਹਨ।

ਜਦੋਂ ਗੁੱਸੇ ਤੇ ਖਿੱਝ ਦੀ ਚਰਮ ਸੀਮਾ ਹੋਵੇ ਤਾਂ ਕਤਲ ਜਾਂ ਬਲਾਤਕਾਰ ਤਕ ਕਰ ਦਿੱਤਾ ਜਾਂਦਾ ਹੈ। ਇਹ ਸਭ ਕਰਨ ਬਾਅਦ ਵੀ ਖ਼ੁਸ਼ੀ ਨਦਾਰਦ! ਖ਼ੁਸ਼ੀ ਹੈ ਤਾਂ ਚੁਫ਼ੇਰੇ ਪਰ ਅਸੀਂ ਮਹਿਸੂਸ ਕਰਨਾ ਭੁੱਲ ਚੁੱਕੇ ਹਾਂ। 'ਹੋਰ' ਤੇ 'ਜਦੋਂ' ਦੇ ਚੱਕਰਵਿਊ ਵਿਚ ਸ਼ੁਕਰਾਨਾ ਕਿਧਰੇ ਗੁੰਮ ਹੋ ਗਿਆ ਹੈ। ਖ਼ੁਸ਼ੀ ਲੱਭਣ ਲਈ ਰਸਤਾ ਭਾਲਦਿਆਂ ਰਸਤੇ ਵਿਚ ਪਈ ਖ਼ੁਸ਼ੀ ਨੂੰ ਮਿੱਧ ਕੇ ਲੰਘ ਜਾਂਦੇ ਹਾਂ।

ਹਰ ਰੋਜ਼ ਸੂਰਜ ਦੀ ਪਹਿਲੀ ਕਿਰਨ ਨਾਲ ਸਾਰੇ ਘਰਾਂ ਵਿਚ ਖ਼ੁਸ਼ੀ ਵੜਦੀ ਹੈ, ਪਰ ਕਿੰਨੇ ਜਣੇ ਮਹਿਸੂਸ ਕਰ ਰਹੇ ਹਨ? ਲੱਖਾਂ ਅੱਜ ਦੇ ਦਿਨ ਦੁਨੀਆ ਭਰ ਵਿਚ ਕੂਚ ਕਰ ਚੁੱਕੇ ਹਨ ਜਾਂ ਜਾਣੇ ਹਨ, ਪਰ ਅਸੀਂ ਅੱਖਾਂ ਖੋਲ੍ਹ ਕੇ ਨਵਾਂ ਦਿਨ ਚੜ੍ਹਦੇ ਵੇਖਿਆ ਹੈ। ਹੋ ਗਏ ਨਾ ਅਸੀਂ ਵਿਲੱਖਣ! ਕਿੰਨੀ ਖ਼ੁਸ਼ੀ ਦੀ ਗੱਲ ਹੈ ਕਿ ਅਸੀਂ ਜ਼ਿੰਦਾ ਹਾਂ! ਜੇ ਜ਼ਿੰਦਾ ਹਾਂ, ਤਾਂ ਹੀ ਕੁਝ ਕਰ ਸਕਾਂਗੇ, ਵਰਨਾ ਤਾਂ ਘਰ ਵਿਚ ਮਾਤਮ ਹੁੰਦਾ! ਇਕ ਹੋਰ ਦਿਨ ਜ਼ਿੰਦਗੀ ਦਾ ਮਿਲ ਗਿਆ! ਜਸ਼ਨ ਦੀ ਗੱਲ ਹੋ ਗਈ। ਇਸ ਦਾ ਮਤਲਬ ਹੈ ਕਿ ਖ਼ੁਸ਼ੀ ਤਾਂ ਅੱਖਾਂ ਖੋਲ੍ਹਦੇ ਹੀ ਮਿਲ ਗਈ।

**ਵਰਲਡ ਇਕੋਨੌਮਿਕ ਫੋਰਮ ਵੱਲੋਂ '2019 ਵਰਲਡ ਹੈਪੀਨੈੱਸ' ਰਿਪੋਰਟ ਵਿਚ 156 ਮੁਲਕਾਂ ਉੱਤੇ ਕੀਤੇ ਸਰਵੇਖਣ ਅਨੁਸਾਰ :-**

| | |
|---|---|
| ਫਿਨਲੈਂਡ-ਪਹਿਲਾ ਨੰਬਰ | ਕਨੇਡਾ |
| ਡੈਨਮਾਰਕ | ਆਸਟ੍ਰੀਆ |
| ਨਾਰਵੇ | ਯੂ.ਕੇ. 15ਵੇਂ ਨੰਬਰ |
| ਆਈਸਲੈਂਡ | ਆਇਰਲੈਂਡ 16ਵੇਂ |
| ਨੀਦਰਲੈਂਡ/ਹੋਲੈਂਡ | ਯੂ.ਐਸ.ਏ. 19ਵੇਂ ਨੰਬਰ |
| ਸਵਿਟਜ਼ਰਲੈਂਡ | ਪਾਕਿਸਤਾਨ 67ਵੇਂ |
| ਸਵੀਡਨ | ਭਾਰਤ 140ਵੇਂ |
| ਨਿਊਜ਼ੀਲੈਂਡ | |

**ਕਿਸ ਆਧਾਰ ਉੱਤੇ :-**

1. ਜੀ.ਡੀ.ਪੀ
2. ਸਰਕਾਰੀ ਮਦਦ ਤੇ ਇਕ ਦੂਜੇ ਦਾ ਸਹਾਰਾ ਬਣਨਾ
3. ਲੰਮੀ ਉਮਰ ਭੋਗਣਾ
4. ਆਪਣੀ ਜ਼ਿੰਦਗੀ ਨੂੰ ਜਿਊਣ ਦਾ ਢੰਗ ਆਪਣੇ ਹਿਸਾਬ ਨਾਲ
5. ਭ੍ਰਿਸ਼ਟਾਚਾਰ
6. ਖੁੱਲ੍ਹਦਿਲੀ

ਦੂਜੀ ਵੱਡੀ ਗੱਲ! ਅਸੀਂ ਵੇਖ ਸਕਦੇ ਹਾਂ! ਕਿੰਨੇ ਅੱਜ ਦੇ ਦਿਨ ਉੱਠ ਕੇ ਵੇਖ ਨਹੀਂ ਸਕੇ! ਕੁਝ ਸੁਣ ਨਹੀਂ ਸਕੇ, ਕੁਝ ਤੁਰ ਨਹੀਂ ਸਕੇ! ਅਸੀਂ ਵੇਖਿਆ ਵੀ, ਚਿੜੀਆਂ ਦਾ ਚਹਿਕਣਾ ਸੁਣਿਆ ਵੀ ਤੇ ਆਪਣੇ ਪੈਰਾਂ ਉੱਤੇ ਖੜ੍ਹੇ ਵੀ ਹੋ ਸਕੇ ਹਾਂ! ਫਿਰ ਭਲਾ ਹੱਥ ਜੋੜ ਕੇ ਕੁਦਰਤ ਦਾ ਧੰਨਵਾਦ ਕਿਉਂ ਨਹੀਂ ਕੀਤਾ?

ਇਹ ਧੰਨਵਾਦ ਤੇ ਸ਼ੁਕਰਾਨਾ ਹੀ ਖ਼ੁਸ਼ੀ ਦੇ ਮੀਟਰ ਵਿਚ ਵਾਧਾ ਕਰਦਾ ਹੈ। ਅੱਜ ਪੂਰਾ ਦਿਨ ਅਸੀਂ ਤੁਰ ਫਿਰ ਕੇ, ਕੰਮ ਕਰ ਕੇ, ਪੈਸਾ ਕਮਾ ਕੇ ਰਾਤ ਮੰਜੇ ਉੱਤੇ ਪੈ ਸਕੇ ਹਾਂ। ਇਸ ਦਾ ਮਤਲਬ ਹੈ ਅਨੇਕ ਖ਼ੁਸ਼ੀ ਦੇ ਪਲ ਅਸੀਂ ਵੇਖੇ ਹੋਣਗੇ ਪਰ ਮਹਿਸੂਸ ਨਹੀਂ ਕੀਤੇ। ਇਸ ਦਾ ਮਤਲਬ ਹੈ ਕਿ ਰਾਤ ਨੂੰ ਸੌਣ ਤੋਂ ਪਹਿਲਾਂ ਵੀ ਆਪਣੇ ਜ਼ਿੰਦਾ ਰਹਿਣ ਤੇ ਤੰਦਰੁਸਤ ਰਹਿਣ ਦਾ ਸ਼ੁਕਰਾਨਾ ਕਰਨਾ ਚਾਹੀਦਾ ਹੈ।

ਖ਼ੁਸ਼ੀ ਹਾਸਲ ਕਰਨ ਲਈ ਤਾਂ ਏਨਾ ਹੀ ਬਥੇਰਾ ਹੁੰਦਾ ਹੈ ਕਿ ਲੰਘਦੇ ਜਾਂਦੇ ਬੰਦਿਆਂ ਵੱਲ ਵੇਖ ਕੇ ਮੁਸਕਰਾ ਲਿਆ ਜਾਏ। ਜਿਹੜਾ ਫ਼ੋਨ ਤੋਂ ਪਰ੍ਹਾਂ ਹੋਏਗਾ ਤੇ ਖਿੱਝਦਾ ਕ੍ਰਿਝਦਾ ਨਾ ਲੰਘਿਆ ਹੋਵੇਗਾ, ਉਨ੍ਹਾਂ ਵਿੱਚੋਂ ਕੋਈ ਇਕ ਹੋ ਸਕਦਾ ਹੈ, ਮੁਸਕਾਨ ਦੇ ਬਦਲੇ ਚਿਹਰੇ ਉੱਤੇ ਮੁਸਕਾਨ ਲੈ ਆਵੇ! ਲਓ ਜੀ ਹੋ ਗਿਆ ਸਿਲਸਿਲਾ ਸ਼ੁਰੂ ਖ਼ੁਸ਼ੀ ਹਾਸਲ ਕਰਨ ਦਾ!

ਨਾ ਦਾਲ ਵੰਡਣੀ ਪਈ, ਨਾ ਡੇਰੇ ਦੇ ਗੇੜੇ ਤੇ ਖ਼ੁਸ਼ੀ ਆਪਣੇ ਆਪ ਹਾਸਲ ਹੋ ਗਈ। ਕੰਮ ਕੀ ਕੀਤਾ? ਸਿਰਫ਼ ਮੱਥੇ ਉੱਤੇ ਪਈਆਂ ਤਿਊੜੀਆਂ ਹਟਾ ਕੇ ਬੁੱਲ੍ਹਾਂ ਨੂੰ ਫਰਕਣ ਦੀ ਖੁੱਲ੍ਹ ਦਿੱਤੀ!

ਘਰ ਵਾਪਸ ਪਹੁੰਚ ਕੇ ਬੱਚਿਆਂ ਨੂੰ ਘੁੱਟ ਕੇ ਪਾਈ ਜੱਫੀ ਤੇ ਵਹੁਟੀ ਨਾਲ ਕੀਤੀਆਂ ਦੋ ਪਿਆਰ ਦੀਆਂ ਗੱਲਾਂ ਜਾਂ ਦੋਸਤ ਨਾਲ ਕੀਤਾ ਖ਼ੁਸ਼ੀ ਦਾ ਇਜ਼ਹਾਰ ਹੀ ਮਨ ਨੂੰ ਮਹਿਕਾਉਣ ਲਈ ਬਥੇਰਾ ਹੁੰਦਾ ਹੈ।

ਕੁਦਰਤ ਨੇ ਤਾਂ ਚੁਫ਼ੇਰੇ ਜ਼ਿੰਦਗੀ ਜੀਊਣ ਦਾ ਢੰਗ ਸਮਝਾਉਣ ਦਾ ਜਤਨ ਕੀਤਾ ਪਿਆ ਹੈ। ਡੂੰਘਾ ਪਾਣੀ ਸ਼ਾਂਤ ਵਹਿੰਦਾ ਹੈ ਪਰ ਥੋੜ੍ਹਾ ਪਾਣੀ ਸ਼ੋਰ ਮਚਾਉਂਦਾ ਲੰਘਦਾ ਹੈ। ਇਹੀ ਵਧੀਆ ਸ਼ਖ਼ਸੀਅਤ ਵਾਲੇ ਇਨਸਾਨ ਦਾ ਗੁਣ ਹੋਣਾ ਚਾਹੀਦਾ ਹੈ। ਪਾਣੀ ਭਾਵੇਂ ਨਿਵਾਣ ਵੱਲ ਵਹੇ, ਪਰ ਉਸ ਵਿਚ ਤਾਕਤ ਹੈ ਕਿ ਸਾਹਮਣੇ ਪਏ ਪੱਥਰ ਨੂੰ ਚੀਰ ਕੇ ਆਪਣਾ ਰਾਹ ਬਣਾ ਸਕਦਾ ਹੈ। ਮਿੱਟੀ ਵੀ ਤਾਂ ਹਰ ਤਰ੍ਹਾਂ ਦੇ ਰੂਪ ਵਿਚ ਢਲ ਜਾਂਦੀ ਹੈ, ਭਾਵੇਂ ਫਸਲ ਹੋਵੇ ਤੇ ਭਾਵੇਂ ਨਦੀਨ, ਆਪਣੇ ਵਿਚ ਉੱਗ ਲੈਣ ਦਿੰਦੀ ਹੈ। ਸਾਰੇ ਜਣੇ ਰਲ ਮਿਲ ਕੇ ਖੇੜਾ ਵੰਡਦੇ ਰਹਿਣ ਤੇ ਇਕ ਦੂਜੇ ਨਾਲ ਮਿਲਵਰਤਣ ਰੱਖਣ। ਇਕ ਜਣਾ ਗੁੱਸੇ ਵਿਚ ਹੈ ਤਾਂ ਦੂਜਾ ਕੁਝ ਪਲ ਸ਼ਾਂਤ ਰਹਿ ਜਾਵੇ! ਜਿਉਂ ਹੀ ਪਹਿਲੇ ਦਾ ਗੁੱਸਾ ਘਟਿਆ, ਉਸ ਆਪੇ ਨੇੜੇ ਆ ਜਾਣਾ ਹੈ। ਪਰ, ਇਕ ਗੱਲ ਦਾ ਧਿਆਨ ਰੱਖਣਾ ਜ਼ਰੂਰੀ ਹੈ। ਜੋ ਬੀਜਿਆ ਜਾਵੇ, ਉੱਗਦਾ ਉਹੀ ਹੈ। ਧਤੂਰਾ ਬੀਜ ਕੇ ਅੰਬ ਨਹੀਂ ਲਾਹੇ ਜਾ ਸਕਦੇ।

ਇੰਜ ਹੀ ਗੁੱਸਾ ਵੰਡਣ ਨਾਲ ਪਿਆਰ ਹਾਸਲ ਨਹੀਂ ਹੋ ਸਕਦਾ ਤੇ ਨਾ ਹੀ ਖ਼ੁਸ਼ੀ! ਸੋ ਖ਼ੁਸ਼ੀ ਹਾਸਲ ਕਰਨ ਲਈ ਵੰਡਣੀ ਵੀ ਖ਼ੁਸ਼ੀ ਹੀ ਪੈਂਦੀ ਹੈ, ਕਾਲੀ ਦਾਲ ਨਹੀਂ! ਔਖੇ ਸਮੇਂ ਵਿਚ ਵੀ ਜ਼ਿੰਦਾ ਰਹਿਣ ਦਾ ਸ਼ੁਕਰਾਨਾ ਕਰਦੇ ਸਾਰ ਉਹ ਸਮਾਂ ਜਰ ਜਾਣ ਦੀ ਹਿੰਮਤ ਮਿਲ ਜਾਂਦੀ ਹੈ। ਫਿਰ ਉਡੀਕ ਕਾਹਦੀ ਹੈ? ਚਲੋ ਸਾਰੇ ਰਲ ਮਿਲ ਕੇ ਭਾਰਤੀ ਲੋਕਾਂ ਦੇ ਖ਼ੁਸ਼ੀ ਦੇ ਮੀਟਰ ਨੂੰ ਉਤਾਂਹ ਚੁੱਕੀਏ ਤੇ ਦੁਨੀਆ ਦੇ ਚੋਟੀ ਦੇ 10 ਮੁਲਕਾਂ ਵਿਚ ਸ਼ਾਮਲ ਹੋ ਜਾਈਏ!

ਇਹ ਵੀ ਚੇਤੇ ਰੱਖਣ ਦੀ ਗੱਲ ਹੈ ਕਿ ਸੰਨ 1990 ਵਿਚ ਫਿਨਲੈਂਡ ਵਿਚ ਆਤਮ ਹੱਤਿਆ ਕਰਨ ਦਾ ਰੁਝਾਨ ਚਰਮ ਸੀਮਾ ਉੱਤੇ ਸੀ। ਪਰ, ਅੱਜ ਉਹੀ ਮੁਲਕ ਖ਼ੁਸ਼ੀ ਦੇ ਮੀਟਰ ਵਿਚ ਪਹਿਲਾ ਨੰਬਰ ਹਾਸਲ ਕਰ ਚੁੱਕਿਆ ਹੈ। ਕਾਰਨ ਇਹ ਕਿ ਪਹਿਲਾਂ ਉਹ ਲੋਕ ਮਨ ਅੰਦਰ ਮਾੜੀਆਂ ਗੱਲਾਂ ਡੂੰਘੀਆਂ ਵਸਾਈ ਰੱਖਦੇ ਸਨ, ਪਰ ਹੁਣ ਢਹਿੰਦੀ ਕਲਾ ਦਾ ਇਲਾਜ ਛੇਤੀ ਕਰਵਾ ਕੇ ਪੈਸੇ ਵੱਧ ਕਮਾਉਣ ਨਾਲੋਂ ਖ਼ੁਸ਼ੀ ਵੱਧ ਮਹਿਸੂਸ ਕਰਨ ਨੂੰ ਤਰਜੀਹ ਦੇਣ ਲੱਗ ਪਏ ਹਨ। ਸਾਨੂੰ ਵੀ ਇਹੀ ਸਿੱਖਣ ਦੀ ਲੋੜ ਹੈ ਕਿ ਪੈਸੇ ਕਮਾਉਂਦਿਆਂ ਜ਼ਿੰਦਗੀ ਖ਼ਤਮ ਕਰਨ ਨਾਲੋਂ ਜਿੰਨੀ ਵੀ ਬਚੀ ਹੈ, ਉਸ ਜ਼ਿੰਦਗੀ ਨੂੰ ਜੀਅ ਕੇ ਵੇਖ ਲਈਏ! •



# ਹੱਸਣ ਦੀ ਆਦਤ ਪਾ ਸੱਜਣਾ

• ਇਕਵਾਕ ਸਿੰਘ ਪੱਟੀ

**ਹੱਸਣ ਦਾ ਸਿੱਧਾ ਸਬੰਧ ਸਾਡੇ ਸੁਭਾਅ ਅਤੇ ਆਲੇ ਦੁਆਲੇ ਦੇ ਮਾਹੌਲ 'ਤੇ ਨਿਰਭਰ ਕਰਦਾ ਹੈ ਪਰ ਵਿਗਿਆਨਕ ਤੌਰ 'ਤੇ ਹੱਸਣ ਦੇ ਬਹੁਤ ਸਾਰੇ ਫ਼ਾਇਦੇ ਹੁੰਦੇ ਹਨ। ਦੋਸਤੋ ਸਾਰ ਇਹ ਹੈ ਕਿ ਹੱਸਣਾ ਅਤੇ ਹਸਾਉਣਾ ਸਾਡੀ ਜ਼ਿੰਦਗੀ ਦਾ ਹਿੱਸਾ ਹੋਣਾ ਚਾਹੀਦਾ ਹੈ ਤੇ ਹੱਸਦੇ ਖੇਡਦੇ ਜ਼ਿੰਦਗੀ ਨੂੰ ਬਿਤਾਉਣਾ ਸਾਡਾ ਮਕਸਦ। ਪਰ ਯਾਦ ਰਹੇ ਸਾਡਾ ਹਾਸਾ ਕਿਸੇ ਹੋਰ ਵਿਅਕਤੀ ਦੇ ਦਿਲ ਨੂੰ ਰੁਆ ਨਾ ਗਿਆ ਹੋਵੇ। ਇਹ ਵੀ ਖਿਆਲ ਰੱਖਣਾ ਹੈ ਕਿ ਕਿਤੇ ਸਾਰੀ ਜ਼ਿੰਦਗੀ ਬਿਨਾਂ ਵਜ੍ਹਾ ਤੇ ਹੰਕਾਰ ਵਿਚ ਨਕਲੀ ਹਾਸਾ ਹੱਸਦਿਆਂ ਹੀ ਨਾ ਨਿਕਲ ਜਾਵੇ…**

ਖ਼ੁਸ਼ ਰਹਿਣ ਨੂੰ ਇਕ ਕਲਾ ਮੰਨਿਆ ਗਿਆ ਪਰ ਇਹ ਵੀ ਸੱਚ ਹੈ ਕਿ ਅਜੋਕੇ ਦੌਰ ਵਿਚ ਇਹ ਕਲਾ ਕਿਸੇ ਵਿਰਲੇ ਦੇ ਹੀ ਵੱਸ ਵਿਚ ਹੈ। ਜਿਸ ਦਾ ਮੁੱਖ ਕਾਰਨ ਪਦਾਰਥਵਾਦ ਵਿਚ ਮਨੁੱਖਤਾ ਦਾ ਖਚਿੱਤ ਹੋ ਜਾਣਾ, ਪੈਸੇ ਦੀ ਦੌੜ, ਚਮਕ-ਦਮਕ ਵਾਲੀ ਜ਼ਿੰਦਗੀ ਦੇ ਪਿੱਛੇ ਭੱਜਣਾ, ਰਿਸ਼ਤਿਆਂ ਵਿਚ ਖਟਾਸ ਪੈਦਾ ਹੋ ਜਾਣਾ, ਤਕਨਾਲੋਜੀ ਵਿਚ ਵਿਅਸਤ ਹੋ ਜਾਣਾ, ਦਿਸਣ ਵਾਲੀਆਂ ਮਹਿੰਗੀਆਂ ਸ਼ੈਆਂ ਨੂੰ ਖ਼ਰੀਦਣ ਜਾਂ ਅਪਨਾਉਣ ਬਾਰੇ ਸੋਚਦੇ ਰਹਿਣਾ, ਦੌਲਤ-ਸ਼ੋਹਰਤ ਨੂੰ ਹੀ ਜ਼ਿੰਦਗੀ ਦਾ ਮਕਸਦ ਮੰਨ ਬੈਠਣਾ ਆਦਿ। ਪਾਵਣ ਗੁਰੂ-ਬਾਣੀ ਸਮਝਾਉਂਦੀ ਹੈ, 'ਦ੍ਰਿਸਟਿਮਾਨ ਸਭੁ ਬਿਨਸੀਐ' ਭਾਵ ਜੋ ਕੁਝ ਵੀ ਤੂੰ ਇਸ ਸੰਸਾਰ ਵਿਚ ਦੇਖ ਰਿਹਾ ਹਾਂ, ਇਹ ਸਭ ਕੁਝ ਬਿਨਸਣਹਾਰ ਭਾਵ ਨਾਸ਼ਮਾਨ ਹੈ ਅਤੇ ਰਹੀ ਗੱਲ ਇਕ ਵਾਰ ਇਨ੍ਹਾਂ ਚੀਜ਼ਾਂ/ਪਦਾਰਥਾਂ ਨੂੰ ਆਪਣਾ ਬਣਾਉਣ ਦੀ ਤਾਂ ਜਪੁਜੀ ਸਾਹਿਬ ਵਿਚ ਗੁਰੂ ਨਾਨਕ ਸਾਹਿਬ ਜੀ ਦੇ ਬਚਨ ਬੜੇ ਕਮਾਲ ਦੇ ਹਨ, 'ਭੁਖਿਆ ਭੁਖ ਨ ਉਤਰੀ ਜੇ ਬੰਨਾ ਪੁਰੀਆ ਭਾਰ' ਕਿ ਤ੍ਰਿਸ਼ਨਾ ਤਾਂ ਸਾਰੇ ਭਵਨਾਂ ਦੇ ਖ਼ਜ਼ਾਨੇ ਇਕੱਠੇ ਕਰਨ ਤੋਂ ਬਅਦ ਵੀ ਖ਼ਤਮ ਨਹੀਂ ਹੋਣੀ ਤਾਂ ਫਿਰ ਕਿਉਂ ਇਨ੍ਹਾਂ ਪਿੱਛੇ ਲੱਗ ਕੇ ਆਪ ਦੁਖੀ ਹੋਣਾ ਅਤੇ ਹੋਰਨਾਂ ਨੂੰ ਦੁਖੀ ਕਰਨਾ।

ਇਸ ਬਾਬਤ ਗੁਰਬਾਣੀ ਵਿਚ ਬਹੁਤ ਸੋਹਣਾ ਦ੍ਰਿਸ਼ਟਾਂਤ ਮਿਲਦਾ ਹੈ, 'ਵਿਣੁ ਤੁਧੁ ਹੋਰੁ ਜਿ ਮੰਗਣਾ ਸਿਰਿ ਦੁਖਾ ਕੈ ਦੁਖ॥ ਦੇਹਿ ਨਾਮੁ ਸੰਤੋਖੀਆ ਉਤਰੈ ਮਨ ਕੀ ਭੁਖ' ਕਿ ਸੰਸਾਰ ਵਿਚ ਜਨਮ ਲੈਣ ਤੋਂ ਬਾਅਦ ਰੱਬੀ ਗੁਣਾਂ ਦੇ ਨਾਲ ਸਾਂਝ ਪਾ ਲੈਣੀ ਹੀ ਅਸਲ ਸੁੱਖ ਹੈ ਅਤੇ ਇਹੋ ਇਕ ਢੰਗ ਹੈ ਜਿਸ ਨਾਲ ਅਸੀਂ ਪਰਮਾਤਮਾ ਨਾਲ ਸਾਂਝ ਪਾ ਕੇ ਐਸਾ ਰੱਜ, ਸਬਰ, ਸੰਤੋਖ ਅਤੇ ਸਹਿਨਸ਼ੀਲਤਾ ਆਪਣੇ ਮਨ ਅੰਦਰ ਪੈਦਾ ਕਰ ਸਕਦੇ ਹਾਂ ਜੋ ਦੁਨਿਆਵੀ ਤੌਰ 'ਤੇ ਨਾ ਤਾਂ ਖ਼ਰੀਦਿਆ ਜਾ ਸਕਦਾ ਹੈ ਨਾ ਹੀ ਹੱਟਾਂ 'ਤੇ ਵਿਕਦਾ ਹੈ।

ਮੈਂ ਅਕਸਰ ਇਹ ਕਹਿੰਦਾ ਹੁੰਦਾ ਕਿ ਹੱਸਦੇ ਰਹਿਣ ਵਾਲਾ ਮਨੁੱਖ ਆਪਣੀ ਜ਼ਿੰਦਗੀ ਦੀਆਂ ਔਖੀਆਂ ਘੜੀਆਂ ਨੂੰ ਵੀ ਬੜੇ ਸਬਰ, ਸਹਿਣਸ਼ੀਲਤਾ ਅਤੇ ਠਰੰਮੇ ਨਾਲ ਲੰਘਾ ਲੈਂਦਾ ਹੈ ਜਦਕਿ ਇਸ ਦੀ ਉਲਟ ਉਦਾਸ ਅਤੇ ਚਿੰਤਾਤੁਰ ਰਹਿਣ ਵਾਲਾ ਵਿਅਕਤੀ ਆਪਣੇ ਸਮੇਂ ਦੇ ਨਾਲ ਸਿਹਤ ਦਾ ਵੀ ਵੱਡਾ ਨੁਕਸਾਨ ਕਰ ਬੈਠਦਾ ਹੈ। ਸ਼ਾਇਦ ਇਸੇ ਕਰਕੇ ਕਿਹਾ ਗਿਆ 'ਹੱਸਦਿਆਂ ਦੇ ਘਰ ਵਸਦੇ'। ਇਸ ਲਈ ਜ਼ਰੂਰੀ ਹੈ ਕਿ ਜ਼ਿੰਦਗੀ ਵਿਚਲੇ ਉਦਾਸੀ ਦੇ ਹਨੇਰਿਆਂ ਨੂੰ ਚੀਰ ਕੇ, ਖਿੜਖਿੜਾ ਕੇ ਹੱਸਦੇ ਹੋਏ, ਅਨੰਦ ਮੰਗਲ ਜੀਵਨ ਜਿਊਣ ਕੋਸ਼ਿਸ਼ ਹੀ ਨਹੀਂ ਬਲਕਿ ਖ਼ੁਸ਼ੀਆਂ ਖੇੜਿਆਂ ਭਰੀ ਜ਼ਿੰਦਗੀ ਜੀਵਿਆ ਕਰੀਏ। ਕਿਹਾ ਜਾਂਦਾ ਹੈ ਕਿ, 'ਜਦੋਂ ਤੁਸੀਂ ਹੱਸਦੇ ਹੋ ਤਾਂ ਪਰਮਾਤਮਾ ਦੀ ਪ੍ਰਾਥਨਾ ਕਰਨ ਦੇ ਬਰਾਬਰ ਹੈ ਅਤੇ ਜਦੋਂ ਤੁਸੀਂ ਕਿਸੇ ਨੂੰ ਹਸਾਉਂਦੇ ਹੋ ਤਾਂ ਇਵੇਂ ਹੈ ਕਿ ਪਰਮਾਤਮਾ ਤੁਹਾਡੇ ਲਈ ਪ੍ਰਾਥਨਾ ਕਰ ਰਿਹਾ ਹੈ।' ਇਹ ਮੰਨਿਆ ਜਾਂਦਾ ਹੈ ਕਿ, 'ਹਾਸਾ ਇਕ ਇਹੋ ਜਿਹਾ ਹਾਂ-ਪੱਖੀ ਅਤੇ ਸ਼ਕਤੀਸ਼ਾਲੀ ਅਹਿਸਾਸ ਹੈ, ਜੋ ਸਾਨੂੰ ਨਿੱਜੀ ਤੌਰ 'ਤੇ ਅਤੇ ਦੁਨੀਆ ਨੂੰ ਬੜੇ ਹੀ ਆਨੰਦਮਈ, ਸ਼ਾਂਤੀ ਭਰੇ ਅਤੇ ਹਾਂ ਪੱਖੀ ਰਸਤੇ 'ਤੇ ਲਿਜਾਣ ਦੀ ਸਮਰੱਥਾ ਰੱਖਦਾ ਹੈ। ਹੱਸਣਾ ਅਤੇ ਹਸਾਉਣਾ ਇਕ ਕਲਾ ਹੈ। ਇਸੇ ਹੀ ਸੰਦਰਭ ਵਿਚ ਪੰਜਾਬੀ ਦੀ ਇਕ ਕਹਾਵਤ ਵੀ ਬੜੀ ਮਸ਼ਹੂਰ ਹੈ ਕਿ, 'ਹਾਸਾ ਨਿਰਾ ਪਤਾਸਾ, ਰੋਣਾ ਉਮਰਾਂ ਦਾ ਧੋਣਾ।' ਅਫਸੋਸ ਕਿ ਹੱਸਣ ਨੂੰ ਅੰਧਵਿਸ਼ਵਾਸ ਨਾਲ ਜੋੜ ਕੇ ਬੱਚਿਆਂ ਤੋਂ ਲੈ ਕੇ ਵੱਡਿਆਂ ਤਕ ਦੀ ਮਾਨਸਿਕਤਾ ਨੂੰ ਤਾਲਾ ਲਗਾ ਦਿੱਤਾ, ਅਖੇ, ਜ਼ਿਆਦਾ ਹੱਸਣ ਤੋਂ ਬਾਅਦ ਜ਼ਿਆਦਾ ਹੀ ਰੋਣਾ ਪੈਂਦਾ ਹੈ।

ਜ਼ਿਕਰਯੋਗ ਹੈ ਕਿ ਹੱਸਣ ਦਾ ਸਿੱਧਾ ਸਬੰਧ ਸਾਡੇ ਸੁਭਾਅ ਅਤੇ ਆਲੇ ਦੁਆਲੇ ਦੇ ਮਾਹੌਲ 'ਤੇ ਨਿਰਭਰ ਕਰਦਾ ਹੈ ਪਰ ਵਿਗਿਆਨਕ ਤੌਰ 'ਤੇ ਹੱਸਣ ਦੇ ਬਹੁਤ ਸਾਰੇ ਫ਼ਾਇਦੇ ਹੁੰਦੇ ਹਨ। ਮੈਰੀਲੈਂਡ ਯੂਨੀਵਰਸਿਟੀ ਦੇ ਡਾ. ਜੂਡੀ ਅਨੁਸਾਰ ਹੱਸਣ ਨਾਲ ਦਿਲ, ਫੇਫੜੇ ਤੇ ਜਿਗਰ ਦੀ ਕਸਰਤ ਹੁੰਦੀ ਹੈ ਅਤੇ ਖੁੱਲ੍ਹ ਕੇ ਹੱਸਣ ਨਾਲ ਸਾਡੇ ਸਰੀਰ ਅੰਦਰ ਊਰਜਾ ਪੈਦਾ ਹੁੰਦੀ ਹੈ ਤੇ ਪਾਚਣ ਸ਼ਕਤੀ ਨਾਲ ਸਬੰਧਤ ਰੋਗ ਠੀਕ ਹੁੰਦੇ ਹਨ, ਇਸ ਦੇ ਨਾਲ ਹੀ ਪੱਠਿਆਂ ਦਾ ਖਿਚਾਅ, ਤਣਾਅ ਵਾਲੇ ਹਾਰਮੋਨਜ਼, ਬੀ ਪੀ ਅਤੇ ਦਿਲ ਦੇ ਦੌਰੇ ਦਾ ਖ਼ਤਰਾ ਵੀ ਘੱਟ ਜਾਂਦਾ ਹੈ। ਇਕ ਖੋਜ ਅਨੁਸਾਰ 'ਹਾਸਾ ਸਾਡੇ ਤਣਾਅ ਨੂੰ ਘੱਟ ਕਰ ਕੇ ਮਾਨਸਿਕ ਤੌਰ 'ਤੇ ਸੰਤੁਸ਼ਟੀ ਦਿੰਦਾ ਹੈ।' ਪੰਜਾਬੀ ਲੋਕ ਗੀਤਾਂ ਅਤੇ ਬੋਲੀਆਂ ਵਿਚ ਤਾਂ ਹਾਸੇ ਦੀ ਵਿਸ਼ੇਸ਼ ਥਾਂ ਹੈ :

*-ਇਹ ਦੁਨੀਆ ਮੰਡੀ ਪੈਸੇ ਦੀ,*
*ਹਰ ਚੀਜ਼ ਵਿਕਦੀ ਏ ਭਾਅ ਸੱਜਣਾ*
*ਇੱਥੇ ਰੋਂਦੇ ਚਿਹਰੇ ਨਹੀਂ ਵਿਕਦੇ,*
*ਹੱਸਣ ਦੀ ਆਦਤ ਪਾ ਸੱਜਣਾ।'*
*-ਚਿੱਟੇ ਦੰਦ ਹੱਸਣੋਂ ਨਾ ਰਹਿੰਦੇ,*
*ਲੋਕੀ ਭੈੜੇ ਸ਼ੱਕ ਕਰਦੇ।*
*-ਹੱਸਦਿਆਂ ਦੇ ਘਰ ਵੱਸਦੇ।*
*-ਹਾਸਾ ਨਿਰਾ ਪਤਾਸਾ,*
*ਰੋਣਾ ਉਮਰਾਂ ਦਾ ਧੋਣਾ।*

ਪੁਰਾਣੇ ਸਮੇਂ ਵਿਚ ਸਿਆਣੇ ਬਜ਼ੁਰਗ 'ਹਮੇਸ਼ਾਂ ਹੱਸਦੇ ਵਸਦੇ ਰਹੋ' ਦੀ ਆਸੀਸ ਦਿਆ ਕਰਦੇ ਸਨ। ਵੈਸੇ ਵੀ ਹਸਮੁੱਖ ਇਨਸਾਨ ਹਰ ਇਕ ਨੂੰ ਚੰਗਾ ਲਗਦਾ ਤੇ ਹਰ ਕੋਈ ਖ਼ੁਸ਼ ਰਹਿਣਾ ਚਾਹੁੰਦਾ। ਉਤਰਾਅ-ਚੜ੍ਹਾਅ ਜ਼ਿੰਦਗੀ ਦਾ ਹਿੱਸਾ ਹਨ ਤੇ ਸੁੱਖ-ਦੁੱਖ ਇਕ ਜ਼ਰੂਰੀ ਅਹਿਸਾਸ ਹੈ। ਦੁੱਖਾਂ ਵਿਚ ਦੁਖੀ ਹੋਣਾ ਜਾਂ ਰੋਣਾ ਵੀ ਜ਼ਰੂਰੀ ਹੈ। ਇਕ ਛੋਟੀ ਜਿਹੀ ਮੁਸਕਰਾਹਟ ਦੁੱਖਾਂ ਦੇ ਵੱਡੇ-ਵੱਡੇ ਪਹਾੜਾਂ ਨੂੰ ਪਾਰ ਕਰਨ ਦੀ ਸਮਰੱਥਾ ਬਖਸ਼ਣ ਦਾ ਬਲ ਰੱਖਦੀ ਹੈ। ਦੁੱਖ ਦੀ ਗੱਲ ਕਰੀਏ ਤਾਂ ਹਰ ਮਨੁੱਖ ਦੇ ਜੀਵਨ ਵਿਚ ਕਿਸੇ ਨਾ ਕਿਸੇ ਰੂਪ ਵਿਚ ਮੌਜੂਦ ਹਨ, ਭਾਵੇਂ ਕਿ ਉਸਦਾ ਰੂਪ ਕਿਸੇ ਵੀ ਤਰ੍ਹਾਂ ਦਾ ਹੋਵੇ। ਦੁੱਖ ਤਾਂ ਦੁੱਖ ਹੈ, ਇਸ ਨੂੰ ਛੋਟਾ ਜਾਂ ਵੱਡਾ ਕਹਿ ਕੇ ਮਾਪਣਾ ਔਖਾ ਹੈ। ਇਸ ਗੱਲ ਦੀ ਗਵਾਹੀ ਬਾਬਾ ਫ਼ਰੀਦ ਜੀ ਨੇ ਗੁਰਬਾਣੀ ਅੰਦਰ ਬੜੀ ਕਮਾਲ ਦੀ ਦਿੱਤੀ ਹੈ 'ਫਰੀਦਾ ਮੈ ਜਾਨਿਆ ਦੁਖੁ ਮੁਝ ਕੂ ਦੁਖੁ ਸਬਾਇਐ ਜਗਿ॥ ਊਚੇ ਚੜਿ ਕੈ ਦੇਖਿਆ ਤਾਂ ਘਰਿ ਘਰਿ ਏਹਾ ਅਗਿ॥' (ਅੰਗ 1382) ਉੱਥੇ ਜਗਤ ਗੁਰੂ, ਗੁਰੂ ਨਾਨਕ ਪਾਤਸ਼ਾਹ ਦੇ ਸ਼ਬਦ, 'ਨਾਨਕ ਦੁਖੀਆ ਸਭੁ ਸੰਸਾਰ' ਵੀ ਸੰਸਾਰ ਦੇ ਅੰਦਰਲੇ ਹਾਲਾਤ ਦੇਖਕੇ ਅੱਜ ਵੀ ਬੜੇ ਵਾਜਬ ਲੱਗਦੇ ਹਨ। ਤਾਂ ਹੀ ਕਿਹਾ ਜਾਂਦਾ ਹੈ ਹਾਸਾ ਵੰਡੀਏ ਤਾਂ ਹਾਸਾ ਦੁੱਗਣਾ ਵੱਧਦਾ ਹੈ ਅਤੇ ਦੁੱਖ ਵੰਡੀਏ ਤਾਂ ਦੁੱਖ ਘੱਟਦਾ ਹੈ।

ਗੁਰਬਾਣੀ ਅੰਦਰ ਜੀਵਨ ਜਾਚ ਸਮਝਾਉਂਦਿਆਂ ਪਰਮਾਤਮਾ ਦੀ ਪ੍ਰਾਪਤੀ ਕਰਨ ਹਿੱਤ ਬੜਾ ਖ਼ੂਬਸੂਰਤ ਜ਼ਿਕਰ ਕੀਤਾ ਹੈ ਕਿ, 'ਨਾਨਕ ਸਤਿਗੁਰਿ ਭੇਟੀਐ ਪੂਰੀ ਹੋਵੈ ਜੁਗਤਿ॥ ਹਸੰਦਿਆ ਖੇਲੰਦਿਆ ਪੈਨੰਦਿਆ ਖਾਵੰਦਿਆ ਵਿਚੇ ਹੋਵੈ ਮੁਕਤਿ॥' (ਅੰਗ 522) ਭਾਵ ਜੇ ਸੱਚੇ ਗੁਰੂ ਦੇ ਲੜ ਲੱਗ ਜਾਈਏ ਤਾਂ ਜੀਵਨ ਜਿਊਣ ਦੀ ਜਾਚ ਆ ਜਾਂਦੀ ਅਤੇ ਫਿਰ ਇਸ ਤਰ੍ਹਾਂ ਹੱਸਦਿਆਂ ਖੇਡਦਿਆਂ ਖਾਂਦਿਆਂ ਪਹਿਨਦਿਆਂ (ਭਾਵ ਦੁਨੀਆ ਦੇ ਸਾਰੇ ਕੰਮ ਕਾਰ ਕਰਦਿਆਂ) ਵਿਕਾਰਾਂ ਤੋਂ ਬਚੇ ਰਹੀਦਾ ਹੈ। ਸੋ ਇਹੀ ਉਦੇਸ਼ ਕਿ ਜ਼ਿੰਦਗੀ ਹੱਸ ਕੇ ਕੱਟਣੀ ਐਨੀ ਔਖੀ ਨਹੀਂ, ਜਿੰਨੀ ਦੁੱਖ ਤਕਲੀਫਾਂ ਦੀ ਨੁਮਾਇਸ਼ ਕਰ-ਕਰ ਕੇ ਝੂਠੀ ਹਮਦਰਦੀ ਹਾਸਲ ਕਰਦਿਆਂ ਕੱਟਣੀ ਔਖੀ ਹੈ। ਅੱਜ ਦੀ ਭੱਜ ਦੌੜ ਵਿਚ ਮਨੁੱਖ ਦੁਖੀ ਤਾਂ ਜ਼ਰੂਰ ਰਹਿੰਦਾ ਹੈ ਪਰ ਖ਼ੁਸ਼ ਰਹਿਣ ਲਈ ਕਦੇ ਉੱਦਮ ਨਹੀਂ ਕਰਦਾ। ਅਜੋਕੇ ਮਸ਼ੀਨੀ ਯੁੱਗ ਵਿਚ ਹਾਸਾ ਤਾਂ ਮਨੁੱਖੀ ਜੀਵਨ ਵਿੱਚੋਂ ਕਿਤੇ ਵਿਸਰ ਹੀ ਗਿਆ ਹੋਵੇ।

ਬਹੁਤ ਇਹ ਵਿਚਾਰ ਰੱਖਦੇ ਹਨ ਕਿ, 'ਜਦੋਂ ਬਹੁਤ ਪੈਸੇ ਹੋਣਗੇ ਤਾਂ ਅਸੀਂ ਘੁੰਮਣ ਫਿਰਨ ਜਾਵਾਂਗੇ' ਸਾਨੂੰ ਇਹ ਖ਼ਿਆਲ ਮੁੱਢ ਤੋਂ ਤਿਆਗ ਦੇਣਾ ਚਾਹੀਦਾ ਹੈ। ਬਿਨਾਂ ਜ਼ਿਆਦਾ ਪੈਸੇ ਖ਼ਰਚ ਕੀਤੇ, ਆਪਣੇ ਜਾਂ ਆਪਣੇ ਘਰ ਦੇ ਨੇੜਲੇ ਕਿਸੇ ਦੂਜੇ ਸ਼ਹਿਰ ਜਾ ਕੇ ਉੱਥੋਂ ਦੀ ਚਹਿਲ ਪਹਿਲ ਜਾਂ ਘੁੰਮਣ ਵਾਲੀਆਂ ਥਾਵਾਂ ਦਾ ਆਨੰਦ ਲਿਆ ਜਾ ਸਕਦਾ ਹੈ। ਨਹੀਂ ਤਾਂ ਖ਼ੁਸ਼ੀਆਂ ਨੂੰ ਨਜ਼ਰ ਅੰਦਾਜ਼ ਕਰਦੇ ਰਹਿਣ ਦੀ ਆਦਤ ਵੀ ਸਾਡੀ ਊਰਜਾ ਨੂੰ ਨਸ਼ਟ ਕਰ ਦਿੰਦੀ ਹੈ।

ਇਕ ਸਰਵੇ ਅਨੁਸਾਰ ਲਗਪਗ 65 ਫੀਸਦੀ ਤੋਂ ਜ਼ਿਆਦਾ ਲੋਕਾਂ ਕੋਲ ਹੱਸਣ ਦਾ ਸਮਾਂ ਹੀ ਨਹੀਂ ਹੈ। ਸ਼ਾਇਦ ਇਸੇ ਕਰਕੇ ਸ਼ੂਗਰ, ਦਿਲ ਦਾ ਦੌਰਾ, ਬਲੱਡ ਪ੍ਰੈਸ਼ਰ ਤੇ ਹੋਰ ਬਿਮਾਰੀਆਂ ਵਿਚ ਆਏ ਦਿਨ ਵਾਧਾ ਹੋ ਰਿਹਾ ਹੈ। ਜਦਕਿ ਡਾਕਟਰਾਂ ਦਾ ਮੰਨਣਾ ਹੈ ਕਿ ਹਰ ਦਿਨ ਸਵੇਰੇ ਹੱਸਿਆ ਜਾਵੇ ਤਾਂ ਦਿਮਾਗ਼ ਨੂੰ ਸਕੂਨ ਮਿਲਦਾ ਹੈ ਅਤੇ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਛੁਟਕਾਰਾ ਮਿਲ ਜਾਂਦਾ ਹੈ।

ਸ਼ਾਇਦ ਤਾਂ ਹੀ ਅੱਜ ਸੁਚੇਤ ਬੁੱਧੀਜੀਵੀਆਂ ਵੱਲੋਂ ਇਕ ਖ਼ਾਸ ਦਿਨ ਚੁਣ ਕੇ ਸਮੁੱਚੀ ਮਨੁੱਖਤਾ ਨੂੰ ਸਾਲ ਭਰ ਹੱਸਦੇ ਰਹਿਣ ਲਈ ਯਾਦ ਕਰਵਾਇਆ ਜਾਂਦਾ ਹੈ ਅਤੇ ਇਸ ਦਿਨ ਦਾ ਨਾਮ ਹੈ 'ਵਿਸ਼ਵ ਹਾਸਾ ਦਿਵਸ'। ਇਸਦੀ ਸ਼ੁਰੂਆਤ 11 ਜਾਂ 12 ਜਨਵਰੀ 1998 ਵਿਚ ਮੁੰਬਈ ਤੋਂ ਹੋਈ ਸੀ ਅਤੇ ਹੁਣ ਇਹ ਸਾਲ 2005 ਤੋਂ ਹਰ ਸਾਲ ਮਈ ਦੇ ਪਹਿਲੇ ਐਤਵਾਰ ਮਨਾਇਆ ਜਾਂਦਾ ਹੈ। ਇਸ ਨੂੰ ਸ਼ੁਰੂ ਕਰਨ ਵਿਚ ਸਭ ਤੋਂ ਅਹਿਮ ਯੋਗਦਾਨ ਡਾ. ਮਦਨ ਕਟਾਰੀਆ ਨੇ ਪਾਇਆ ਜਿਨ੍ਹਾਂ ਨੇ ਲਾਫਟਰ ਯੋਗਾ ਮੂਵਮੈਂਟ ਸ਼ੁਰੂ ਕੀਤੀ ਸੀ। ਇਕ ਅੰਦਾਜ਼ੇ ਅਨੁਸਾਰ ਦੁਨੀਆ ਭਰ ਵਿਚ 8000 ਦੇ ਕਰੀਬ ਲਾਫਟਰ ਕਲੱਬ ਹਨ ਜਿਸ ਵਿੱਚੋਂ ਭਾਰਤ 'ਚ ਇਨ੍ਹਾਂ ਦੀ ਗਿਣਤੀ 600 ਦੇ ਕਰੀਬ ਬਣਦੀ ਹੈ।

ਚੁਟਕਲਿਆਂ, ਲਤੀਫਿਆਂ, ਹਾਸਰਸ ਕਵਿਤਾਵਾਂ, ਹਾਸ ਵਿਅੰਗਾਂ ਰਾਹੀਂ ਵੀ ਮਨੁੱਖ ਨੂੰ ਹਸਾਉਣ ਦਾ ਯਤਨ ਕੀਤਾ ਜਾਂਦਾ ਰਿਹਾ ਹੈ ਅਤੇ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਪਿਛਲੇ ਕੁਝ ਸਮੇਂ ਤੋਂ ਖ਼ਾਸ ਕਰ ਕੇ ਪੰਜਾਬ ਵਿਚ ਵੱਡੇ ਪੱਧਰ 'ਤੇ ਹਾਸਰਸ (ਕਾਮੇਡੀ) ਵਿਸ਼ੇ ਉੱਤੇ ਵੱਡੀ ਗਿਣਤੀ ਵਿਚ ਫਿਲਮਾਂ ਦਾ ਨਿਰਮਾਣ ਹੋਇਆ ਹੈ ਅਤੇ ਰਾਸ਼ਟਰੀ ਅਤੇ ਸੂਬਾ ਪੱਧਰ ਤੇ ਚੈਨਲਾਂ 'ਤੇ ਵੀ ਕਈ ਤਰ੍ਹਾਂ ਦੇ ਕਾਮੇਡੀ ਸੀਰੀਅਲ ਵੇਖਣ ਨੂੰ ਮਿਲੇ ਅਤੇ ਮਿਲ ਰਹੇ ਹਨ, ਜਿਨ੍ਹਾਂ ਨੂੰ ਦੇਖ ਕੇ ਦਰਸ਼ਕਾਂ ਦੇ ਚਿਹਰੇ ਤੇ ਹਾਸਾ ਆਇਆ ਹੈ ਅਤੇ ਦਰਸ਼ਕਾਂ ਵੱਲੋਂ ਬੜੀ ਸ਼ਿੱਦਤ ਨਾਲ ਇਹ ਸੀਰੀਅਲ ਪਸੰਦ ਕੀਤੇ ਗਏ ਹਨ। ਕਈ ਵਾਰ ਕਲਾਕਾਰ ਹਾਸੇ-ਹਾਸੇ ਵਿਚ ਵੀ ਜ਼ਿੰਦਗੀ ਦੇ ਕਈ ਅਹਿਮ ਸੱਚ/ਤੱਤ ਸਮਝਾ ਜਾਂਦਾ ਹੈ। ਸੋ ਦੋਸਤੋ ਸਾਰ ਇਹ ਹੈ ਕਿ ਹੱਸਣਾ ਅਤੇ ਹਸਾਉਣਾ ਇਹ ਸਾਡੀ ਜ਼ਿੰਦਗੀ ਦਾ ਹਿੱਸਾ ਹੋਣਾ ਚਾਹੀਦਾ ਹੈ ਤੇ ਹੱਸਦੇ ਖੇਡਦੇ ਜ਼ਿੰਦਗੀ ਨੂੰ ਬਿਤਾਉਣਾ ਸਾਡਾ ਮਕਸਦ। ਪਰ ਯਾਦ ਰਹੇ ਸਾਡਾ ਹਾਸਾ ਕਿਸੇ ਹੋਰ ਵਿਅਕਤੀ ਦੇ ਦਿਲ ਨੂੰ ਰੁਆ ਨਾ ਗਿਆ ਹੋਵੇ। ਇਹ ਵੀ ਖਿਆਲ ਰੱਖਣਾ ਹੈ ਕਿਤੇ ਸਾਰੀ ਜ਼ਿੰਦਗੀ ਬਿਨਾਂ ਵਜ੍ਹਾ ਤੇ ਹੰਕਾਰ ਵਿਚ ਨਕਲੀ ਹਾਸਾ ਹੱਸਦਿਆਂ ਹੀ ਨਾ ਨਿਕਲ ਜਾਵੇ। •



• ਕੈਲਾਸ਼ ਚੰਦਰ ਸ਼ਰਮਾ
98774-66607

**ਅਸੀਂ ਛੋਟੀਆਂ-ਛੋਟੀਆਂ ਗੱਲਾਂ ਆਪਣੇ ਦਿਮਾਗ਼ ਵਿਚ ਭਰੀ ਜਾਂਦੇ ਹਾਂ ਅਤੇ ਆਪਣੀ ਊਰਜਾ ਖ਼ਤਮ ਕਰਦੇ ਰਹਿੰਦੇ ਹਾਂ। ਮੁੱਖ ਗੱਲਾਂ ਲਈ ਸਾਡੇ ਕੋਲ ਵਕਤ ਹੀ ਨਹੀਂ ਹੁੰਦਾ ਜਿਸ ਕਾਰਨ ਅਸੀਂ ਸਮੱਸਿਆਵਾਂ ਵਿਚ ਘਿਰ ਜਾਂਦੇ ਹਾਂ…**



# ਸਮੱਸਿਆਵਾਂ ਤੋਂ ਕਾਹਦਾ ਡਰਨਾ

ਮਨੁੱਖੀ ਜੀਵਨ ਇਕ ਬੰਸਰੀ ਵਾਂਗ ਹੈ ਜਿਸ 'ਚ ਰੁਕਾਵਟਾਂ ਰੂਪੀ ਕਿੰਨੇ ਹੀ ਛੇਕ ਹਨ। ਜ਼ਿੰਦਗੀ ਕਿਸੇ ਦੀ ਵੀ ਕਦੇ ਸਿੱਧੀ ਨਹੀਂ ਚੱਲਦੀ। ਇਸ ਦੀਆਂ ਸੜਕਾਂ 'ਤੇ ਸਮੱਸਿਆਵਾਂ ਦੇ ਖੱਡੇ ਆਉਣੇ ਲਾਜ਼ਮੀ ਹਨ। ਨਹੀਂ ਤਾਂ ਇਹ ਰਾਹੀ ਨੂੰ ਬੇਪਰਵਾਹ ਅਤੇ ਅਵੇਸਲਾ ਬਣਾ ਦਿੰਦੀਆਂ ਹਨ। ਕਈ ਵਾਰ ਇਹ ਸਮੱਸਿਆਵਾਂ ਸਾਡੇ ਰਾਹਾਂ ਵਿਚ ਹਿੱਕ ਤਾਣ ਕੇ ਖਲੋ ਜਾਂਦੀਆਂ ਹਨ ਅਤੇ ਅਜਿਹਾ ਵਾਰ ਕਰਦੀਆਂ ਹਨ ਜੋ ਮਨੁੱਖ ਦੀ ਕਲਪਨਾ ਤੋਂ ਵੀ ਬਾਹਰ ਹੁੰਦਾ ਹੈ। ਇਨ੍ਹਾਂ ਸਮੱਸਿਆਵਾਂ ਦੀ ਭੀੜ ਵਿੱਚੋਂ ਕੇਵਲ ਉਹੀ ਇਨਸਾਨ ਅੱਗੇ ਨਿਕਲਦੇ ਹਨ ਜੋ ਇਨ੍ਹਾਂ ਨਾਲ ਮੱਥਾ ਲਾਉਂਦੇ ਹਨ। ਜਿਸ ਨੂੰ ਇਨ੍ਹਾਂ ਨੂੰ ਪਾਰ ਕਰਨਾ ਆ ਗਿਆ ਸਮਝੋ ਉਸ ਨੂੰ ਜਿਊਣਾ ਆ ਗਿਆ। ਜ਼ਿੰਦਗੀ ਦੀਆਂ ਸਮੱਸਿਆਵਾਂ ਆਸਾਨ, ਮੁਸ਼ਕਲ ਅਤੇ ਕਈ ਅਸੰਭਵ ਹੁੰਦੀਆਂ ਹਨ। ਜਿਨ੍ਹਾਂ ਵਿਅਕਤੀਆਂ ਨੂੰ ਅਸੰਭਵ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ ਉਨ੍ਹਾਂ ਨੂੰ ਲੋਕ ਸਾਰੀ ਉਮਰ ਯਾਦ ਕਰਦੇ ਹਨ।

ਜ਼ਿੰਦਗੀ 'ਚ ਆਉਣ ਵਾਲੀਆਂ ਸਮੱਸਿਆਵਾਂ ਦਾ ਪ੍ਰਭਾਵ ਸਾਡੇ 'ਤੇ ਜ਼ਰੂਰ ਪੈਂਦਾ ਹੈ ਪਰ ਮਹੱਤਵਪੂਰਨ ਇਹ ਹੈ ਕਿ ਅਸੀਂ ਉਨ੍ਹਾਂ ਨੂੰ ਕਿਸ ਰੂਪ ਵਿਚ ਲੈਂਦੇ ਹਾਂ। ਸਿਆਣੇ ਕਹਿੰਦੇ ਹਨ ਕਿ ਜ਼ਿੰਦਗੀ ਵਿਚ ਆਉਣ ਵਾਲੀਆਂ ਸਮੱਸਿਆਵਾਂ ਚਾਹ ਦੇ ਕੱਪ ਵਿਚ ਜੰਮੀ ਮਲਾਈ ਦੀ ਤਰ੍ਹਾਂ ਹੁੰਦੀਆਂ ਹਨ ਅਤੇ ਕਾਮਯਾਬ ਉਹੀ ਹੁੰਦੇ ਹਨ ਜਿਨ੍ਹਾਂ ਨੂੰ ਫੂਕ ਮਾਰ ਕੇ ਮਲਾਈ ਨੂੰ ਪਰ੍ਹਾਂ ਹਟਾ ਕੇ ਚਾਹ ਪੀਣਾ ਆਉਂਦਾ ਹੈ। ਸਮੱਸਿਆਵਾਂ ਆਉਣ 'ਤੇ ਨਿਰਾਸ਼ ਜਾਂ ਬੇਚੈਨ ਨਾ ਹੋਵੋ ਬਲਕਿ ਇਨ੍ਹਾਂ ਸਾਹਮਣੇ ਡਟਣ ਲਈ ਤਿਆਰ ਰਹੋ ਕਿਉਂਕਿ ਨਿਰਾਸ਼ਾ ਵਾਲੇ ਜੀਵਨ ਵਿਚ ਕਦੇ ਪ੍ਰਸੰਨਤਾ ਦਾ ਪ੍ਰਵੇਸ਼ ਨਹੀਂ ਹੁੰਦਾ। ਜਿਸ ਜੀਵਨ ਵਿਚ ਪ੍ਰਸੰਨਤਾ ਦਾ ਪ੍ਰਵੇਸ਼ ਨਹੀਂ ਹੁੰਦਾ ਉਸ ਦਾ ਵਿਕਾਸ ਕਿਸੇ ਵੀ ਤਰ੍ਹਾਂ ਸੰਭਵ ਨਹੀਂ ਹੁੰਦਾ। ਇਸ ਲਈ ਜ਼ਿੰਦਗੀ ਵਿਚ ਆਉਣ ਵਾਲੀਆਂ ਸਮੱਸਿਆਵਾਂ ਤੋਂ ਕਦੇ ਨਾ ਡਰੋ। ਇਹ ਤਾਂ ਉਸ ਬੈਗ ਵਾਂਗ ਹੁੰਦੀਆਂ ਹਨ ਜਿਸ ਵਿਚ ਕਪਾਹ ਭਰੀ ਹੁੰਦੀ ਹੈ।ਉਨ੍ਹਾਂ ਲੋਕਾਂ ਨੂੰ ਇਹ ਬੈਗ ਭਾਰਾ ਲੱਗਦਾ ਹੈ ਜੋ ਇਸ ਨੂੰ ਕੇਵਲ ਵੇਖਦੇ ਹਨ ਪਰ ਉਨ੍ਹਾਂ ਨੂੰ ਹਲਕਾ ਜੋ ਇਸ ਨੂੰ ਚੁੱਕਦੇ ਹਨ। ਦੁਨੀਆਂ ਦੀ ਕੋਈ ਵੀ ਪਰੇਸ਼ਾਨੀ ਤੁਹਾਡੀ ਹਿੰਮਤ ਤੋਂ ਵੱਡੀ ਨਹੀਂ ਹੈ।ਯਾਦ ਰੱਖੋ ਦੁਨੀਆਂ ਦੀਆਂ ਸਾਰੀਆਂ ਸ਼ਕਤੀਆਂ ਤੁਹਾਡੇ ਅੰਦਰ ਮੌਜੂਦ ਹਨ ਪਰ ਮੁਸ਼ਕਲ ਇਹ ਹੈ ਕਿ ਆਮ ਜ਼ਿੰਦਗੀ ਗੁਜ਼ਾਰਦੇ ਸਮੇਂ ਅਸੀਂ ਕਦੇ ਆਤਮ-ਚਿੰਤਨ ਨਹੀਂ ਕਰਦੇ ਜਿਸ ਦੇ ਸਿੱਟੇ ਵਜੋਂ ਜੀਵਨ ਵਿਚ ਮੁਸ਼ਕਲ ਆਈ ਨਹੀਂ ਕਿ ਭਵਿੱਖ ਦੀ ਚਿੰਤਾ ਵਿਚ ਸੋਚ-ਸੋਚ ਕੇ ਮਨੁੱਖ ਤਨੋ-ਮਨੋਂ ਕਮਜ਼ੋਰ ਹੁੰਦਾ ਜਾਂਦਾ ਹੈ। ਸਮੱਸਿਆਵਾਂ ਤਾਂ ਇੱਕ ਕੱਪੜੇ ਧੋਣ ਵਾਲੀ ਮਸ਼ੀਨ ਵਾਂਗ ਹੁੰਦੀਆਂ ਹਨ ਜੋ ਸਾਨੂੰ ਇੱਧਰ-ਉਧਰ ਹਿਲਾਉਂਦੀਆਂ ਹਨ ਅਤੇ ਅੰਤ ਵਿਚ ਅਸੀਂ ਚਮਕਦਾਰ ਅਤੇ ਪਹਿਲਾਂ ਨਾਲੋਂ ਵੀ ਸਾਫ ਹੋ ਕੇ ਨਿਕਲਦੇ ਹਾਂ। ਆਪਣੇ ਅੰਦਰ ਦੀਆਂ ਸ਼ਕਤੀਆਂ ਨੂੰ ਪਛਾਣੋ।ਮੁਸ਼ਕਲਾਂ ਨਾਲ ਲੋਹਾ ਲੈ ਕੇ ਹੀ ਮਨੁੱਖ ਦਾ ਚਰਿੱਤਰ ਚਮਕਦਾ ਹੈ। ਮੁਸ਼ਕਲਾਂ ਨਾਲ ਲੜਨ ਨਾਲ ਹੀ ਮਨੁੱਖ 'ਚ ਸ਼ਕਤੀ ਦਾ ਸੰਚਾਰ ਹੁੰਦਾ ਹੈ ਜਿਸ ਦੇ ਬਲਬੂਤੇ ਉਹ ਸਫਲਤਾ ਹਾਸਲ ਕਰਦਾ ਹੈ। ਸਮੱਸਿਆਵਾਂ ਵੇਲੇ ਯਾਦ ਰੱਖੋ ਕਿ ਜਿਵੇਂ ਸਰਦੀਆਂ ਵਿਚ ਧੁੰਦ ਸੂਰਜ ਦੀ ਰੋਸ਼ਨੀ ਦੇ ਰਾਹ 'ਚ ਵੱਡੀ ਰੁਕਾਵਟ ਬਣਦੀ ਹੈ ਪਰ ਸੂਰਜ ਇਸ ਨੂੰ ਮੇਟ ਕੇ ਆਪਣੀ ਲੋਅ ਧਰਤੀ ਤੱਕ ਲੈ ਆਉਂਦਾ ਹੈ, ਉਸੇ ਤਰ੍ਹਾਂ ਆਤਮ-ਚਿੰਤਨ ਕਰਕੇ ਇਨ੍ਹਾਂ ਦੇ ਕਾਰਨਾਂ ਨੂੰ ਸਮਝਦੇ ਹੋਏ ਅੱਗੇ ਵਧੋ, ਇਹ ਤੁਹਾਡੇ ਲਈ ਰਾਹ ਖਾਲੀ ਕਰ ਜਾਣਗੀਆਂ। ਜਦੋਂ ਕੁਦਰਤ ਨੇ ਸਾਨੂੰ ਚਮਕਾਉਣਾ ਹੋਵੇ ਤਾਂ ਸਾਡਾ ਦਾਖਲਾ ਉਹ ਮੁਸੀਬਤਾਂ ਦੇ ਸਕੂਲ ਵਿਚ ਕਰਵਾ ਦਿੰਦੀ ਹੈ। ਕਿਸੇ ਸਿਆਣੇ ਨੇ ਸੱਚ ਹੀ ਕਿਹਾ ਹੈ:

"ਚੱਲਣ ਦੀ ਕੋਸ਼ਿਸ਼ ਤਾਂ ਕਰੋ, ਦਿਸ਼ਾਏਂ ਬਹੁਤ ਨੇ।ਰਾਸਤੇ ਮੇਂ ਬਿਖਰੇ ਕਾਂਟੋਂ ਸੇ ਨਾ ਡਰੋ, ਤੁਮਹਾਰੇ ਸਾਥ ਦੁਆਏਂ ਬਹੁਤ ਹੈਂ"।

ਸਮੱਸਿਆਵਾਂ ਜ਼ਿਆਦਾਤਰ ਸਾਡੀ ਗੈਰਜ਼ਿੰਮੇਵਾਰੀ ਦਾ ਨਤੀਜਾ ਹੁੰਦੀਆਂ ਹਨ।ਉਹ ਕੰਮ ਜੋ ਸਾਨੂੰ ਉਸ ਸਮੇਂ ਕਰਨੇ ਚਾਹੀਦੇ ਸਨ ਜਦੋਂ ਉਨ੍ਹਾਂ ਦਾ ਵਕਤ ਸੀ ਨਹੀਂ ਕੀਤੇ, ਉਹ ਅੱਗੇ ਚੱਲ ਕੇ ਸਮੱਸਿਆਵਾਂ ਬਣ ਗਏ। ਬਹੁਤੇ ਵਾਰ ਸਮੱਸਿਆਵਾਂ ਸਾਡੇ ਆਪਣੇ ਵਿਵਹਾਰ ਦੀ ਹੀ ਦੇਣ ਹੁੰਦੀਆਂ ਹਨ। ਜੋ ਨਿਯਮਾਂ ਦੀ ਪਾਲਣਾ ਨਹੀਂ ਕਰਦਾ ਉਸ ਦਾ ਜੀਵਨ ਸੰਕਟਾਂ ਵਿੱਚ ਘਿਰ ਜਾਂਦਾ ਹੈ। ਨਿਯਮਾਂ ਦੀ ਪਾਲਣਾ ਨਾ ਕਰਨ ਵਾਲਾ ਮਨੁੱਖ ਅਨੁਸ਼ਾਸਨ ਗੁਆ ਬੈਠਦਾ ਹੈ ਜਿਸ ਕਰਕੇ ਉਸ ਦਾ ਜੀਵਨ ਚੁਣੌਤੀਆਂ ਵਿਚ ਫਸ ਜਾਂਦਾ ਹੈ। ਜਦੋਂ ਵਿਅਕਤੀ ਆਪਹੁਦਰੀਆਂ ਗੱਲਾਂ ਵਿਚ ਉਲਝਦਾ ਹੋਇਆ ਆਪਣੀਆਂ ਅੰਦਰਲੀਆਂ ਅਤੇ ਬਾਹਰਲੀਆਂ ਅੱਖਾਂ ਗੁਆ ਲੈਂਦਾ ਹੈ ਤਾਂ ਉਸ ਨੂੰ ਬਹੁਤ ਸਾਰੀਆਂ ਔਕੜਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਵਿਅਕਤੀ ਦਾ ਦੂਹਰਾ ਆਚਰਣ ਵੀ ਸਾਡੀਆਂ ਸਮੱਸਿਆਵਾਂ ਦੀ ਜੜ੍ਹ ਹੈ। ਦੋਗਲੀ ਜ਼ਿੰਦਗੀ ਜਿਊਣ ਵਾਲੇ ਅਜਿਹੇ ਵਿਅਕਤੀ ਦੀ ਅੰਤਰ-ਆਤਮਾ ਉਸ ਨੂੰ ਹਰ ਵੇਲੇ ਦੁਰਕਾਰਦੀ ਰਹਿੰਦੀ ਹੈ ਜਿਸ ਕਾਰਨ ਉਸ ਨੂੰ ਇਨ੍ਹਾਂ ਸਮੱਸਿਆਵਾਂ ਤੋਂ ਨਿਜਾਤ ਪਾਉਣ ਦਾ ਕੋਈ ਹੱਲ ਨਹੀਂ ਲੱਭਦਾ।ਸਾਡੀਆਂ ਕੁਝ ਸਮੱਸਿਆਵਾਂ ਕੇਵਲ ਇਸ ਕਾਰਨ ਵੀ ਹਨ ਕਿ ਅਸੀਂ ਉਨ੍ਹਾਂ ਨੂੰ ਸੁਧਾਰਨ ਲਈ ਬਣਦੀ ਜ਼ਿੰਮੇਵਾਰੀ ਤੋਂ ਮੁਨਕਰ ਹੋ ਗਏ ਹਾਂ। ਸਾਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਜੇ ਤੈਰਣਾ ਸਿੱਖਣਾ ਹੈ ਤਾਂ ਪਾਣੀ ਵਿਚ ਉਤਰਨਾ ਹੀ ਪਵੇਗਾ।

ਅਸੀਂ ਜੀਵਨ ਵਿਚ ਛੋਟੀਆਂ-ਛੋਟੀਆਂ ਗੱਲਾਂ ਆਪਣੇ ਦਿਮਾਗ਼ ਵਿਚ ਭਰੀ ਜਾਂਦੇ ਹਾਂ ਅਤੇ ਉਨ੍ਹਾਂ ਵਿਚ ਹੀ ਆਪਣੀ ਊਰਜਾ ਖ਼ਤਮ ਕਰਦੇ ਰਹਿੰਦੇ ਹਾਂ ਜਿਸ ਕਾਰਨ ਮੁੱਖ ਗੱਲਾਂ ਲਈ ਸਾਡੇ ਕੋਲ ਵਕਤ ਹੀ ਨਹੀਂ ਹੁੰਦਾ ਜਿਸ ਕਾਰਨ ਵੀ ਅਸੀਂ ਸਮੱਸਿਆਵਾਂ ਵਿਚ ਘਿਰ ਜਾਂਦੇ ਹਾਂ। ਇਹ ਠੀਕ ਹੈ ਕਿ ਜਿਵੇਂ ਸਾਗਰ ਲਹਿਰਾਂ ਤੋਂ ਬਿਨਾਂ ਨਹੀਂ ਹੁੰਦਾ, ਓਵੇਂ ਜ਼ਿੰਦਗੀ ਵੀ ਤਕਲੀਫਾਂ, ਮੁਸ਼ਕਿਲਾਂ ਤੋਂ ਬਿਨਾ ਨਹੀਂ ਹੁੰਦੀ। ਸਤਰੰਗੀ ਪੀਂਘ ਬਣਾਉਣ ਲਈ ਮੀਂਹ ਅਤੇ ਧੁੱਪ ਦੋਵਾਂ ਦਾ ਹੋਣਾ ਜ਼ਰੂਰੀ ਹੈ ਪਰ ਸਮੱਸਿਆਵਾਂ ਕੋਈ ਇੰਨੀਆਂ ਤਾਕਤਵਰ ਨਹੀਂ ਹੁੰਦੀਆਂ ਜਿੰਨੀਆਂ ਅਸੀਂ ਉਨ੍ਹਾਂ ਨੂੰ ਸਮਝ ਲੈਂਦੇ ਹਾਂ।ਕਦੇ ਸੁਣਿਆ ਹੈ ਕਿ 'ਅੰਧੇਰੋਂ ਨੇ ਸੁਬਹ ਨਾ ਹੋਣੇ ਦੀ ਹੋ'।ਕਾਮਯਾਬੀ ਦਾ ਜਨੂੰਨ ਹੋਣਾ ਚਾਹੀਦਾ ਹੈ ਮੁਸ਼ਕਿਲਾਂ ਦੀ ਕੀ ਔਕਾਤ ਹੈ ਕਿ ਤੁਹਾਡਾ ਰਾਹ ਰੋਕ ਸਕਣ।ਜੇਕਰ ਜ਼ਿੰਦਗੀ ਦੇ ਉਤਰਾਵਾਂ ਨੂੰ ਸਬਰ ਨਾਲ ਸਹਿਣ ਕਰ ਲਿਆ ਜਾਵੇ ਤਾਂ ਸਮੱਸਿਆਵਾਂ ਨੂੰ ਸਲਝਾਉਣ ਵਿਚ ਵੀ ਆਨੰਦ ਮਿਲਦਾ ਹੈ। ਜ਼ਿੰਮੇਵਾਰ ਬਣਨ ਅਤੇ ਸਮਝ ਕੇ ਫੈਸਲੇ ਕਰਨ ਦੀ ਜਾਚ ਸਿੱਖਣ ਦੀ ਕੋਸ਼ਿਸ਼ ਕਰੀਏ। ਕੋਈ ਸਾਡੇ ਮਸਲੇ ਹੱਲ ਨਹੀਂ ਕਰੇਗਾ ਐਵੇਂ ਅਵੇਸਲੇ ਹੀ ਦਰਿਆ ਦੇ ਕਿਨਾਰੇ ਬੈਠ ਕੇ ਪਿਆਸੇ ਨਾ ਮਰੀਏ। ਦੁਨੀਆਂ ਦੀ ਸਭ ਤੋਂ ਵਧੀਆ ਕਿਤਾਬ ਅਸੀਂ ਖੁਦ ਹਾਂ। ਖੁਦ ਨੂੰ ਸਮਝ ਲਓ ਸਾਰੀਆਂ ਸਮੱਸਿਆਵਾਂ ਦਾ ਹੱਲ ਮਿਲ ਜਾਵੇਗਾ।ਜ਼ਿੰਦਗੀ ਦੀ ਗੁਣਾਤਮਕਤਾ ਓਨੀ ਦੇਰ ਨਹੀਂ ਸੁਧਰਦੀ ਜਿੰਨੀ ਦੇਰ ਤੱਕ ਸਾਡੇ ਵਿਚਾਰ ਅਤੇ ਸਾਡੇ ਸੋਚਣ ਦੇ ਤਰੀਕੇ ਨਹੀਂ ਸੁਧਰਦੇ। ਜਦੋਂ ਜੀਵਨ ਵਿਚ ਸਮੱਸਿਆਵਾਂ ਆਉਣ ਤਾਂ ਬੇਚੈਨ ਹੋਣ ਦੀ ਬਜਾਏ ਸ਼ਾਂਤ ਰਹਿ ਕੇ ਵਿਚਾਰ ਕਰੋ ਹੱਲ ਜ਼ਰੂਰ ਨਿਕਲੇਗਾ।

ਸਿਆਣੇ ਕਹਿੰਦੇ ਹਨ ਕਿ ਹਰ ਸਮੱਸਿਆ ਵਿਚ ਕੋਈ ਦਿਲਚਸਪ ਗੱਲ ਲੁਕੀ ਹੁੰਦੀ ਹੈ।ਮਜ਼ਾ ਇਸ ਵਿਚ ਹੈ ਕਿ ਅਸੀਂ ਉਸ ਨੂੰ ਲੱਭ ਲਈਏ। ਇਕ ਪ੍ਰੇਰਕ ਦੇ ਦੱਸਣ ਅਨੁਸਾਰ ਹਰ ਸਮੱਸਿਆ ਵਿਚ ਇਕ ਕਮਜ਼ੋਰ ਜਗ੍ਹਾ ਹੁੰਦੀ ਹੈ।ਇਹ ਤੁਹਾਡੇ ਵੱਲ ਵੇਖ ਕੇ ਲੁਕਣਮੀਟੀ ਖੇਡਣ ਲਈ ਬੁਲਾ ਰਹੀ ਹੁੰਦੀ ਹੈ। ਇਸ ਨੂੰ ਲੱਭ ਲੈਣ ਨਾਲ ਸਮੱਸਿਆ ਤਾਂ ਹੱਲ ਹੋ ਹੀ ਜਾਵੇਗੀ ਨਾਲ ਹੀ ਇਸ ਵਿਚੋਂ ਇੱਕ ਅਨੋਖੀ ਚੀਜ਼ ਵੀ ਨਿਕਲ ਕੇ ਆਉਂਦੀ ਹੈ ਜੋ ਜੀਵਨ ਵਿਚ ਸਾਡੇ ਕਦਮ ਅੱਗੇ ਤੋਂ ਅੱਗੇ ਵਧਾਉਣ ਲਈ ਲਾਹੇਵੰਦ ਹੁੰਦੀ ਹੈ। ਇਸ ਲਈ ਗਹਿਰਾਈ ਨਾਲ ਵਿਚਾਰ ਕਰਦੇ ਹੋਏ ਇਨ੍ਹਾਂ ਦਾ ਹੱਲ ਲਭੋ ਕਿਉਂਕਿ ਲਾਜਵਾਬ ਮੋਤੀ ਕਦੇ ਕਿਨਾਰਿਆਂ ਤੋਂ ਨਹੀਂ ਮਿਲਦੇ।ਤੁਸੀਂ ਜਿੰਨੀ ਮਿਹਨਤ ਅਤੇ ਵਿਸ਼ਵਾਸ ਨਾਲ ਕੰਮ ਕਰੋਗੇ ਹਰ ਪਲ ਵੀ ਓਨਾ ਹੀ ਬਿਹਤਰ ਅਤੇ ਮਿੱਠਾ ਮਿਲੇਗਾ। •

# ਕੈਲਗਰੀ 'ਚ ਪੰਜਾਬੀ ਦੇ ਘਰ 'ਤੇ ਗੋਲੀਬਾਰੀ



ਕੈਲਗਰੀ: ਸਥਾਨਕ ਸਵਾਨਾ ਪਾਰਕ ਇਲਾਕੇ 'ਚ ਗੋਲੀਬਾਰੀ ਦੀ ਘਟਨਾ ਸਾਹਮਣੇ ਆਈ ਹੈ ਜਿਸ 'ਚ ਪੰਜਾਬੀ ਮੂਲ ਦੇ ਇੱਕ ਵਿਅਕਤੀ ਲਵਜੀਤ ਸੰਧੂ ਦੇ ਘਰ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਇੰਟਰਨੈੱਟ 'ਤੇ ਵਾਇਰਲ ਹੋ ਰਹੀ ਇੱਕ ਵੀਡੀਓ 'ਚ ਰਿਹਾਇਸ਼ ਵੱਲ ਗੋਲੀਆਂ ਚਲਾਉਂਦੇ ਹੋਏ ਦੇਖਿਆ ਗਿਆ।

ਪੁਲੀਸ ਨੇ ਦੱਸਿਆ ਕਿ ਕਈ ਰਾਊਂਡ ਫ਼ਾਇਰ ਕੀਤੇ ਗਏ ਸਨ, ਪਰ ਜ਼ਖ਼ਮੀਆਂ ਜਾਂ ਜਾਇਦਾਦ ਦੇ ਨੁਕਸਾਨ ਬਾਰੇ ਅਜੇ ਤਕ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ। ਦੱਸਿਆ ਜਾ ਰਿਹਾ ਹੈ ਕਿ ਸ਼ੱਕੀ ਮੌਕੇ ਤੋਂ ਫ਼ਰਾਰ ਹੋ ਗਿਆ ਅਤੇ ਪੁਲੀਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਘਟਨਾ ਤੋਂ ਬਾਅਦ ਆਰਜ਼ੂ ਬਿਸ਼ਨੋਈ ਨਾਲ ਜੁੜੀ ਇੱਕ ਸੋਸ਼ਲ ਮੀਡੀਆ ਪੋਸਟ ਔਨਲਾਈਨ ਵਾਇਰਲ ਹੋਣੀ ਸ਼ੁਰੂ ਹੋ ਗਈ ਜਿਸ 'ਚ ਹਮਲੇ ਦੀ ਜ਼ਿੰਮੇਵਾਰੀ ਲਈ ਗਈ ਹੈ।

ਪੋਸਟ 'ਚ ਲੌਰੈਂਸ ਬਿਸ਼ਨੋਈ ਸਮੂਹ ਨਾਲ ਜੁੜੇ ਹੋਣ ਦਾ ਦਾਅਵਾ ਕਰਨ ਵਾਲੇ ਸਾਥੀਆਂ ਦਾ ਜ਼ਿਕਰ ਕੀਤਾ ਗਿਆ ਹੈ, ਅਤੇ ਵਿਰੋਧੀਆਂ ਨੂੰ ਚਿਤਾਵਨੀਆਂ ਦਿੱਤੀਆਂ ਗਈਆਂ ਹਨ। CBC News ਅਨੁਸਾਰ ਪੁਲੀਸ ਨੇ ਕਿਹਾ ਹੈ ਕਿ ਜਾਂਚ ਜਾਰੀ ਹੈ ਅਤੇ ਸੋਸ਼ਲ ਮੀਡੀਆ ਦੇ ਦਾਅਵਿਆਂ ਨਾਲ ਕਿਸੇ ਵੀ ਸਬੰਧ ਦੀ ਪੁਸ਼ਟੀ ਹੋਣ ਤੋਂ ਪਹਿਲਾਂ ਹੋਰ ਫ਼ੋਰੈਂਜ਼ਿਕ ਜਾਂਚ ਦੀ ਲੋੜ ਹੈ।

ਪੁਲੀਸ ਨੇ ਦੱਸਿਆ, "2025 ਦੀ ਸ਼ੁਰੂਆਤ ਤੋਂ ਸ਼ਹਿਰ 'ਚ ਜਬਰਨ ਵਸੂਲੀ ਨਾਲ ਸਬੰਧਤ 28 ਘਟਨਾਵਾਂ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ 'ਚੋਂ 13 ਗੋਲੀਬਾਰੀ ਦੀਆਂ ਘਟਨਾਵਾਂ ਸਨ।" ਕੈਲਗਰੀ ਪੁਲੀਸ ਸਰਵਿਸ ਦੇ ਡਿਪਟੀ ਚੀਫ਼ ਆਸਿਫ਼ ਰਾਸ਼ਿਦ ਨੇ ਇੱਕ ਬ੍ਰੀਫ਼ਿੰਗ ਦੌਰਾਨ ਪੱਤਰਕਾਰਾਂ ਨੂੰ ਦੱਸਿਆ, "ਜਦੋਂ ਵੀ ਸੜਕਾਂ 'ਤੇ ਗੋਲੀਬਾਰੀ ਹੁੰਦੀ ਹੈ ਤਾਂ ਸਾਨੂੰ ਸਾਰਿਆਂ ਨੂੰ ਚਿੰਤਤ ਹੋਣਾ ਚਾਹੀਦਾ ਹੈ।" ਇਹ ਗੋਲੀਬਾਰੀ ਵੀਕੈਂਡ ਦੌਰਾਨ ਉੱਤਰ-ਪੂਰਬੀ ਕੈਲਗਰੀ 'ਚ ਵਾਪਰੀਆਂ ਉਨ੍ਹਾਂ ਦੋ ਘਟਨਾਵਾਂ 'ਚੋਂ ਇੱਕ ਸੀ ਜਿਨ੍ਹਾਂ ਬਾਰੇ ਪੁਲੀਸ ਦਾ ਮੰਨਣਾ ਹੈ ਕਿ ਇਹ ਸ਼ਹਿਰ ਦੇ ਦੱਖਣੀ ਏਸ਼ੀਆਈ ਭਾਈਚਾਰੇ ਨੂੰ ਨਿਸ਼ਾਨਾ ਬਣਾ ਕੇ ਕੀਤੀ ਜਾ ਰਹੀ ਜਬਰਨ ਵਸੂਲੀ ਨਾਲ ਸਬੰਧਤ ਹਿੰਸਾ ਨਾਲ ਜੁੜੀਆਂ ਹੋ ਸਕਦੀਆਂ ਹਨ।

ਇਸ ਤੋਂ ਪਹਿਲਾਂ ਐਤਵਾਰ ਨੂੰ ਇੱਕ ਹੋਰ ਘਰ 'ਤੇ ਵੀ ਗੋਲੀਬਾਰੀ ਕੀਤੀ ਗਈ ਸੀ ਜਿਸ ਤੋਂ ਬਾਅਦ ਦੋਸ਼ੀ ਚਿੱਟੇ ਰੰਗ ਦੀ ਸੈਡਾਨ ਕਾਰ 'ਚ ਫ਼ਰਾਰ ਹੋ ਗਏ ਸਨ।

# ਦੁਨੀਆਂ ਦੇ ਸਭ ਤੋਂ ਮਹਿੰਗੇ US ਜੰਗੀ ਬੇੜੇ ਦਾ ਬੁਰਾ ਹਾਲ, ਟੌਇਲਟ ਜਾਮ, 5,000 ਫ਼ੌਜੀ ਪ੍ਰੇਸ਼ਾਨ

ਵਾਸ਼ਿੰਗਟਨ: ਦੁਨੀਆਂ ਦੇ ਸਭ ਤੋਂ ਆਧੁਨਿਕ ਅਤੇ ਮਹਿੰਗੇ ਅਮਰੀਕੀ ਏਅਰਕ੍ਰਾਫ਼ਟ ਕੈਰੀਅਰ USS Gerald R. Ford 'ਤੇ ਇਨ੍ਹੀਂ ਦਿਨੀਂ ਇੱਕ ਅਜੀਬੋ-ਗ਼ਰੀਬ ਪਰ ਗੰਭੀਰ ਸਮੱਸਿਆ ਸਾਹਮਣੇ ਆਈ ਹੈ। ਰਿਪੋਰਟਾਂ ਅਨੁਸਾਰ ਇਸ ਅਤਿ-ਆਧੁਨਿਕ ਜਹਾਜ਼ ਦਾ ਸੀਵਰੇਜ ਸਿਸਟਮ ਫ਼ੇਲ੍ਹ ਹੋ ਗਿਆ ਹੈ ਜਿਸ ਕਾਰਨ ਟੌਇਲਟ ਬਾਰ-ਬਾਰ ਜਾਮ ਹੋ ਰਹੇ ਹਨ। ਹਾਲਤ ਇਹ ਹੈ ਕਿ ਜਹਾਜ਼ 'ਤੇ ਤਾਇਨਾਤ ਨਾਵਿਕਾਂ ਨੂੰ ਟੌਇਲਟ ਜਾਣ ਲਈ 45 ਮਿੰਟ ਜਾਂ ਉਸ ਤੋਂ ਵੀ ਵੱਧ ਸਮੇਂ ਤਕ ਲਾਈਨਾਂ 'ਚ ਲੱਗਣਾ ਪੈ ਰਿਹਾ ਹੈ।



ਦਾ ਵਾਲ ਸਟਰੀਟ ਜਰਨਲ ਦੀ ਰਿਪੋਰਟ ਮੁਤਾਬਿਕ ਪਤਲੀਆਂ ਪਾਈਪਾਂ ਅਤੇ ਹੋਰ ਤਕਨੀਕੀ ਨੁਕਸਾਂ ਕਾਰਨ ਇਹ ਸਮੱਸਿਆ ਜਨਵਰੀ ਮਹੀਨੇ ਤੋਂ ਚੱਲ ਰਹੀ ਹੈ। ਹਾਲਾਂਕਿ ਇਸ ਕੈਰੀਅਰ ਨੂੰ ਅਮਰੀਕੀ ਫ਼ੌਜੀ ਤਾਕਤ ਦਾ ਪ੍ਰਤੀਕ ਮੰਨਿਆ ਜਾਂਦਾ ਹੈ, ਪਰ ਬੁਨਿਆਦੀ ਸਫ਼ਾਈ ਵਿਵਸਥਾ 'ਚ ਆਈ ਇਸ ਵੱਡੀ ਖ਼ਾਮੀ ਨੇ ਇਸ ਦੀਆਂ ਆਪਰੇਸ਼ਨਲ ਤਿਆਰੀਆਂ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ।

**5, 000 ਕਰੂ ਮੈਂਬਰਾਂ ਦਾ ਮਨੋਬਲ ਡਿੱਗਿਆ:** ਜਹਾਜ਼ 'ਤੇ ਸਵਾਰ ਲਗਭਗ 5, 000 ਕਰੂ ਮੈਂਬਰਾਂ ਦੀ ਰੋਜ਼ਾਨਾ ਜ਼ਿੰਦਗੀ ਇਸ ਸਮੱਸਿਆ ਕਾਰਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ। ਸੂਤਰਾਂ ਅਨੁਸਾਰ ਨਾਵਿਕ ਪਹਿਲਾਂ ਹੀ ਅੱਠ ਮਹੀਨਿਆਂ ਤੋਂ ਆਪਣੇ ਘਰਾਂ ਤੋਂ ਦੂਰ ਹਨ, ਅਤੇ ਉਨ੍ਹਾਂ ਦੀ ਤਾਇਨਾਤੀ 11 ਮਹੀਨਿਆਂ ਤਕ ਵੱਧਣ ਦੀ ਸੰਭਾਵਨਾ ਹੈ। ਕਈ ਨਾਵਿਕ ਆਪਣੇ ਬੱਚਿਆਂ ਦੇ ਜਨਮ, ਜਨਮ ਦਿਨ ਜਾਂ ਪਰਿਵਾਰਕ ਮੈਂਬਰਾਂ ਦੇ ਅੰਤਿਮ ਸੰਸਕਾਰ ਵਰਗੇ ਮਹੱਤਵਪੂਰਣ ਮੌਕਿਆਂ 'ਤੇ ਵੀ ਸ਼ਾਮਿਲ ਨਹੀਂ ਹੋ ਸਕੇ ਹਨ।

USS Gerald R. Ford 'ਤੇ ਤਾਇਨਾਤ ਜ਼ਿਆਦਾਤਰ ਨਾਵਿਕ 20 ਤੋਂ 25 ਸਾਲ ਦੀ ਉਮਰ ਦੇ ਨੌਜਵਾਨ ਹਨ। ਮਿਸ਼ਨ ਦੀ ਸੰਵੇਦਨਸ਼ੀਲਤਾ ਕਾਰਨ ਉਨ੍ਹਾਂ ਨੂੰ ਇੰਟਰਨੈੱਟ ਅਤੇ ਸੋਸ਼ਲ ਮੀਡੀਆ ਦੀ ਵਰਤੋਂ ਦੀ ਵੀ ਬਹੁਤ ਘੱਟ ਇਜਾਜ਼ਤ ਹੈ ਜਿਸ ਕਾਰਨ ਉਹ ਆਪਣੇ ਪਰਿਵਾਰਾਂ ਨਾਲ ਸੰਪਰਕ ਨਹੀਂ ਕਰ ਪਾ ਰਹੇ ਅਤੇ ਭਾਰੀ ਮਾਨਸਿਕ ਦਬਾਅ ਹੇਠ ਹਨ।

**ਅਗਲਾ ਮਿਸ਼ਨ:** ਇਜ਼ਰਾਇਲ ਦੀ ਮਦਦ ਤਾਜ਼ਾ ਜਾਣਕਾਰੀ ਅਨੁਸਾਰ ਇਹ ਜਹਾਜ਼ ਇਸ ਵੇਲੇ ਯੂਨਾਨ ਦੇ ਕ੍ਰੀਟ ਨੇਵਲ ਬੇਸ 'ਤੇ ਮੁਰੰਮਤ ਅਤੇ ਸਪਲਾਈ ਲਈ ਰੁਕਿਆ ਹੋਇਆ ਹੈ। ਇੱਥੋਂ ਮੁਰੰਮਤ ਤੋਂ ਬਾਅਦ ਇਸ ਨੂੰ ਇਜ਼ਰਾਇਲ ਦੇ ਸਮਰਥਨ 'ਚ ਪੂਰਬੀ ਭੂਮੱਧ ਸਾਗਰ 'ਚ ਤਾਇਨਾਤ ਕੀਤੇ ਜਾਣ ਦੀ ਯੋਜਨਾ ਹੈ। ਜਹਾਜ਼ ਦੇ ਕਮਾਂਡਿੰਗ ਅਫ਼ਸਰ ਕੈਪਟਨ ਡੇਵਿਡ ਸਕਾਰੋਜ਼ੀ ਨੇ ਪਰਿਵਾਰਾਂ ਨੂੰ ਲਿਖੇ ਪੱਤਰ 'ਚ ਇਸ ਮੁਸ਼ਕਿਲ ਸਥਿਤੀ ਅਤੇ ਤਾਇਨਾਤੀ ਦੇ ਵੱਧਣ ਕਾਰਨ ਹੋ ਰਹੇ ਦਰਦ ਨੂੰ ਸਵੀਕਾਰ ਕੀਤਾ ਹੈ।

# ਬਲਾਤਕਾਰ ਦੇ ਇਲਜ਼ਾਮ ਲਗਾ ਖ਼ੁਦ ਹੀ ਜਾਂਚ ਤੋਂ ਭੱਜ ਰਹੀ ਹੈ ਅਦਾਕਾਰਾ

ਮੁੰਬਈ: ਬੌਲੀਵੁਡ ਅਦਾਕਾਰ ਆਦਿੱਤਿਆ ਪੰਚੋਲੀ ਵਿਰੁੱਧ ਸਾਲ 2019 'ਚ ਦਰਜ ਹੋਏ ਬਲਾਤਕਾਰ ਦੇ ਮਾਮਲੇ 'ਚ ਬੰਬੇ ਹਾਈਕੋਰਟ 'ਚ ਅਹਿਮ ਸੁਣਵਾਈ ਹੋਈ। ਅਦਾਲਤ ਨੇ ਸ਼ਿਕਾਇਤਕਰਤਾ (ਅਦਾਕਾਰਾ ਤੇ ਭਾਜਪਾ ਸਾਂਸਦ ਕੰਗਨਾ ਰਣੌਤ) ਨੂੰ ਆਪਣਾ ਜਵਾਬ ਦਾਖ਼ਲ ਕਰਨ ਲਈ ਇੱਕ ਹਫ਼ਤੇ ਦਾ ਸਮਾਂ ਦਿੱਤਾ ਹੈ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 4 ਮਾਰਚ ਨੂੰ ਹੋਵੇਗੀ।



ਸਾਲ 2019 'ਚ ਵਰਸੋਵਾ ਪੁਲੀਸ ਸਟੇਸ਼ਨ 'ਚ ਆਦਿੱਤਿਆ ਪੰਚੋਲੀ ਖ਼ਿਲਾਫ਼ IPC ਦੀ ਧਾਰਾ 376 (ਰੇਪ) ਸਮੇਤ ਕਈ ਗੰਭੀਰ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ। ਆਦਿੱਤਿਆ ਪੰਚੋਲੀ ਨੇ ਇਸ ਇਲਜ਼ਾਮ ਨੂੰ ਰੱਦ ਕਰਵਾਉਣ ਲਈ ਹਾਈਕੋਰਟ 'ਚ ਪਟੀਸ਼ਨ ਦਾਇਰ ਕੀਤੀ ਹੋਈ ਹੈ। ਉਨ੍ਹਾਂ ਦੇ ਵਕੀਲ ਪ੍ਰਸ਼ਾਂਤ ਪਾਟਿਲ ਦਾ ਕਹਿਣਾ ਹੈ ਕਿ ਇਹ ਸਾਰੇ ਇਲਜ਼ਾਮ ਝੂਠੇ ਅਤੇ ਫ਼ਰਜ਼ੀ ਹਨ।

ਸੁਣਵਾਈ ਦੌਰਾਨ ਸਰਕਾਰੀ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਪੁਲੀਸ ਵਲੋਂ ਸ਼ਿਕਾਇਤਕਰਤਾ ਨੂੰ ਹੁਣ ਤਕ 11 ਨੋਟਿਸਿਜ਼ ਭੇਜੇ ਜਾ ਚੁੱਕੇ ਹਨ, ਪਰ ਉਹ ਜਾਂਚ 'ਚ ਸ਼ਾਮਲ ਹੋਣ ਲਈ ਪੁਲੀਸ ਸਟੇਸ਼ਨ ਨਹੀਂ ਪਹੁੰਚੀ। ਮੰਗਲਵਾਰ ਨੂੰ ਸ਼ਿਕਾਇਤਕਰਤਾ ਦੇ ਨੁਮਾਇੰਦਿਆਂ ਨੇ ਅਦਾਲਤ ਤੋਂ ਸਮਾਂ ਮੰਗਿਆ ਜਿਸ ਤੋਂ ਬਾਅਦ ਅਦਾਲਤ ਨੇ 4 ਮਾਰਚ ਤਕ ਦੀ ਮੋਹਲਤ ਦਿੱਤੀ ਹੈ।

**15 ਸਾਲ ਪੁਰਾਣੀ ਘਟਨਾ ਅਤੇ ਖ਼ਾਸ ਰਿਕਾਰਡਿੰਗ 'ਦਾ ਦਾਅਵਾ:** ਆਦਿਤਿਆ ਪੰਚੋਲੀ ਦੇ ਵਕੀਲ ਨੇ ਦਾਅਵਾ ਕੀਤਾ ਕਿ ਇਹ ਸ਼ਿਕਾਇਤ ਘਟਨਾ ਤੋਂ ਲਗਭਗ 15 ਸਾਲ ਬਾਅਦ ਦਰਜ ਕਰਵਾਈ ਗਈ ਹੈ ਜੋ ਕਿ ਕਾਨੂੰਨੀ ਤੌਰ 'ਤੇ ਗ਼ਲਤ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਉਨ੍ਹਾਂ ਕੋਲ ਇੱਕ ਅਜਿਹੀ ਵੀਡੀਓ ਰਿਕਾਰਡਿੰਗ ਮੌਜੂਦ ਹੈ ਜਿਸ 'ਚ ਮਾਮਲਾ ਦਰਜ ਹੋਣ ਤੋਂ ਪਹਿਲਾਂ ਦੀ ਇੱਕ ਮੁਲਾਕਾਤ ਕੈਦ ਹੈ। ਵਕੀਲ ਮੁਤਾਬਿਕ ਇਹ ਰਿਕਾਰਡਿੰਗ ਅਦਾਲਤ 'ਚ ਪੇਸ਼ ਕੀਤੀ ਗਈ ਹੈ ਤਾਂ ਜੋ ਕੇਸ ਦੇ ਪਿੱਛੇ ਦੀ ਗ਼ਲਤ ਨੀਅਤ ਨੂੰ ਸਾਬਿਤ ਕੀਤਾ ਜਾ ਸਕੇ।

ਵਕੀਲ ਪ੍ਰਸ਼ਾਂਤ ਪਾਟਿਲ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ, "2019 ਤੋਂ 2026 ਤਕ ਇਸ ਮਾਮਲੇ 'ਚ ਕੋਈ ਸਬੂਤ ਸਾਹਮਣੇ ਨਹੀਂ ਆਇਆ। ਸਾਨੂੰ ਪੂਰਾ ਭਰੋਸਾ ਹੈ ਕਿ ਹਾਈਕੋਰਟ 'ਚ ਸੱਚ ਦੀ ਜਿੱਤ ਹੋਵੇਗੀ ਅਤੇ ਸਾਨੂੰ ਇਨਸਾਫ਼ ਮਿਲੇਗਾ।"

# ਕੀ ਬਿਨਾਂ ਵਿਆਹ ਡੈਡੀ ਬਣੇਗਾ ਟਰੂਡੋ ?



ਔਟਵਾ: ਮਸ਼ਹੂਰ ਅਮਰੀਕੀ ਪੌਪ ਸਟਾਰ ਕੇਟੀ ਪੈਰੀ ਅਤੇ ਕੈਨੇਡਾ ਦੇ ਸਾਬਕਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਇੱਕ ਵਾਰ ਫ਼ਿਰ ਸੁਰਖ਼ੀਆਂ 'ਚ ਹਨ। ਸੋਸ਼ਲ ਮੀਡੀਆ ਪਲੈਟਫ਼ੌਰਮ 'ਤੇ ਇੱਕ ਪੋਸਟ ਤੇਜ਼ੀ ਨਾਲ ਵਾਇਰਲ ਹੋਈ, ਜਿਸ 'ਚ ਦਾਅਵਾ ਕੀਤਾ ਗਿਆ ਕਿ ਇਹ ਜੋੜਾ ਆਪਣੇ ਪਹਿਲੇ ਬੱਚੇ ਦਾ ਸਵਾਗਤ ਕਰਨ ਦੀ ਤਿਆਰੀ ਕਰ ਰਿਹਾ ਹੈ।

ਵਾਇਰਲ ਹੋਈ ਇਸ ਪੋਸਟ 'ਚ ਦੋਵਾਂ ਦੀ ਇੱਕ ਸਕੀਇੰਗ ਟ੍ਰਿਪ ਦੀ ਫ਼ੋਟੋ ਸਾਂਝੀ ਕੀਤੀ ਗਈ ਹੈ ਜਿਸ ਨੂੰ ਹੁਣ ਤਕ 2.7 ਮਿਲੀਅਨ ਤੋਂ ਵੱਧ ਲੋਕ ਦੇਖ ਚੁੱਕੇ ਹਨ। ਪੋਸਟ 'ਚ ਲਿਖਿਆ ਸੀ, "ਕੇਟੀ ਪੈਰੀ ਅਤੇ ਜਸਟਿਨ ਟਰੂਡੋ ਆਪਣੇ ਪਹਿਲੇ ਬੱਚੇ ਦੀ ਉਮੀਦ ਕਰ ਰਹੇ ਹਨ।" ਹਾਲਾਂਕਿ ਇਸ ਖ਼ਬਰ 'ਚ ਕਿੰਨੀ ਸੱਚਾਈ ਹੈ, ਇਸ 'ਤੇ ਸਵਾਲੀਆ ਨਿਸ਼ੌਨ ਲੱਗ ਗਿਆ ਹੈ। ਅਧਿਕਾਰਿਕ ਤੌਰ 'ਤੇ ਨਾ ਤਾਂ ਕੇਟੀ ਪੈਰੀ ਅਤੇ ਨਾ ਹੀ ਜਸਟਿਨ ਟਰੂਡੋ ਵਲੋਂ ਅਜਿਹੀ ਕੋਈ ਪੁਸ਼ਟੀ ਕੀਤੀ ਗਈ ਹੈ।

ਸੋਸ਼ਲ ਮੀਡੀਆ ਪਲੈਟਫ਼ੌਰਮ X ਦੇ AI ਫ਼ੀਚਰ ਗ੍ਰੋਕ ਨੇ ਵੀ ਇਸ ਦਾਅਵੇ ਨੂੰ ਗ਼ਲਤ ਦੱਸਿਆ ਹੈ। ਗ੍ਰੋਕ ਮੁਤਾਬਿਕ ਇਹ ਖ਼ਬਰ ਪੂਰੀ ਤਰ੍ਹਾਂ ਗ਼ੈਰ-ਪ੍ਰਮਾਣਿਤ ਅਫ਼ਵਾਹਾਂ 'ਤੇ ਆਧਾਰਿਤ ਹੈ। ਜਸਟਿਨ ਟਰੂਡੋ ਨੇ ਕੇਟੀ ਪੈਰੀ ਨਾਲ ਆਪਣੇ ਰਿਸ਼ਤੇ ਨੂੰ ਜਨਤਕ ਤੌਰ 'ਤੇ ਸਵੀਕਾਰ ਜ਼ਰੂਰ ਕੀਤਾ ਹੈ, ਪਰ ਬੱਚੇ ਦੀ ਖ਼ਬਰ ਦੀ ਕੋਈ ਅਧਿਕਾਰਿਕ ਪੁਸ਼ਟੀ ਜਾਂ ਸਬੂਤ ਨਹੀਂ।

ਜ਼ਿਕਰਯੋਗ ਹੈ ਕਿ ਇਹ ਜੋੜਾ ਜੁਲਾਈ 2025 ਤੋਂ ਇੱਕ-ਦੂਜੇ ਨੂੰ ਡੇਟ ਕਰ ਰਿਹਾ ਹੈ। ਇਸ ਤੋਂ ਪਹਿਲਾਂ ਅਕਤੂਬਰ 2025 'ਚ ਵੀ ਇੱਕ AI ਦੁਆਰਾ ਤਿਆਰ ਕੀਤੀ ਫ਼ੋਟੋ ਵਾਇਰਲ ਹੋਈ ਸੀ ਜਿਸ 'ਚ ਦਾਅਵਾ ਕੀਤਾ ਗਿਆ ਸੀ ਕਿ ਕੇਟੀ ਗਰਭਵਤੀ ਹੈ। ਭਾਵੇਂ ਦੋਵਾਂ ਨੇ ਆਪਣੇ ਰਿਸ਼ਤੇ ਨੂੰ ਇੰਸਟਾਗ੍ਰਾਮ 'ਤੇ ਔਫ਼ੀਸ਼ਲ ਕਰ ਦਿੱਤਾ ਹੈ, ਪਰ ਪਰਿਵਾਰ ਵਧਾਉਣ ਬਾਰੇ ਫ਼ਿਲਹਾਲ ਕੋਈ ਅਧਿਕਾਰਿਕ ਬਿਆਨ ਸਾਹਮਣੇ ਨਹੀਂ ਆਇਆ।

# ਬੀਅਰ ਦੇ ਕੈਨਾਂ 'ਚ ਲੁਕੋ ਕੇ ਲਿਆਂਦੇ ਅਰਬਾਂ ਦੇ ਨਸ਼ੇ ਲਈ ਪੰਜਾਬੀ ਨੂੰ 22 ਸਾਲ ਕੈਦ

ਔਕਲੈਂਡ: ਨਿਊ ਜ਼ੀਲੈਂਡ ਦੀ ਇੱਕ ਅਦਾਲਤ ਨੇ ਨਸ਼ਾ ਤਸਕਰੀ ਦੇ ਇੱਕ ਵੱਡੇ ਮਾਮਲੇ 'ਚ ਭਾਰਤੀ ਮੂਲ ਦੇ ਬਲਤੇਜ ਸਿੰਘ ਅਗਵਾਨ ਨੂੰ 22 ਸਾਲ ਦੀ ਸਖ਼ਤ ਕੈਦ ਦੀ ਸਜ਼ਾ ਸੁਣਾਈ ਹੈ। ਬਲਤੇਜ ਸਿੰਘ 'ਤੇ ਦੋਸ਼ ਹੈ ਕਿ ਉਸ ਨੇ ਵੱਡੀ ਮਾਤਰਾ 'ਚ ਖ਼ਤਰਨਾਕ ਲਿਕੁਇਡ ਮੈਥਮਫ਼ੈਟੇਮੀਨ ਨਿਊ ਜ਼ੀਲੈਂਡ 'ਚ ਗ਼ੈਰ-ਕਾਨੂੰਨੀ ਤਰੀਕੇ ਨਾਲ ਮੰਗਵਾਇਆ ਸੀ।




ਦੱਸਿਆ ਜਾ ਰਿਹਾ ਹੈ ਕਿ ਬਲਤੇਜ ਸਿੰਘ ਅਗਵਾਨ ਇੰਦਰਾ ਗਾਂਧੀ ਦੇ ਕਾਤਲ ਸਤਵੰਤ ਸਿੰਘ ਦਾ ਭਤੀਜਾ ਹੈ। ਉਸ ਨੇ ਇਸ ਨਸ਼ੇ ਨੂੰ ਬਹੁਤ ਹੀ ਚਾਲਾਕੀ ਨਾਲ ਬੀਅਰ ਦੀਆਂ ਕੈਨਾਂ 'ਚ ਲੁਕਾ ਕੇ ਨਿਊ ਜ਼ੀਲੈਂਡ ਲੈ ਕੇ ਆਇਆ ਸੀ। ਜਾਂਚ ਏਜੰਸੀਆਂ ਨੇ ਜਦੋਂ ਇਨ੍ਹਾਂ ਕੈਨਾਂ ਦੀ ਜਾਂਚ ਕੀਤੀ ਤਾਂ ਉਨ੍ਹਾਂ 'ਚੋਂ ਬੀਅਰ ਦੀ ਬਜਾਏ ਭਾਰੀ ਮਾਤਰਾ 'ਚ ਡਰੱਗ ਬਰਾਮਦ ਹੋਈ ਜਿਸ ਦੀ ਅੰਤਰਰਾਸ਼ਟਰੀ ਬਾਜ਼ਾਰ 'ਚ ਕੀਮਤ ਕਰੀਬ 600-700 ਕਰੋੜ ਰੁਪਏ ਦੱਸੀ ਜਾਂਦੀ ਹੈ। ਰਿਪੋਰਟਾਂ ਅਨੁਸਾਰ ਬਲਤੇਜ ਸਿੰਘ ਅਗਵਾਨ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਕਤਲ ਦੇ ਦੋਸ਼ੀ ਸਤਵੰਤ ਸਿੰਘ ਦਾ ਭਤੀਜਾ ਹੈ। ਉਸ ਦੇ ਖ਼ਾਲਿਸਤਾਨੀ ਸਬੰਧਾਂ ਅਤੇ ਨਾਰਕੋ-ਟੈਰੋਰਿਜ਼ਮ 'ਚ ਸ਼ਮੂਲੀਅਤ ਨੂੰ ਲੈ ਕੇ ਵੀ ਜਾਂਚ ਹੋ ਰਹੀ ਹੈ।

ਨਿਊ ਜ਼ੀਲੈਂਡ ਦੀ ਅਦਾਲਤ ਨੇ ਇਸ ਨੂੰ ਸਮਾਜ ਲਈ ਇੱਕ ਗੰਭੀਰ ਖ਼ਤਰਾ ਮੰਨਦਿਆਂ ਬਲਤੇਜ ਸਿੰਘ ਨੂੰ 22 ਸਾਲ ਦੀ ਜੇਲ੍ਹ ਦੀ ਸਜ਼ਾ ਸੁਣਾਈ ਹੈ। ਅਦਾਲਤ ਨੇ ਕਿਹਾ ਕਿ ਅਜਿਹੇ ਗੰਭੀਰ ਅਪਰਾਧਾਂ ਲਈ ਸਖ਼ਤ ਸਜ਼ਾ ਦੇਣਾ ਜ਼ਰੂਰੀ ਹੈ ਤਾਂ ਜੋ ਭਵਿੱਖ 'ਚ ਕੋਈ ਅਜਿਹਾ ਕਰਨ ਦੀ ਹਿੰਮਤ ਨਾ ਕਰੇ। ਇਸ ਔਪਰੇਸ਼ਨ ਨੂੰ ਨਿਊ ਜ਼ੀਲੈਂਡ ਪੁਲੀਸ ਅਤੇ ਕਸਟਮਜ਼ ਵਿਭਾਗ ਦੀ ਇੱਕ ਵੱਡੀ ਸਫ਼ਲਤਾ ਮੰਨਿਆ ਜਾ ਰਿਹਾ ਹੈ ਕਿਉਂਕਿ ਇਸ ਡਰੱਗ ਦੀ ਅੰਤਰਰਾਸ਼ਟਰੀ ਬਾਜ਼ਾਰ 'ਚ ਕੀਮਤ ਕਰੋੜਾਂ ਰੁਪਏ ਹੈ।

ਬਲਤੇਜ ਸਿੰਘ 'ਤੇ ਲੱਗੇ ਇਨ੍ਹਾਂ ਦੋਸ਼ਾਂ ਅਤੇ ਸਜ਼ਾ ਤੋਂ ਬਾਅਦ ਅੰਤਰਰਾਸ਼ਟਰੀ ਪੱਧਰ 'ਤੇ ਨਸ਼ਾ ਤਸਕਰੀ ਦੇ ਨੈੱਟਵਰਕਾਂ ਵਿਰੁੱਧ ਜਾਂਚ ਤੇਜ਼ ਹੋ ਗਈ ਹੈ। ਇਹ ਮਾਮਲਾ ਇਸ ਲਈ ਵੀ ਚਰਚਾ 'ਚ ਹੈ ਕਿਉਂਕਿ ਇਸ 'ਚ ਨਸ਼ਾ ਤਸਕਰੀ ਦੇ ਨਾਲ-ਨਾਲ ਕੱਟੜਪੰਥੀ ਸਬੰਧਾਂ ਦੇ ਪਹਿਲੂ ਵੀ ਸਾਹਮਣੇ ਆ ਰਹੇ ਹਨ।

# ਪਤਨੀ ਦੀ ਕੁੱਟਮਾਰ ਹੁਣ ਘਰੇਲੂ ਹਿੰਸਾ ਨਹੀਂ, ਬਸ ਹੱਡੀ ਨਹੀਂ ਟੁੱਟਣੀ ਚਾਹੀਦੀ - ਤਾਲਿਬਾਨ

ਕਾਬੁਲ: ਅਫ਼ਗ਼ਾਨਿਸਤਾਨ 'ਚ ਤਾਲਿਬਾਨ ਨੇ ਮਹਿਲਾਵਾਂ ਦੇ ਅਧਿਕਾਰਾਂ 'ਤੇ ਵੱਡਾ ਹਮਲਾ ਕਰਦਿਆਂ ਇੱਕ ਨਵਾਂ ਦੰਡ ਕਾਨੂੰਨ ਲਾਗੂ ਕੀਤਾ ਹੈ। ਇਸ ਨਵੇਂ ਕਾਨੂੰਨ ਮੁਤਾਬਿਕ ਜੇਕਰ ਪਤੀ ਆਪਣੀ ਪਤਨੀ ਜਾਂ ਬੱਚਿਆਂ ਦੀ ਕੁੱਟਮਾਰ ਕਰਦਾ ਹੈ ਤਾਂ ਉਸ ਨੂੰ ਘਰੇਲੂ ਹਿੰਸਾ ਨਹੀਂ ਮੰਨਿਆ ਜਾਵੇਗਾ ਬਸ਼ਰਤੇ ਕਿ ਕੁੱਟਮਾਰ ਦੌਰਾਨ ਉਨ੍ਹਾਂ ਦੀ ਕੋਈ ਹੱਡੀ ਨਾ ਟੁੱਟੇ ਜਾਂ ਕੋਈ ਖੁੱਲ੍ਹੀ ਸੱਟ ਨਾ ਲੱਗੇ।

ਤਾਲਿਬਾਨ ਦੇ ਸਰਵਉੱਚ ਨੇਤਾ ਹਿਬਤੁੱਲਾ ਅਖ਼ੁੰਦਜ਼ਾਦਾ ਵਲੋਂ ਦਸਤਖ਼ਤ ਕੀਤੇ ਗਏ ਇਸ 90 ਪੰਨਿਆਂ ਦੇ ਕਾਨੂੰਨ 'ਚ ਕਈ ਸਖ਼ਤ ਸ਼ਰਤਾਂ ਰੱਖੀਆਂ ਗਈਆਂ ਹਨ। ਜੇਕਰ ਕੋਈ ਮਹਿਲਾ ਦੁਰਵਿਵਹਾਰ ਦੀ ਸ਼ਿਕਾਇਤ ਕਰਦੀ ਹੈ ਤਾਂ ਉਸ ਨੂੰ ਅਦਾਲਤ 'ਚ ਜੱਜ ਸਾਹਮਣੇ ਆਪਣੀਆਂ ਸੱਟਾਂ ਦਿਖਾਉਣੀਆਂ ਪੈਣਗੀਆਂ, ਅਤੇ ਉਸ ਸਮੇਂ ਉਸ ਦੇ ਨਾਲ ਉਸ ਦਾ ਪਤੀ ਜਾਂ ਕੋਈ ਪੁਰਸ਼ ਸਰਪ੍ਰਸਤ ਹੋਣਾ ਲਾਜ਼ਮੀ ਹੋਵੇਗਾ।

**ਜੇਲ੍ਹ ਦਾ ਪ੍ਰਬੰਧ:** ਜੇਕਰ ਪਤੀ ਦੀ ਇਜਾਜ਼ਤ ਤੋਂ ਬਿਨਾਂ ਕੋਈ ਮਹਿਲਾ ਆਪਣੇ ਰਿਸ਼ਤੇਦਾਰਾਂ ਨੂੰ ਮਿਲਣ ਜਾਂਦੀ ਹੈ ਤਾਂ ਉਸ ਨੂੰ ਤਿੰਨ ਮਹੀਨੇ ਦੀ ਜੇਲ੍ਹ ਹੋ ਸਕਦੀ ਹੈ।

**ਚਰਚਾ 'ਤੇ ਰੋਕ:** ਇਸ ਨਵੇਂ ਕਾਨੂੰਨ 'ਤੇ ਜਨਤਕ ਤੌਰ 'ਤੇ ਚਰਚਾ ਕਰਨਾ ਜਾਂ ਵਿਰੋਧ ਕਰਨਾ ਵੀ ਅਪਰਾਧ ਐਲਾਨ ਦਿੱਤਾ ਗਿਆ ਹੈ।

**ਸ਼੍ਰੇਣੀ ਆਧਾਰਤ ਸਜ਼ਾ:** ਸਮਾਜ ਨੂੰ ਚਾਰ ਵਰਗਾਂ 'ਚ ਵੰਡਿਆ ਗਿਆ ਹੈ, ਅਤੇ ਸਜ਼ਾ ਅਪਰਾਧ ਦੀ ਬਜਾਏ ਵਿਅਕਤੀ ਦੀ ਸਮਾਜਕ ਸਥਿਤੀ (ਜਿਵੇਂ ਧਾਰਮਿਕ ਵਿਦਵਾਨ ਜਾਂ ਆਮ ਨਾਗਰਿਕ) 'ਤੇ ਨਿਰਭਰ ਕਰੇਗੀ।

# ਆਸਟ੍ਰੇਲੀਆ 'ਚ ਸਿੱਖ ਨੌਜਵਾਨ 'ਤੇ ਨਸਲੀ ਹਮਲਾ

ਮੈਲਬੌਰਨ: ਦੁਨੀਆਂ ਭਰ ਦੇ ਲੋਕ ਇੱਕ ਆਲੀਸ਼ੌਨ ਜੀਵਨ ਜਿਊਣ ਲਈ ਬਹੁਤ ਸਾਰਾ ਪੈਸਾ ਕਮਾਉਣ ਦੀ ਇੱਛਾ ਰੱਖਦੇ ਹਨ। ਉਹ ਰੋਜ਼ੀ-ਰੋਟੀ ਕਮਾਉਣ ਲਈ ਵਿਦੇਸ਼ ਵੀ ਜਾਂਦੇ ਹਨ, ਅਤੇ ਨੌਕਰੀਆਂ ਜਾਂ ਕਾਰੋਬਾਰਾਂ ਰਾਹੀਂ ਕਾਫ਼ੀ ਪੈਸਾ ਕਮਾਉਂਦੇ ਹਨ। ਇਸ ਨਾਲ ਉਹ ਆਪਣੀਆਂ ਇੱਛਾਵਾਂ ਪੂਰੀਆਂ ਕਰ ਸਕਦੇ ਹਨ। ਭਾਰਤੀ ਵੀ ਆਪਣਾ ਦੇਸ਼ ਛੱਡ ਕੇ ਵਿਦੇਸ਼ ਜਾਂਦੇ ਹਨ, ਪਰ ਇੱਥੇ ਸਵਾਲ ਇਹ ਵੀ ਉਠਦਾ ਹੈ ਕਿ ਆਖਿਰ ਭਾਰਤੀ ਵਿਦੇਸ਼ਾਂ 'ਚ ਕਿੰਨੇ ਸੁਰੱਖਿਅਤ ਹਨ। ਇਹ ਸਵਾਲ ਇਸ ਲਈ ਵੀ ਉਠਦਾ ਹੈ ਕਿਉਂਕਿ ਹਾਲ ਹੀ 'ਚ ਆਸਟ੍ਰੇਲੀਆ ਦੇ ਸ਼ਹਿਰ ਜਿਲੋਂਗ ਦੇ ਕੋਰੀਓ ਖੇਤਰ 'ਚ ਇੱਕ 22 ਸਾਲਾ ਸਿੱਖ ਨੌਜਵਾਨ ਹਰਮਨਪ੍ਰੀਤ ਸਿੰਘ, ਜੋ ਕਿ ਮੈਡੀਕਲ ਖੇਤਰ 'ਚ ਕੰਮ ਕਰਦਾ ਹੈ, ਉਸ 'ਤੇ ਨਸਲੀ ਹਮਲਾ ਕੀਤਾ ਗਿਆ ਸੀ। ਇਹ ਘਟਨਾ ਇੱਕ ਜਿਮ ਦੇ ਬਾਹਰ ਵਾਪਰੀ ਜਿੱਥੇ ਤਿੰਨ ਵਿਅਕਤੀਆਂ ਨੇ ਉਸ ਨੂੰ ਕਾਫ਼ੀ ਪਰੇਸ਼ਾਨ ਕੀਤਾ ਜਦ ਕਿ ਉਹ ਆਪਣੇ ਕੰਮ ਨਾਲ ਕੰਮ ਰੱਖ ਰਹੇ ਸਨ। ਮੀਡੀਆ ਰਿਪੋਰਟਾਂ ਅਨੁਸਾਰ ਹਰਮਨਪ੍ਰੀਤ ਸਿੰਘ ਕਸਰਤ ਕਰ ਰਿਹਾ ਸੀ ਜਦੋਂ ਤਿੰਨ ਵਿਅਕਤੀਆਂ ਨੇ ਉਸ 'ਤੇ ਹਮਲਾ ਕਰ ਦਿੱਤਾ। ਉਸ ਨੇ ਕਿਹਾ ਕਿ ਜਦੋਂ ਉਹ ਜਿਮ ਤੋਂ ਬਾਹਰ ਗਿਆ ਤਾਂ ਉਹ ਵਿਅਕਤੀ ਬਾਹਰ ਵੀ ਉਸ ਦੀ ਉਡੀਕ ਕਰ ਰਹੇ ਸਨ।

ਇੱਕ ਵੀਡੀਓ 'ਚ ਇੱਕ ਭਾਰੀ ਗੋਰਾ ਆਦਮੀ, ਚਿੱਟੀ ਟੀ-ਸ਼ਰਟ ਅਤੇ ਹਲਕੇ ਪੀਲੇ ਰੰਗ ਦੀ ਪੈਂਟ ਪਹਿਨੇ ਹੋਏ ਹਰਮਨਪ੍ਰੀਤ ਸਿੰਘ ਨੂੰ ਭਾਰਤੀ ਡੌਂਗ ਕਹਿ ਰਿਹਾ ਹੈ, ਅਤੇ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਰ ਰਿਹਾ ਹੈ। ਸਿੰਘ ਨੇ ਦੱਸਿਆ, "ਉਹ ਮੇਰੇ ਬਹੁਤ ਨੇੜੇ ਆਇਆ ਅਤੇ ਫ਼ਿਰ ਪਿੱਛੇ ਹੱਟਿਆ ਅਤੇ ਆਪਣਾ ਸਿਰ ਮੇਰੀ ਨੱਕ 'ਤੇ ਮਾਰਿਆ। ਮੇਰੀ ਨੱਕ 'ਚੋਂ ਤੁਰੰਤ ਖ਼ੂਨ ਵਹਿਣ ਲੱਗ ਪਿਆ।" ਹਮਲੇ ਤੋਂ ਬਾਅਦ ਦੋਸ਼ੀ ਇੱਕ ਸਲੇਟੀ ਰੰਗ ਦੀ ਕਾਰ 'ਚ ਮੌਕੇ ਤੋਂ ਭੱਜ ਗਿਆ। ਸਿੰਘ ਨੂੰ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਅਤੇ ਰਾਤ ਭਰ ਉੱਥੇ ਹੀ ਰਿਹਾ। ਰਿਪੋਰਟਾਂ ਅਨੁਸਾਰ ਉਸ ਨੂੰ ਹੁਣ ਇੱਕ ਮਾਹਿਰ ਡਾਕਟਰ ਨੂੰ ਮਿਲਣਾ ਪਵੇਗਾ ਅਤੇ ਸਰਜਰੀ 'ਤੇ ਵਿਚਾਰ ਕਰਨਾ ਪੈ ਸਕਦਾ ਹੈ। ਇੱਕ ਹਫ਼ਤੇ ਬਾਅਦ ਉਸ ਨੂੰ ਹਸਪਤਾਲ ਤੋਂ ਛੁੱਟੀ ਮਿਲਣ ਦੀ ਉਮੀਦ ਹੈ।

ਹਰਮਨਪ੍ਰੀਤ ਸਿੰਘ ਨੇ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਜਦੋਂ ਉਸ ਨੂੰ ਨਸਲੀ ਟਿੱਪਣੀਆਂ ਦਾ ਸਾਹਮਣਾ ਕਰਨਾ ਪਿਆ ਹੈ, ਪਰ ਇਸ ਘਟਨਾ ਨੇ ਉਸ ਨੂੰ ਮਾਨਸਿਕ ਤੌਰ 'ਤੇ ਪ੍ਰਭਾਵਿਤ ਕੀਤਾ ਹੈ।

ਉਸ ਨੇ ਕਿਹਾ, "ਮੈਂ ਆਪਣੇ ਆਪ ਨੂੰ ਮਜ਼ਬੂਤ ਰੱਖਣ ਅਤੇ ਅਜਿਹੀਆਂ ਚੀਜ਼ਾਂ ਨੂੰ ਨਜ਼ਰਅੰਦਾਜ਼ ਕਰਨ ਦੀ ਕੋਸ਼ਿਸ਼ ਕਰਦਾ ਹਾਂ, ਪਰ ਇਹ ਬਹੁਤ ਦੁਖਦਾਈ ਹੈ।" ਉਸ ਨੇ ਅੱਗੇ ਕਿਹਾ, "ਮੈਨੂੰ ਨਹੀਂ ਪਤਾ ਕਿ ਮੈਂ ਦੁਬਾਰਾ ਉਸੇ ਜਿਮ 'ਚ ਜਾਵਾਂਗਾ ਜਾਂ ਆਪਣਾ ਸਮਾਂ ਬਦਲਾਂਗਾ।

# ਸਿਹਤ ਮੰਤਰੀ ਨੇ ਨਵੇਂ ਚੁਣੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਮੈਂਬਰਾਂ ਨੂੰ ਅਹੁਦੇ ਦੀ ਸਹੁੰ ਚੁਕਾਈ

**➢ ਪਾਰਟੀਬਾਜੀ ਤੋਂ ਉਪਰ ਉਠ ਕੇ ਪਿੰਡਾਂ ਦੇ ਵਿਕਾਸ ਲਈ ਕੰਮ ਕਰਨ ਨਵੇਂ ਚੁਣੇ ਮੈਂਬਰ, ਮਾਨ ਸਰਕਾਰ ਕਰੇਗੀ ਸਹਿਯੋਗ-ਡਾ. ਬਲਬੀਰ ਸਿੰਘ ➢ ਸਿਹਤ ਕਰਾਂਤੀ ਨੂੰ ਅੱਗੇ ਵਧਾਉਂਦੇ ਹੋਏ ਪੰਜਾਬ ਦੇ 2500 ਹੋਰ ਪਿੰਡਾਂ 'ਚ ਭੇਜਾਂਗੇ ਡਾਕਟਰ ਤੇ ਦਵਾਈਆਂ**

**ਪਟਿਆਲਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਜ਼ਿਲ੍ਹੇ ਦੇ ਨਵੇਂ ਚੁਣੇ ਗਏ ਜ਼ਿਲ੍ਹਾ ਪਰਿਸ਼ਦ ਦੇ 23 ਅਤੇ 10 ਬਲਾਕ ਸੰਮਤੀਆਂ ਦੇ 184 ਮੈਂਬਰਾਂ ਨੂੰ ਅਹੁਦੇ ਦੀ ਸਹੁੰ ਚੁਕਾਈ। ਇਸ ਮੌਕੇ ਉਨ੍ਹਾਂ ਦੇ ਨਾਲ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਗੁਰਦੇਵ ਸਿੰਘ ਦੇਵ ਮਾਨ ਤੇ ਗੁਰਲਾਲ ਘਨੌਰ ਸਮੇਤ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਅਤੇ ਏ.ਡੀ.ਸੀ. ਦਿਹਾਤੀ ਵਿਕਾਸ ਦਮਨਜੀਤ ਸਿੰਘ ਮਾਨ ਵੀ ਮੌਜੂਦ ਸਨ। ਉਨ੍ਹਾਂ ਨਵੇਂ ਮੈਂਬਰਾਂ ਨੂੰ ਸੱਦਾ ਦਿੱਤਾ ਕਿ ਉਹ ਲੋਕਾਂ ਵਿੱਚ ਜਾਣ ਤੇ ਸਰਕਾਰ ਦੀਆਂ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪੁੱਜ ਕਰਨ ਸਮੇਤ ਲੋਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਅੱਗੇ ਆਉਣ।



-ਸਿਹਤ ਮੰਤਰੀ ਡਾ. ਬਲਬੀਰ ਸਿੰਘ ਜ਼ਿਲ੍ਹਾ ਪਰਿਸ਼ਦ ਤੇ ਬਲਾਕ ਸੰਮਤੀਆਂ ਦੇ ਨਵੇਂ ਚੁਣੇ ਮੈਂਬਰਾਂ ਨੂੰ ਸਹੁੰ ਚੁਕਾਉਂਦੇ ਹੋਏ। ਉਨ੍ਹਾਂ ਦੇ ਨਾਲ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਗੁਰਲਾਲ ਘਨੌਰ, ਗੁਰਦੇਵ ਸਿੰਘ ਦੇਵ ਮਾਨ ਤੇ ਰਣਜੋਧ ਸਿੰਘ ਹਡਾਣਾ ਤੇ ਏ.ਡੀ.ਸੀ ਦਮਨਜੀਤ ਸਿੰਘ ਮਾਨ ਵੀ ਨਜ਼ਰ ਆ ਰਹੇ ਹਨ। ਫ਼ੋਟੋ : ਮਨੀਸ਼ ਸ਼ਰਮਾ

ਪੰਜਾਬੀ ਯੂਨੀਵਰਸਿਟੀ ਦੇ ਗੁਰੂ ਤੇਗ ਬਹਾਦਰ ਹਾਲ ਵਿਖੇ ਹੋਏ ਸਮਾਰੋਹ ਮੌਕੇ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਨਵੇਂ ਚੁਣੇ ਮੈਂਬਰਾਂ ਨੂੰ ਮੁਬਾਰਬਾਦ ਦਿੰਦਿਆਂ ਕਿਹਾ ਕਿ ਹੁਣ ਸਾਰੇ ਮੈਂਬਰ, ਭਾਵੇਂ ਕਿਸੇ ਵੀ ਪਾਰਟੀ ਨਾਲ ਸਬੰਧਤ ਹੋਣ ਉਨ੍ਹਾਂ ਲਈ ਹੁਣ ਪਾਰਟੀਬਾਜੀ ਤੋਂ ਉਪਰ ਉਠ ਕੇ ਪਿੰਡਾਂ ਦਾ ਵਿਕਾਸ ਤਰਜੀਹ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੰਵਿਧਾਨ ਦੀ 73ਵੀਂ ਸੋਧ ਨਾਲ ਮਿਲੀ ਤਾਕਤ ਸਦਕਾ ਬਲਾਕ ਸੰਮਤੀ ਤੇ ਜ਼ਿਲ੍ਹਾ ਪਰਿਸ਼ਦ ਮੈਂਬਰਾਂ ਕੋਲ 30 ਫੀਸਦੀ ਵਿਕਾਸ ਦੇ ਫੰਡ ਆਉਂਦੇ ਹਨ, ਜਿਸ ਲਈ ਕੋਈ ਵੀ ਮੈਂਬਰ ਆਪਣੇ ਪਿੰਡਾਂ ਦੇ ਵਿਕਾਸ ਲਈ ਤਜਵੀਜ਼ ਲੈ ਕੇ ਆਵੇਗਾ, ਉਸ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਹਰ ਪੱਖੋਂ ਸਹਿਯੋਗ ਦਿੱਤਾ ਜਾਵੇਗਾ।

ਸਿਹਤ ਮੰਤਰੀ ਨੇ ਦੱਸਿਆ ਕਿ ਸਿਹਤ ਕਰਾਂਤੀ ਨੂੰ ਅੱਗੇ ਵਧਾਉਂਦਿਆਂ ਪੰਜਾਬ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਸੂਬੇ ਦੇ 2500 ਹੋਰ ਪਿੰਡਾਂ ਵਿੱਚ ਡਾਕਟਰ ਤੇ ਦਵਾਈਆਂ ਭੇਜੀਆਂ ਜਾਣ, ਜਿਸ ਲਈ ਇਨ੍ਹਾਂ ਪਿੰਡਾਂ ਦੀ ਚੋਣ ਕਰ ਲਈ ਗਈ ਹੈ, ਜਦਕਿ ਸਰਕਾਰ ਨੇ ਰਾਜ ਦੇ 65 ਲੱਖ ਪਰਿਵਾਰਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਪਹਿਲਾਂ ਹੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਲੋੜਵੰਦ ਲੋਕਾਂ ਦੀ ਸਾਰ ਲੈਂਦਿਆਂ ਉਨ੍ਹਾਂ ਨੂੰ ਕਣਕ ਦੇ ਨਾਲ ਚੀਨੀ, ਹਲਦੀ, ਤੇਲ ਤੇ ਦਾਲਾਂ ਵੀ ਦੇਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀਆਂ ਸਹਿਕਾਰੀ ਖੰਡ ਮਿੱਲਾਂ ਚਲਾ ਕੇ ਚੀਨੀ ਵੀ ਪੰਜਾਬ 'ਚ ਪੈਦਾ ਕੀਤੀ ਜਾਵੇਗੀ ਤੇ ਦਾਲਾਂ ਤੇ

**ਤੇਲ ਬੀਜਾਂ ਦੀ ਪੈਦਾਵਾਰ ਵੀ ਸੂਬੇ ਵਿੱਚ ਹੀ ਵਧਾਈ ਜਾਵੇਗੀ**

ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਗੁਰਲਾਲ ਘਨੌਰ, ਗੁਰਦੇਵ ਸਿੰਘ ਦੇਵ ਮਾਨ ਤੇ ਰਣਜੋਧ ਸਿੰਘ ਹਡਾਣਾ ਨੇ ਵੀ ਸਾਰੇ ਨਵੇਂ ਚੁਣੇ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਾਰੇ ਹਲਕਿਆਂ ਤੇ ਪਿੰਡਾਂ ਸ਼ਹਿਰਾਂ ਦਾ ਬਿਨ੍ਹਾਂ ਵਿਤਕਰੇ ਤੋਂ ਵਿਕਾਸ ਕਰ ਰਹੀ ਹੈ, ਜਿਸ ਲਈ ਸਾਰੇ ਮੈਂਬਰ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਤੱਕ ਲੈ ਕੇ ਜਾਣ ਨੂੰ ਤਰਜੀਹ ਦੇਣ ਏ.ਡੀ.ਸੀ. ਦਮਨਜੀਤ ਸਿੰਘ ਮਾਨ ਨੇ ਸਵਾਗਤ ਕਰਦਿਆਂ ਭਰੋਸਾ ਦਿੱਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਹੇਠ ਜ਼ਿਲ੍ਹਾ ਪਰਿਸ਼ਦ ਤੇ ਬਲਾਕ ਸੰਮਤੀਆਂ ਦੇ ਮੈਂਬਰਾਂ ਨੂੰ ਹਰ ਪੱਖੋਂ ਸਹਿਯੋਗ ਕਰੇਗਾ। ਇਸ ਮੌਕੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ, ਚੇਅਰਮੈਨ ਬਲਾਕ ਸੰਮਤੀ ਸਮਾਣਾ ਬਲਕਾਰ ਸਿੰਘ ਗੱਜੂਮਾਜਰਾ, ਜ਼ਿਲ੍ਹਾ ਪਰਿਸ਼ਦ ਦੇ ਡਿਪਟੀ ਸੀਈਓ ਅਮਨਦੀਪ ਕੌਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਮਹਿੰਦਰਜੀਤ ਸਿੰਘ ਸਮੇਤ ਸਾਰੇ ਬੀ.ਡੀ.ਪੀ.ਓਜ਼ ਤੇ ਹੋਰ ਪਤਵੰਤੇ ਮੌਜੂਦ ਸਨ।

# ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲਾ: ਸਕੂਲਾਂ ਤੇ ਕਾਲਜਾਂ ਦੇ ਸੱਭਿਆਚਾਰਕ ਮੁਕਾਬਲੇ



**ਪਟਿਆਲਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਸ਼ੀਸ ਮਹਿਲ ਵਿਖੇ ਪੰਜਾਬ ਸਰਕਾਰ ਦੀ ਅਗਵਾਈ 'ਚ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਸ੍ਰੀ ਵਰਜੀਤ ਵਾਲੀਆ ਦੀ ਸਰਪ੍ਰਸਤੀ 'ਚ ਲਗਾਏ ਜਾ ਰਹੇ ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲੇ ਦੌਰਾਨ ਅੱਜ ਕਾਲਜਾਂ ਦੇ ਵਿਦਿਆਰਥੀਆਂ ਦੇ ਸਿੱਠਣੀਆਂ, ਮਹਿੰਦੀ ਤੇ ਲੰਬੀ ਹੇਕ ਵਾਲੇ ਗੀਤਾਂ ਦੇ ਮੁਕਾਬਲੇ ਕਰਵਾਏ ਗਏ। ਵਧੀਕ ਡਿਪਟੀ ਕਮਿਸ਼ਨਰ ਕਮ ਮੇਲਾ ਅਫ਼ਸਰ ਦਮਨਜੀਤ ਸਿੰਘ ਮਾਨ, ਸਹਾਇਕ ਮੇਲਾ ਅਫ਼ਸਰ ਨਮਨ ਮੜਕਨ ਐਸ.ਡੀ.ਐਮ. ਰਾਜਪੁਰਾ ਤੇ ਅਸ਼ੋਕ ਕੁਮਾਰ ਐਸ.ਡੀ.ਐਮ. ਪਾਤੜਾ ਦੀ ਦੇਖ-ਰੇਖ 'ਚ ਹੋਏ ਇਨ੍ਹਾਂ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ। ਵੱਖ-ਵੱਖ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਪ੍ਰਦਰਸ਼ਨੀ (ਗੈਸਟ ਆਈਟਮ) ਦੇ ਤੌਰ 'ਤੇ ਸੱਭਿਆਚਾਰਕ ਪੇਸ਼ਕਾਰੀਆਂ ਕੀਤੀਆਂ। ਜੇਤੂਆਂ ਨੂੰ ਇਨਾਮ ਵੰਡਣ ਦੀ ਰਸਮ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ਼ਾਇਨਾ ਕਪੂਰ, ਬਾਲ ਸੁਰੱਖਿਆ ਅਫ਼ਸਰ ਰੂਪਵੰਤ ਕੌਰ, ਲੀਗਲ ਸੰਪਰਵੇਸ਼ਨ ਅਫ਼ਸਰ ਰਣਜੀਤ ਕੌਰ, ਡਾ. ਪ੍ਰਭਸ਼ਰਨ ਕੌਰ, ਪੰਜਾਬੀ ਯੂਨੀਵਰਸਿਟੀ ਦੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਭੀਮਇੰਦਰ ਸਿੰਘ, ਡਾ. ਰਾਜਵੰਤ ਕੌਰ, ਡਾ. ਦਰਸ਼ਨ ਸਿੰਘ ਆਸ਼ਟ, ਪ੍ਰੋ, ਅਜੇ ਵਰਮਾ, ਡਾ. ਨਰਿੰਦਰ ਸਿੰਘ ਤੇਜਾ ਤੇ ਭਾਸ਼ਾ ਵਿਭਾਗ ਪੰਜਾਬ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਅਦਾ ਕੀਤੀ।

ਸਕੂਲ ਪੱਧਰ ਦੇ ਮਹਿੰਦੀ ਲਗਾਉਣ ਮੁਕਾਬਲਿਆਂ ਸਪਨਾ ਸਰਕਾਰੀ ਸੈਕੰਡਰੀ ਸਕੂਲ ਓਲਡ ਪੁਲਿਸ ਲਾਈਨਜ਼ ਪਹਿਲੇ, ਚਾਂਦਨੀ ਓਲਡ ਪੁਲਿਸ ਲਾਈਨਜ਼ ਸਕੂਲ ਤੇ ਲਕਸ਼ਮੀ ਬੀ.ਐਨ. ਖਾਲਸਾ ਸੀਨੀਅਰ ਸੈਕੰਡਰੀ ਸਕੂਲ ਸਾਂਝੇ ਤੌਰ 'ਤੇ ਦੂਸਰੇ, ਨਵਦੀਪ ਕੌਰ ਸਰਕਾਰੀ ਸੈਕੰਡਰੀ ਸਕੂਲ (ਲੜਕੀਆਂ) ਸਨੌਰ ਤੇ ਸ਼ਿਵਾਨੀ ਸਿਵਲ ਲਾਈਨਜ਼ ਪਟਿਆਲਾ ਤੀਸਰੇ ਸਥਾਨ 'ਤੇ ਰਹੀਆਂ। ਕਾਲਜ ਪੱਧਰ ਦੇ ਮਹਿੰਦੀ ਮੁਕਾਬਲਿਆਂ 'ਚ ਲਲਿਤਾ ਸਰਕਾਰੀ ਬਹੁਤਕਨੀਕੀ ਕਾਲਜ ਪਟਿਆਲਾ ਪਹਿਲੇ, ਸਿਮਰਨਪ੍ਰੀਤ ਕੌਰ ਮਹਿੰਦਰਾ ਕਾਲਜ ਪਟਿਆਲਾ ਦੂਸਰੇ, ਪ੍ਰੀਤੀ ਕੁਮਾਰੀ ਮਹਿੰਦਰਾ ਕਾਲਜ ਤੇ ਜਸਵੀਰ ਕੌਰ ਸਰਕਾਰੀ ਬਹੁਤਕਨੀਕੀ ਕਾਲਜ ਪਟਿਆਲਾ ਸਾਂਝੇ ਤੌਰ 'ਤੇ ਤੀਸਰੇ ਸਥਾਨ 'ਤੇ ਰਹੀਆਂ। ਇਨ੍ਹਾਂ ਮੁਕਾਬਲਿਆਂ ਦੀ ਜੱਜਮੈਂਟ ਡਾ. ਮਨਿੰਦਰ ਕੌਰ, ਡਾ. ਪਰਮੀਤ ਕੌਰ ਤੇ ਡਾ. ਗੁਰਪ੍ਰੀਤ ਕੌਰ ਨੇ ਅਦਾ ਕੀਤੀ।

ਸਿੱਠਣੀਆਂ 'ਚ ਸਰਕਾਰੀ ਕਾਲਜ (ਲੜਕੀਆਂ) ਪਟਿਆਲਾ ਦੀ ਟੀਮ ਅੱਵਲ ਰਹੀ। ਲੰਬੀ ਹੇਕ ਵਾਲੇ ਗੀਤਾਂ ਦੇ ਮੁਕਾਬਲਿਆਂ 'ਚ ਸਰਕਾਰੀ ਸਟੇਟ ਕਾਲਜ ਆਫ਼ ਐਜੂਕੇਸ਼ਨ ਪਟਿਆਲਾ ਦੀ ਟੀਮ ਪਹਿਲੇ, ਪਬਲਿਕ ਕਾਲਜ ਸਮਾਣਾ ਦੂਸਰੇ ਤੇ ਸਰਕਾਰੀ ਕਾਲਜ ਲੜਕੀਆਂ ਪਟਿਆਲਾ ਦੀ ਟੀਮ ਤੀਸਰੇ ਸਥਾਨ 'ਤੇ ਰਹੀ। ਇਨ੍ਹਾਂ ਮੁਕਾਬਲਿਆਂ ਦੀ ਜੱਜਮੈਂਟ ਡਾ. ਪ੍ਰਭਸ਼ਰਨ ਕੌਰ ਸਿੱਧੂ, ਡਾ. ਰਾਜਵੰਤ ਕੌਰ ਪੰਜਾਬੀ ਤੇ ਡਾ. ਦਰਸ਼ਨ ਸਿੰਘ ਆਸ਼ਟ ਨੇ ਅਦਾ ਕੀਤੀ। ਸ੍ਰੀਮਤੀ ਰੂਪਵੰਤ ਕੌਰ ਦੀ ਨਿਗਰਾਨੀ ਹੇਠ ਸਮਾਗਮ ਦਾ ਮੰਚ ਸੰਚਾਲਨ ਡਾ. ਸੁਖਦਰਸ਼ਨ ਸਿੰਘ ਚਹਿਲ ਤੇ ਡਾ. ਨਰਿੰਦਰ ਸਿੰਘ ਤੇਜਾ ਨੇ ਬਾਖੂਬੀ ਕੀਤਾ। ਇਸ ਮੌਕੇ ਪ੍ਰਿੰ. ਕਰਮਜੀਤ ਕੌਰ, ਹੈਡਮਿਸਟ੍ਰੈਸ ਰਪਿੰਦਰ ਗਰੇਵਾਲ, ਮਾ. ਕੁਲਦੀਪ ਸਿੰਘ, ਲਖਵਿੰਦਰ ਸਿੰਘ, ਭਾਵਨਾ ਸ਼ਰਮਾ, ਰੁਪਿੰਦਰ ਕੌਰ, ਰੀਨਾ ਅਤੇ ਸਮੇਤ ਵੱਖ-ਵੱਖ ਵਿਭਾਗਾਂ ਦੀਆਂ ਟੀਮਾਂ ਨੇ ਸਮਾਗਮ ਦੀ ਸਫ਼ਲਤਾ ਲਈ ਯੋਗਦਾਨ ਪਾਇਆ।

# ਮੇਰਾ ਪਟਿਆਲਾ ਮੈਂ ਹੀ ਸਵਾਰਾਂ ਟੀਮ ਨੂੰ ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲੇ 'ਚ ਭਰਵਾਂ ਹੁੰਗਾਰਾ

## 8000 ਲੋਕਾਂ ਵੱਲੋਂ ਖੁੱਲ੍ਹੇ 'ਚ ਕੂੜਾ ਨਾ ਸੁੱਟਣ ਤੇ ਪਟਿਆਲਾ ਨੂੰ ਸਾਫ਼ ਸੁਥਰਾ ਰੱਖਣ ਲਈ ਪ੍ਰਣ ਕਰਨ ਦੇ ਦਸਤਖ਼ਤ




**ਪਟਿਆਲਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਸ਼ਹਿਰ ਵਿੱਚ ਪਲਾਸਟਿਕ ਦੇ ਲਿਫ਼ਾਫੇ ਚੁੱਕ ਕੇ ਸੜਕਾਂ ਤੇ ਹੋਰ ਆਲੇ ਦੁਆਲੇ ਨੂੰ ਸਾਫ਼-ਸੁਥਰਾ ਕਰਨ ਲਈ ਲੱਗੇ ਪਟਿਆਲਵੀਆਂ ਦੀ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਮੁਹਿੰਮ ਦੇ ਵਾਰੀਅਰਜ਼ ਵੱਲੋਂ ਇੱਥੇ ਸ਼ੀਸ਼ ਮਹਿਲ ਵਿਖੇ ਸਖੀ ਸ਼ਕਤੀ ਕਰਾਫ਼ਟ ਮੇਲੇ ਵਿੱਚ ਦਰਸ਼ਕਾਂ ਨੂੰ ਪਟਿਆਲਾ ਸ਼ਹਿਰ ਨੂੰ ਸਾਫ਼ ਸੁਥਰਾ ਬਣਾਉਣ, ਖੁੱਲ੍ਹੇ 'ਚ ਕੂੜਾ ਸੁੱਟਣ ਤੇ ਪਲਾਸਟਿਕ ਮੁਕਤ ਕਰਨ ਲਈ ਪ੍ਰਣ ਕਰਵਾਇਆ ਜਾ ਰਿਹਾ ਹੈ। 21 ਫਰਵਰੀ ਤੋਂ ਮੇਲੇ ਦੀ ਸ਼ੁਰੂਆਤ ਤੋਂ ਲੈਕੇ ਸ਼ੁੱਕਰਵਾਰ ਦੀ ਸ਼ਾਮ ਤੱਕ ਕਰੀਬ 8000 ਲੋਕਾਂ ਨੇ ਆਪਣੇ ਦਸਤਖ਼ਤ ਕਰਕੇ ਪਟਿਆਲਾ ਨੂੰ ਖੁੱਲ੍ਹੇ 'ਚ ਕੂੜਾ ਸੁੱਟਣ ਅਤੇ ਪਲਾਸਟਿਕ ਦੇ ਕੂੜੇ ਤੋਂ ਰਹਿਤ ਕਰਨ ਦਾ ਪ੍ਰਣ ਕੀਤਾ ਹੈ।

ਮੇਲੇ ਦਾ ਉਦਘਾਟਨ ਕਰਨ ਪੁੱਜੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਸਮੇਤ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਏ.ਡੀ.ਸੀ. ਤੇ ਨੋਡਲ ਅਫ਼ਸਰ ਦਮਨਜੀਤ ਸਿੰਘ ਮਾਨ ਸਮੇਤ ਵੱਡੀ ਗਿਣਤੀ ਦਰਸ਼ਕਾਂ ਨੇ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਮੁਹਿੰਮ ਦੇ ਵਾਰੀਅਰਜ਼ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਪਟਿਆਲਵੀਆਂ ਵੱਲੋਂ ਆਪਣੇ ਸ਼ਹਿਰ ਨੂੰ ਸਾਫ਼ ਸੁਥਰਾ ਬਣਾਉਣ ਲਈ ਅੱਗੇ ਆਉਣਾ ਬਹੁਤ ਹੀ ਨੇਕ ਕਾਰਜ ਹੈ, ਜਿਸ ਲਈ ਸਾਰੇ ਵਸਨੀਕਾਂ ਨੂੰ ਇਸ ਮੁਹਿੰਮ ਦਾ ਸਾਥ ਦੇਣਾ ਚਾਹੀਦਾ ਹੈ।

ਲੋਕਾਂ ਤੋਂ ਪਟਿਆਲਾ ਨੂੰ ਸਾਫ਼ ਸੁਥਰਾ ਰੱਖਣ ਲਈ ਪ੍ਰਣ ਕਰਵਾ ਰਹੇ ਐਚ.ਪੀ.ਐਸ ਲਾਂਬਾ, ਕਰਨਲ ਕਰਮਿੰਦਰ ਸਿੰਘ, ਕਰਨਲ ਸੰਜੀਵ ਸਲਵਾਨ, ਐਸ.ਸੀ. ਮੱਕੜ, ਕੈਪਟਨ ਸੁਖਜੀਤ ਕੌਰ, ਸਿਮਰਨ ਹਰੀਕਾ, ਜਸਪ੍ਰੀਤ ਲੂਥਰਾ, ਰਕੇਸ਼ ਕੱਦ, ਪ੍ਰਵੇਸ਼ ਮੰਗਲਾ, ਨੀਤੂ ਚੋਪੜਾ, ਸਾਕਸ਼ੀ ਗੋਇਲ, ਰਾਣਾ ਫੂਲਕਾ, ਰਵੀ ਚਾਵਲਾ, ਅਜੀਤਪਾਲ ਸਿੰਘ ਗਿੱਲ, ਉਪਿੰਦਰ ਸ਼ਰਮਾ, ਜਸਵੀਰ ਸਿੰਘ, ਆਸ਼ੂ ਕਥੂਰੀਆ, ਰਣਵਿਜੇ ਸਿੰਘ ਗਿੱਲ, ਨਵਰੀਤ, ਅਮਨ ਸੰਧੂ, ਗੁਰਪ੍ਰੀਤ ਦੂਲਟ, ਵਰੁਣ ਕੌਸ਼ਲ, ਗਰਿਮਾ ਸਮੇਤ ਹੋਰ ਵਾਰੀਅਰਜ਼ ਨੇ ਦੱਸਿਆ ਕਿ ਉਨ੍ਹਾਂ ਨੇ 20 ਸਤੰਬਰ ਤੋਂ ਸ਼ੁਰੂ ਕੀਤੀ ਮੁਹਿੰਮ ਦੌਰਾਨ 45 ਦੇ ਕਰੀਬ ਡਰਾਇਵਾਂ ਚਲਾ ਕੇ ਹੁਣ ਤੱਕ ਕਈ ਟਨ ਕੂੜਾ ਤੇ ਪਲਾਸਟਿਕ ਇਕੱਠਾ ਕੀਤਾ ਹੈ।

ਉਨ੍ਹਾਂ ਕਿਹਾ ਕਿ ਸਖੀ ਸ਼ਕਤੀ ਕਰਾਫ਼ਟ ਮੇਲਾ ਇੱਕ ਵੱਡਾ ਮੰਚ ਸਾਬਤ ਹੋਇਆ ਹੈ ਅਤੇ ਇੱਥੇ ਆਉਣ ਵਾਲੇ ਦਰਸ਼ਕਾਂ ਨੂੰ ਉਹ ਪਟਿਆਲਾ ਨੂੰ ਸਾਫ਼ ਸੁਥਰਾ ਰੱਖਣ ਲਈ ਪ੍ਰੇਰਿਤ ਕਰ ਰਹੇ ਹਨ।

# ਸ਼ੀਸ਼ ਮਹਿਲ ਦੇ ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲੇ 'ਚ ਲਜ਼ੀਜ਼ ਪਕਵਾਨਾਂ ਨੇ ਦਰਸ਼ਕ ਮੋਹੇ



**ਪਟਿਆਲਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਵਿਰਾਸਤੀ ਇਮਾਰਤ ਸ਼ੀਸ਼ ਮਹਿਲ ਵਿਖੇ 2 ਮਾਰਚ ਤੱਕ ਚੱਲਣ ਵਾਲੇ ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲੇ ਵਿੱਚ ਲੱਗੀਆਂ ਵੱਖ-ਵੱਖ ਲਜ਼ੀਜ਼ ਪਕਵਾਨਾਂ ਦੀਆਂ ਸਟਾਲਾਂ ਨੇ ਦਰਸ਼ਕਾਂ ਨੂੰ ਮੋਹ ਲਿਆ ਹੈ। ਪਟਿਆਲਵੀ ਇੱਥੇ ਸਥਾਨਕ ਸ਼ਹਿਰ, ਦਿੱਲੀ, ਬੰਬੇ, ਹਿਮਾਚਲੀ ਫੂਡ ਸਮੇਤ ਰਾਜਸਥਾਨ ਤੇ ਹੋਰ ਸ਼ਹਿਰਾਂ ਤੋਂ ਆਏ ਪਕਵਾਨ ਇੱਥੇ ਪੁੱਜਣ ਵਾਲਿਆਂ ਦੇ ਮੂੰਹ ਵਿੱਚ ਪਾਣੀ ਲੈ ਆਉਂਦੇ ਹਨ ਤੇ ਲਜ਼ੀਜ਼ ਖਾਣਾ ਕੇ ਮੇਲੀ ਆਪਣੀਆਂ ਉਂਗਲਾਂ ਚੱਟਣ ਲਈ ਮਜ਼ਬੂਰ ਹੋ ਜਾਂਦੇ ਹਨ।

ਇਸ ਮੇਲੇ ਦੇ ਨੋਡਲ ਅਫ਼ਸਰ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਦਮਨਜੀਤ ਸਿੰਘ ਮਾਨ ਨੇ ਦੱਸਿਆ ਕਿ ਪਟਿਆਲਾ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਹੇਠ ਲੱਗੇ ਕਰਾਫ਼ਟ ਮੇਲੇ ਵਿੱਚ ਦੇਸੀ ਘਿਉ ਦੇ ਸ਼ੁੱਧ ਪਕਵਾਨ ਦਰਸ਼ਕਾਂ ਨੂੰ ਮੋਹਦੇ ਹਨ। ਉਨ੍ਹਾਂ ਕਿਹਾ ਕਿ ਭਾਂਤ-ਭਾਂਤ ਦੇ ਪਦਾਰਥ ਖਾਣ-ਪੀਣ ਲਈ ਇੱਥੇ ਦਰਸ਼ਕਾਂ ਦੇ ਬੈਠਣ ਲਈ ਵਿਸ਼ੇਸ਼ ਪ੍ਰਬੰਧ ਵੀ ਕੀਤੇ ਗਏ ਹਨ। ਇਸ ਤੋਂ ਬਿਨ੍ਹਾਂ ਸਾਫ਼-ਸਫ਼ਾਈ ਤੇ ਭੋਜਨ ਦੀ ਸ਼ੁੱਧਤਾ ਬਰਕਰਾਰ ਰੱਖਣ ਲਈ ਸਮੂਹ ਸਟਾਲਾਂ ਨੂੰ ਵਿਸ਼ੇਸ਼ ਨਿਰਦਸ਼ ਦਿੱਤੇ ਗਏ ਹਨ।

ਇੱਥੇ ਭੇਲ ਪੂਰੀ, ਅਮਰੀਕਨ ਭੁੱਟਾ ਛੱਲੀ, ਸ਼ੇਰੇ ਪੰਜਾਬ ਢਾਬਾ, ਅੰਮ੍ਰਿਤਸਰੀ ਪੰਜਾਬੀ ਢਾਬਾ, ਛੋਲੇ ਭਟੂਰੇ, ਸਿਕਮ-ਚਾਈਨੀਜ਼-ਮੋਮੋਜ-ਨਿਊਡਲਜ਼ ਦਾ ਕੰਬੋ, ਅੰਨਾ ਡੋਸਾ ਫਰਾਮ ਮੁੰਬਈ, ਅੰਮ੍ਰਿਤਸਰੀ ਨਾਨ੍ਹ ਕੁਲਚਾ, ਹਿਮਾਚਲੀ ਫੂਡ, ਭੈਣੀ ਸਾਹਿਬ ਦੀ ਆਈਸ ਕਰੀਮ, ਰਾਜਸਥਾਨੀ ਫੂੜ, ਮਾਰਵਾੜੀ ਕੇਸਰੀ, ਪੁਰਵਾਂਚਲ ਕਾ ਲਿੱਟੀ ਚੋਖਾ, ਦਿੱਲੀ ਚਾਟ ਭੰਡਾਰ, ਮਸ਼ਹੂਰ ਮੂੰਗ ਦਾਲ ਪਨੀਰ ਚਿੱਲਾ, ਬੰਬੇ ਚੌਪਾਟੀ ਫੂਡ ਆਈਸਕ੍ਰੀਮ ਰੋਲਰ, ਸਾਊਥ ਇੰਡੀਅਨ ਫੂਡ-ਡੋਸਾ ਆਦਿ, ਪੀਜ਼ਾ ਕਾਰਨਰ, ਕੁੱਲ੍ਹੜ ਚਾਹ, ਕਾਫ਼ੀ, ਜੂਸ, ਮਿਸਟਰ ਮੈਂਗੋ, ਕਲਕੱਤਾ ਰੋਲ, ਬੰਬੇ ਸਨੈਕਸ ਕਾਰਨਰ, ਹਰਿਆਣਾ ਦੀਆਂ ਜਲੇਬੀਆਂ, ਬੰਬੇ ਸਟਰੀਟ ਫੂਡ, ਰਾਜਸਥਾਨੀ ਭੋਜਨ-ਦਾਲ ਬਾਟੀ ਚੂਰਮਾ, ਕੋਲਡ ਡਰਿੰਕਸ, ਬਰਗਰ, ਪਾਸਤਾ ਆਦਿ ਸਵਾਦਲੇ ਭੋਜਨ ਦਰਸ਼ਕਾਂ ਨੂੰ ਖਿੱਚ ਰਹੇ ਹਨ। ਇਹ ਲਜ਼ੀਜ਼ ਪਕਵਾਨ ਨੌਜਵਾਨਾਂ ਤੇ ਬੱਚਿਆਂ ਸਮੇਤ ਹਰ ਵਰਗ ਦੇ ਲੋਕਾਂ ਨੂੰ ਵੱਖ-ਵੱਖ ਤਰ੍ਹਾਂ ਦਾ ਖਾਣਾ ਖਾਣ ਲਈ ਮਜ਼ਬੂਰ ਕਰ ਰਹੇ ਹਨ।

# ਮੁੱਖ ਮੰਤਰੀ ਤੀਰਥ ਯਾਤਰਾ ਸ਼ਰਧਾਲੂਆਂ ਲਈ ਵਰਦਾਨ : ਡਾ ਬਲਬੀਰ ਸਿੰਘ

**ਵਪਾਰੀਆਂ ਦੀਆਂ ਮੰਗਾਂ ਜਾਇਜ਼, ਤਰਜੀਹੀ ਅਧਾਰ 'ਤੇ ਹੱਲ ਹੋਣਗੇ: ਡਾ. ਬਲਬੀਰ ਸਿੰਘ**

**ਪਟਿਆਲਾ, 2 ਮਾਰਚ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ ਬਲਬੀਰ ਸਿੰਘ ਵੱਲੋਂ ਪਟਿਆਲਾ ਦਿਹਾਤੀ ਦੇ ਪਿੰਡ ਸਿੰਬੜੋ ਤੋਂ ਸੰਗਤ ਨੂੰ ਪਵਿੱਤਰ ਧਰਤੀ ਸ੍ਰੀ ਦਰਬਾਰ ਸਾਹਿਬ ਜੀ ਦੇ ਦਰਸ਼ਨਾਂ ਲਈ ਬੱਸ ਰਵਾਨਾ ਕੀਤੀ ਗਈ। ਇਸ ਮੌਕੇ ਉਨ੍ਹਾਂ ਸੰਗਤ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਸੁਖਮਈ ਅਤੇ ਸੁਰੱਖਿਅਤ ਯਾਤਰਾ ਲਈ ਅਰਦਾਸ ਕੀਤੀ।ਓਹਨਾ ਦਸਿਆ ਕਿ ਇਹ ਯਾਤਰੀ ਅੰਮ੍ਰਿਤਸਰ ਵਿਖੇ ਸਥਿਤ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਦੁਰਗਿਆਣਾ ਮੰਦਿਰ ਵਿਖੇ ਮੱਥਾ ਟੇਕਣਗੇ। ਮੰਤਰੀ ਨੇ ਕਿਹਾ ਕਿ ਇਹ ਯਾਤਰਾ ਸਿਰਫ ਧਾਰਮਿਕ ਹੀ ਨਹੀਂ ਸਗੋਂ ਸਮਾਜਿਕ ਏਕਤਾ ਅਤੇ ਸਾਂਝੇਪਣ ਦੀ ਮਜ਼ਬੂਤੀ ਦਾ ਪ੍ਰਤੀਕ ਵੀ ਹੈ।

ਇਸ ਉਪਰੰਤ ਸਿਹਤ ਮੰਤਰੀ ਨੇ ਤ੍ਰਿਪੜੀ ਵਿੱਚ ਕੋਹਲੀ ਸਵੀਟ ਵਿਖੇ ਮਾਰਕੀਟ ਐਸੋਸੀਏਸ਼ਨ ਦੇ ਵਪਾਰੀਆਂ ਨਾਲ ਵਿਸਥਾਰਪੂਰਵਕ ਮੀਟਿੰਗ ਕੀਤੀ। ਇਸ ਦੌਰਾਨ ਦੁਕਾਨਦਾਰਾਂ ਨੇ ਖੇਤਰ ਨਾਲ ਜੁੜੀਆਂ ਸਮਸਿਆਵਾਂ ਬਾਰੇ ਖੁੱਲ੍ਹ ਕੇ ਚਰਚਾ ਕੀਤੀ। ਡਾ. ਬਲਬੀਰ ਸਿੰਘ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਵਪਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਗੰਭੀਰਤਾ ਨਾਲ ਵੇਖ ਰਹੀ ਹੈ ਅਤੇ ਸਮੱਸਿਆਵਾਂ ਦਾ ਹੱਲ ਤਰਜੀਹੀ ਅਧਾਰ 'ਤੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਤ੍ਰਿਪੜੀ ਖੇਤਰ ਵਿੱਚ ਸੀਵਰੇਜ ਅਤੇ ਸੜਕਾਂ ਦੇ ਵਿਕਾਸ ਕਾਰਜ ਪਹਿਲ ਦੇ ਅਧਾਰ 'ਤੇ ਕਰਵਾਏ ਜਾ ਰਹੇ ਹਨ। ਬੁਨਿਆਦੀ ਢਾਂਚੇ ਦੀ ਮਜ਼ਬੂਤੀ ਨਾਲ ਨਾ ਸਿਰਫ ਵਪਾਰ ਨੂੰ ਬਲ ਮਿਲੇਗਾ, ਸਗੋਂ ਆਮ ਲੋਕਾਂ ਨੂੰ ਵੀ ਸੁਵਿਧਾਵਾਂ ਪ੍ਰਾਪਤ ਹੋਣਗੀਆਂ। ਮੰਤਰੀ ਨੇ ਸੰਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਚੱਲ ਰਹੇ ਕੰਮਾਂ ਦੀ ਗੁਣਵੱਤਾ ਅਤੇ ਸਮੇਂ-ਬੱਧ ਪੂਰਾ ਹੋਣਾ ਯਕੀਨੀ ਬਣਾਇਆ ਜਾਵੇ।

ਇਸ ਤੋਂ ਇਲਾਵਾ ਡਾ. ਬਲਬੀਰ ਸਿੰਘ ਨੇ ਵਾਰਡ ਨੰਬਰ 6 ਵਿੱਚ ਤਿਕੋਣੇ ਪਾਰਕ ਦੇ ਨਵੀਨੀਕਰਨ ਅਤੇ ਸੁੰਦਰੀਕਰਨ ਦੇ ਕੰਮ ਦੀ ਸ਼ੁਰੂਆਤ ਵੀ ਕੀਤੀ। ਉਨ੍ਹਾਂ ਕਿਹਾ ਕਿ ਸ਼ਹਿਰੀ ਖੇਤਰਾਂ ਵਿੱਚ ਹਰਿਆਵਲ ਅਤੇ ਸਾਫ-ਸੁਥਰਾ ਵਾਤਾਵਰਣ ਯਕੀਨੀ ਬਣਾਉਣਾ ਸਰਕਾਰ ਦੀ ਪਹਿਲ ਹੈ। ਪਾਰਕ ਦੇ ਵਿਕਾਸ ਨਾਲ ਇਲਾਕਾ ਨਿਵਾਸੀਆਂ, ਬੱਚਿਆਂ ਅਤੇ ਬਜ਼ੁਰਗਾਂ ਨੂੰ ਬਿਹਤਰ ਸਹੂਲਤਾਂ ਮਿਲਣਗੀਆਂ।

ਅੰਤ ਵਿੱਚ ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕ-ਭਲਾਈ ਦੇ ਕੰਮਾਂ ਲਈ ਪੂਰੀ ਤਰ੍ਹਾਂ ਸਮਰਪਿਤ ਹੈ ਅਤੇ ਹਰ ਖੇਤਰ ਦੇ ਸੰਤੁਲਿਤ ਵਿਕਾਸ ਲਈ ਲਗਾਤਾਰ ਯਤਨ ਕਰ ਰਹੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰੀ ਯੋਜਨਾਵਾਂ ਦਾ ਲਾਭ ਲੈਣ ਅਤੇ ਵਿਕਾਸ ਕਾਰਜਾਂ ਵਿੱਚ ਆਪਣਾ ਸਹਿਯੋਗ ਦੇਣ।ਇਸ ਮੌਕੇ ਐਮ ਸੀ ਜਸਬੀਰ ਸਿੰਘ ਗਾਂਧੀ , ਸੁਰੇਸ਼ ਰਾਏ ਤੋਂ ਇਲਾਵਾ ਨਗਰ ਨਿਗਮ ਅਤੇ ਸੀਵਰੇਜ ਬੋਰਡ ਦੇ ਅਧਿਕਾਰੀ ਮੌਜੂਦ ਸਨ।

# ਬੱਸ-ਕਾਰ ਟੱਕਰ 'ਚ ਕਾਰ ਚਾਲਕ ਪਤੀ ਦੀ ਮੌਤ,ਪਤਨੀ ਗੰਭੀਰ ਜਖਮੀ

**ਸਮਾਣਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਣਾ-ਪਟਿਆਲਾ ਸੜਕ 'ਤੇ ਵੀਰਵਾਰ ਸਵੇਰੇ ਇੱਕ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸਨ ਦੀ ਬੱਸ ਅਤੇ ਸਾਹਮਣੇ ਤੋਂ ਆ ਰਹੀ ਕਾਰ ਵਿਚਾਲੇ ਹੋਈ ਜਬਰਦਸਤ ਟੱਕਰ 'ਚ ਕਾਰ ਚਾਲਕ ਦੀ ਮੌਤ ਹੋ ਗਈ, ਜਦੋਂ ਕਿ ਫਰੰਟ ਸੀਟ 'ਤੇ ਬੈਠੀ ਉਸ ਦੀ ਪਤਨੀ ਗੰਭੀਰ ਰੂਪ ਵਿੱਚ ਜਖਮੀ ਹੋ ਗਈ। ਜਖਮੀ ਮਹਿਲਾ ਨੂੰ ਇਲਾਜ ਲਈ ਸਿਵਲ ਹਸਪਤਾਲ ਸਮਾਣਾ ਲਿਜਾਇਆ ਗਿਆ, ਜਿੱਥੇ ਉਸ ਦੀ ਨਾਜ਼ੁਕ ਹਾਲਤ ਨੂੰ ਦੇਖਦੇ ਹੋਏ ਡਾਕਟਰਾਂ ਨੇ ਮੁੱਢਲੀ ਸਹਾਇਤਾ ਤੋਂ ਬਾਅਦ ਉਸ ਨੂੰ ਪਟਿਆਲਾ ਰੈਫਰ ਕਰ ਦਿੱਤਾ ।



ਹਾਦਸੇ ਤੋਂ ਬਾਅਦ ਬੱਸ ਚਾਲਕ ਮੌਕੇ ਤੇ ਹੀ ਬੱਸ ਛੱਡ ਕੇ ਫਰਾਰ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਸਵੇਰੇ 6:00 ਵਜੇ ਸਵਾਰੀਆਂ ਨਾਲ ਭਰੀ ਇੱਕ ਬੱਸ ਸਮਾਣਾ ਤੋਂ ਪਟਿਆਲਾ ਵੱਲ ਜਾ ਰਹੀ ਸੀ। ਜਦੋਂ ਇਹ ਬੱਸ ਸ਼ਹਿਰ ਦੇ ਬਾਹਰ ਪਟਿਆਲਾ ਰੋਡ 'ਤੇ ਪਿੰਡ ਫਤਿਹਪੁਰ ਨੇੜੇ ਪਹੁੰਚੀ ਤਾਂ ਪਟਿਆਲਾ ਵੱਲੋਂ ਆ ਰਹੀ ਇੱਕ ਕਾਰ ਨਾਲ ਇਸ ਦੀ ਟੱਕਰ ਹੋ ਗਈ। ਇਸ ਹਾਦਸੇ 'ਚ ਬੱਸ ਦਾ ਅਗਲਾ ਟਾਇਰ ਨਿਕਲ ਗਿਆ, ਪਰ ਬੱਸ ਦੀਆਂ ਸਵਾਰੀਆਂ ਵਾਲ-ਵਾਲ ਬਚ ਗਈਆਂ। ਜਦੋਂ ਕਿ ਕਾਰ ਦੇ ਪਰਖੱਚੇ ਉੱਡ ਗਏ। ਹਾਦਸੇ 'ਚ ਕਾਰ ਚਾਲਕ ਵਿਕਰਮਜੀਤ ਸਿੰਘ (40), ਨਿਵਾਸੀ ਗੁਰੂ ਰਾਮਦਾਸ ਨਗਰ, ਸਮਾਣਾ, ਕਾਰ ਵਿੱਚ ਹੀ ਫਸ ਗਿਆ ਅਤੇ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦੋਂ ਕਿ ਉਸ ਦੀ ਪਤਨੀ ਤੇਜਿੰਦਰ ਕੌਰ ਗੰਭੀਰ ਰੂਪ ਵਿੱਚ ਜਖਮੀ ਹੋ ਗਈ ਇਸ ਹਾਦਸੇ 'ਚ ਕਾਰ ਦੀ ਪਿਛਲੀ ਸੀਟ 'ਤੇ ਬੈਠਾ ਉਨ੍ਹਾਂ ਦਾ 5 ਸਾਲਾ ਪੁੱਤਰ ਵਾਲ-ਵਾਲ ਬਚ ਗਿਆ।ਮਾਮਲੇ ਦੀ ਜਾਂਚ ਕਰ ਰਹੇ ਸਿਟੀ ਪੁਲਸ ਦੇ ਏ.ਐੱਸ.ਆਈ. ਧਰਮਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਵਿਕਰਮਜੀਤ ਸਿੰਘ ਪੁੱਤਰ ਬਾਲ ਸਿੰਘ ਪਿੰਡ ਕਮਾਲਪੁਰ ਥਾਣਾ ਘਨੌਰ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ।

ਪੁਲਿਸ ਨੇ ਬੱਸ ਨੂੰ ਆਪਣੇ ਕਬਜੇ ਵਿੱਚ ਲੈ ਲਿਆ ਹੈ ਅਤੇ ਫਰਾਰ ਚਾਲਕ ਦੀ ਭਾਲ ਸ਼ੁਰੂ ਕਰ ਦਿੱਤੀ ਹੈ । ਪੋਸਟਮਾਰਟਮ ਤੋਂ ਬਾਅਦ ਮ੍ਰਿਤਕ ਦੀ ਦੇਹ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ। ਪੁਲਸ ਵੱਲੋਂ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

# ਆਮ ਆਦਮੀ ਪਾਰਟੀ ਵੱਲੋਂ ਬੀ.ਸੀ. ਵਿੰਗ ਦੇ ਨਵ-ਨਿਯੁਕਤ ਹਲਕਾ ਕੋਆਰਡੀਨੇਟਰਾਂ ਦਾ ਸਨਮਾਨ



**ਲੁਧਿਆਣਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਆਪ ਵੱਲੋਂ ਬੀ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਵਿਜੈ ਸਿੰਘ ਦੀ ਵਿਸ਼ੇਸ਼ ਮੌਜੂਦਗੀ ਵਿੱਚ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਖੰਗੂੜਾ ਨੇ ਨਵ-ਨਿਯੁਕਤ ਹਲਕਾ ਕੋਆਰਡੀਨੇਟਰਾਂ ਦਾ ਸਨਮਾਨ ਕੀਤਾ। ਇਸ ਮੌਕੇ ਨਵੀਂ ਟੀਮ ਨੂੰ ਨਿਯੁਕਤੀ ਦੀ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ ਗਈਆਂ।

ਸਨਮਾਨਿਤ ਕੀਤੇ ਗਏ ਨਵ-ਨਿਯੁਕਤ ਕੋਆਰਡੀਨੇਟਰਾਂ ਵਿੱਚ ਹਲਕਾ ਪੱਛਮੀ ਤੋਂ ਕਰਮਜੀਤ ਸਿੰਘ ਨਰੰਗਵਾਲ, ਹਲਕਾ ਆਤਮ ਨਗਰ ਤੋਂ ਅਵਤਾਰ ਸਿੰਘ ਕੰਡਾ, ਸੈਂਟਰ ਤੋਂ ਸਰਬਜੀਤ ਸਿੰਘ ਚੰਦ, ਲੁਧਿਆਣਾ ਪੂਰਬੀ ਤੋਂ ਕੇਸਰ ਚੌਧਰੀ, ਲੁਧਿਆਣਾ ਉੱਤਰੀ ਤੋਂ ਮਲਕੀਤ ਸਿੰਘ ਅਤੇ ਲੁਧਿਆਣਾ ਦੱਖਣੀ ਤੋਂ ਸਤਨਾਮ ਸਿੰਘ ਸ਼ਾਮਲ ਹਨ।

ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਖੰਗੂੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬੀ.ਸੀ. ਵਿੰਗ ਸੰਗਠਨ ਦਾ ਅਹਿਮ ਹਿੱਸਾ ਹੈ ਅਤੇ ਨਵ-ਨਿਯੁਕਤ ਕੋਆਰਡੀਨੇਟਰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਪਾਰਟੀ ਦੀਆਂ ਨੀਤੀਆਂ ਅਤੇ ਲੋਕ-ਹਿਤੈਸ਼ੀ ਕਾਰਜਾਂ ਨੂੰ ਹਰ ਵਰਗ ਤੱਕ ਪਹੁੰਚਾਉਣਗੇ। ਉਨ੍ਹਾਂ ਜ਼ੋਰ ਦਿੱਤਾ ਕਿ ਸੰਗਠਨ ਦੀ ਮਜ਼ਬੂਤੀ ਲਈ ਜ਼ਮੀਨੀ ਪੱਧਰ 'ਤੇ ਲਗਾਤਾਰ ਮਿਹਨਤ ਕਰਨੀ ਸਮੇਂ ਦੀ ਲੋੜ ਹੈ।

ਬੀ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਵਿਜੈ ਸਿੰਘ ਨੇ ਵੀ ਨਵੀਂ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਰੇ ਅਹੁਦੇਦਾਰ ਮਿਲਜੁਲ ਕੇ ਕੰਮ ਕਰਨ ਤਾਂ ਹੀ ਸੰਗਠਨ ਹੋਰ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਬਣੇਗਾ।

ਅੰਤ ਵਿੱਚ ਸਾਰੇ ਹਾਜ਼ਰ ਅਹੁਦੇਦਾਰਾਂ ਨੇ ਇਕਜੁੱਟ ਹੋ ਕੇ ਸੰਗਠਨ ਦੀ ਮਜ਼ਬੂਤੀ ਅਤੇ ਸਮਾਜ ਦੀ ਭਲਾਈ ਲਈ ਨਿਰੰਤਰ ਸੇਵਾ ਕਰਨ ਦਾ ਸੰਕਲਪ ਲਿਆ।

# ਐਨਕਾਊਂਟਰ ਕਰ ਕੇ ਨੌਜਵਾਨਾਂ ਨੂੰ ਮੌਤ ਦੇ ਘਾਟ ਉਤਾਰਨਾ ਅਤਿ ਨਿੰਦਣਯੋਗ : ਹਾਜੀ ਬਿੱਟੂ ਚੋਹਾਨ



**ਮਲੇਰਕੋਟਲਾ, 2 ਮਾਰਚ**
**-ਰਾਜੇਸ਼ ਸ਼ਰਮਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰਦਾਸਪੁਰ ਦੇ ਥਾਣਾ ਦਰਾਂਗਲਾ ਅਧੀਨ ਆਉਂਦੇ ਪਿੰਡ ਆਦੀਆਂ ਵਿਖੇ ਦੋ ਪੁਲਸ ਕਰਮਚਾਰੀਆਂ ਦੇ ਕਤਲ ਮਾਮਲੇ 'ਚ ਲੋੜੀਂਦੇ ਇਕ ਨੌਜਵਾਨ ਰਣਜੀਤ ਸਿੰਘ ਦਾ ਪੁਲਸ ਵੱਲੋਂ ਐਨਕਾਊਂਟਰ ਕੀਤੇ ਜਾਣ ਤੇ ਆਪਣੀ ਪ੍ਰਤੀਕਿਰਿਆ ਦਿੰਦਿਆਂ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਨਿਅਰ ਆਗੂ ਹਾਜੀ ਅਨਵਾਰ ਅਹਿਮਦ ਬਿੱਟੂ ਚੋਹਾਨ ਨੇ ਕਿਹਾ ਕਿ ਬੀਤੇ ਕੁਝ ਦਿਨ ਪਹਿਲਾਂ ਰਣਜੀਤ ਸਿੰਘ ਦਾ ਕਤਲ ਹੋਇਆ ਹੈ ਅਤੇ ਜੇਕਰ ਅੱਜ ਨਾ ਆਵਾਜ਼ ਚੁੱਕੀ ਤਾਂ ਇਹ ਲੀਹ ਪੈ ਜਾਣੀ ਆ। ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਓ ਇਕੱਤਰ ਹੋ ਕੇ ਲਾਮਬੰਦ ਹੋਈਏ ਤੇ ਰਣਜੀਤ ਸਿੰਘ ਦੇ ਪਰਿਵਾਰ ਨੂੰ ਇਨਸਾਫ਼ ਦਿਵਾਈਏ।

ਹਾਜੀ ਬਿੱਟੂ ਨੇ ਅੱਗੇ ਕਿਹਾ ਕਿ ਜੇਕਰ ਰਣਜੀਤ ਸਿੰਘ ਨੇ ਜ਼ੁਰਮ ਕੀਤਾ ਸੀ ਤਾਂ ਅਦਾਲਤਾਂ ਕਿਹੜੇ ਕੰਮ ਨੂੰ ਨੇ ? ਕੀ ਸੰਵਿਧਾਨ - ਕਹਿੰਦਾ ਕਿ ਜਿਹੜਾ ਕਿਸੇ ਦਾ ਕਤਲ ਕਰੇ ਉਸ ਨੂੰ ਗੋਲ਼ੀ ਮਾਰ ਦਿਓ । ਉਹਨਾਂ ਅੱਗੇ ਇਹ ਵੀ ਕਿਹਾ ਕਿ ਕਿਸੇ ਵੀ ਵਿਅਕਤੀ ਦਾ ਕਿੰਨਾ ਵੀ ਕਸੂਰ ਹੋਵੇ ਉਸ ਨਾਲ ਅਜਿਹਾ ਵਰਤਾਰਾ ਨਹੀਂ ਕਰਨਾ ਚਾਹੀਦਾ ਬਲਕਿ ਬਨਦੀ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਉਹਨਾਂ ਅੱਗੇ ਕਿਹਾ ਕਿ ਉਹ 19 ਸਾਲ ਦਾ ਨੌਜਵਾਨ ਸੀ ਅਤੇ ਇੰਨੀ ਘੱਟ ਉਮਰ ਦਾ ਮੁੰਡਾ ਪੱਕਾ ਮੁਜਰਮ ਨਹੀਂ ਹੁੰਦਾ ਸਗੋਂ ਉਹ ਭਟਕਿਆ ਹੋਇਆ ਹੁੰਦਾ ਹੈ, ਇਸ ਲਈ ਉਸਨੂੰ ਸੁਧਰਨ ਦਾ ਮੌਕਾ ਦਿੰਦੇ ਹੋਏ ਕਾਨੂੰਨ ਅਨੁਸਾਰ ਸਜ਼ਾ ਦੇਣੀ ਚਾਹੀਦੀ ਸੀ ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਦੇ ਕਰਮਚਾਰੀਆਂ ਦਾ ਵੀ ਇਸ ਤਰ੍ਹਾਂ ਇਸ ਦੁਨੀਆਂ ਤੋਂ ਚਲੇ ਜਾਣਾ ਵੀ ਬਹੁਤ ਮਾੜੀ ਗੱਲ ਹੈ, ਅਗਰ ਜੇਕਰ ਰਣਜੀਤ ਸਿੰਘ ਨੇ ਉਹਨਾਂ ਦਾ ਕਤਲ ਕੀਤਾ ਹੈ ਤਾਂ ਉਸ ਨੂੰ ਕਾਨੂੰਨ ਅਨੁਸਾਰ ਬਣਦੀ ਸਜ਼ਾ ਦੇਣੀ ਚਾਹੀਦੀ ਸੀ ਨਾ ਕਿ ਇਸ ਤਰ੍ਹਾਂ ਐਨਕਾਊਂਟਰ ਬਣਾ ਕੇ ਗੋਲੀ ਮਾਰ ਕੇ ਮਾਰ ਦੇਣਾ ਚਾਹੀਦਾ ਸੀ।

# ਸੱਚ ਦੀ ਜਿੱਤ ਹੋਈ: ਭਾਜਪਾ ਨੂੰ ਅਰਵਿੰਦ ਕੇਜਰੀਵਾਲ ਵਿਰੁੱਧ ਸਾਜ਼ਿਸ਼ ਲਈ ਦੇਸ਼ ਤੋਂ ਮਾਫੀ ਮੰਗਣੀ ਚਾਹੀਦੀ ਹੈ: ਅਮਨ ਅਰੋੜਾ

**ਚੰਡੀਗੜ੍ਹ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**




ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਸ਼ੁਕਰਵਾਰ ਨੂੰ ਇੱਕ ਅਹਿਮ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ÷ਸੱਚ ਨੂੰ ਦੇਰੀ ਹੋ ਸਕਦੀ ਹੈ, ਪਰ ਇਸ ਨੂੰ ਕਦੇ ਹਰਾਇਆ ਨਹੀਂ ਜਾ ਸਕਦਾ। ਉਨ੍ਹਾਂ ਦਾਅਵਾ ਕੀਤਾ ਕਿ ਅਖੌਤੀ ਸ਼ਰਾਬ ਘੁਟਾਲੇ ਦੇ ਕੇਸ ਵਿੱਚ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਮਨੀਸ਼ ਸਿਸੋਦੀਆ ਅਤੇ ਪਾਰਟੀ ਦੇ ਹੋਰ ਸਾਥੀਆਂ ਦਾ ਬਰੀ ਹੋਣਾ ਸਿਰਫ਼ 'ਆਪ' ਦੀ ਜਿੱਤ ਨਹੀਂ, ਸਗੋਂ ਸੱਚ ਅਤੇ ਇਨਸਾਫ਼ ਦੀ ਜਿੱਤ ਹੈ। ਉਨ੍ਹਾਂ ਨਾਲ 'ਆਪ' ਮੰਤਰੀ ਹਰਜੋਤ ਸਿੰਘ ਬੈਂਸ ਅਤੇ ਹਰਦੀਪ ਸਿੰਘ ਮੁੰਡੀਆਂ ਵੀ ਸ਼ਾਮਲ ਹੋਏ।

ਅਰੋੜਾ ਨੇ ਕਿਹਾ ਕਿ ਇਹ ਸਾਬਤ ਕਰਦਾ ਹੈ ਕਿ ਇਨਸਾਫ਼ ਵਿੱਚ ਦੇਰੀ ਹੋ ਸਕਦੀ ਹੈ, ਪਰ ਤੁਸੀਂ ਸੱਚ ਨੂੰ ਖ਼ਤਮ ਨਹੀਂ ਕਰ ਸਕਦੇ। ਅੱਜ ਅਦਾਲਤ ਨੇ ਉਸ ਝੂਠ ਦੇ ਪੁਲੰਦੇ ਦਾ ਪਰਦਾਫਾਸ਼ ਕਰ ਦਿੱਤਾ ਹੈ ਜੋ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਆਪਣੀਆਂ ਏਜੰਸੀਆਂ ਰਾਹੀਂ ਤਿਆਰ ਕੀਤਾ ਸੀ।

ਉਨ੍ਹਾਂ ਕਿਹਾ ਕਿ ਵਿਸ਼ੇਸ਼ ਅਦਾਲਤ ਨੇ ਅਰਵਿੰਦ ਕੇਜਰੀਵਾਲ ਨੂੰ ਸਿਆਸੀ ਤੌਰ 'ਤੇ ਤਬਾਹ ਕਰਨ ਲਈ ਭਾਜਪਾ ਵੱਲੋਂ ਰਚੀ ਗਈ ਬੇਬੁਨਿਆਦ ਅਤੇ ਮਨਘੜਤ ਸਾਜ਼ਿਸ਼ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਹੈ। ਅਰੋੜਾ ਨੇ ਕਿਹਾ ਕਿ ਲਗਭਗ ਛੇ ਮਹੀਨਿਆਂ ਤੱਕ, ਇੱਕ ਮੌਜੂਦਾ ਮੁੱਖ ਮੰਤਰੀ ਨੂੰ ਉਨ੍ਹਾਂ ਦੇ ਘਰੋਂ ਚੁੱਕ ਕੇ ਜੇਲ੍ਹ ਵਿੱਚ ਸੁੱਟਿਆ ਗਿਆ। ਮਨੀਸ਼ ਸਿਸੋਦੀਆ ਨੂੰ ਕਰੀਬ ਦੋ ਸਾਲ ਜੇਲ੍ਹ ਵਿੱਚ ਰੱਖਿਆ ਗਿਆ। ਇਹ ਸਭ ਕੁਝ ਸਿਰਫ਼ ਉਨ੍ਹਾਂ ਨੂੰ ਬਦਨਾਮ ਕਰਨ, ਉਨ੍ਹਾਂ ਦੀ ਸਿਆਸੀ ਹੋਂਦ ਨੂੰ ਮਿਟਾਉਣ ਅਤੇ ਉਨ੍ਹਾਂ ਦੀ ਵਧਦੀ ਲੋਕਪ੍ਰਿਯਤਾ ਨੂੰ ਖ਼ਤਮ ਕਰਨ ਲਈ ਕੀਤਾ ਗਿਆ ਸੀ।

# ਸਮਰਾਲਾ ਵਿਖੇ ਹੋਣ ਵਾਲੀ ਸੁਖਬੀਰ ਬਾਦਲ ਦੀ ਰੈਲੀ ਵਿਰੋਧੀਆਂ ਨੂੰ ਛੇੜ ਦੇਵੇਗੀ ਕੰਬਣੀ: ਸਾਬਕਾ ਪ੍ਰਧਾਨ ਖੇੜਾ/ਹਰਜੋਤ ਮਾਂਗਟ

**ਮਾਛੀਵਾੜਾ ਸਾਹਿਬ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿਛਲੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਮੁੜ ਤੋਂ ਵੱਡੇ ਇਕੱਠ ਕਰ ਖੇਤਰੀ ਪਾਰਟੀ ਹੋਣ ਦਾ ਪ੍ਰਮਾਣ ਦੇਣ ਵਿੱਚ ਸਫਲ ਹੋ ਰਿਹਾ ਹੈ। ਜਿਸ ਤੇ ਪੰਜਾਬ ਵਾਸੀ ਭਰੋਸਾ ਕਰ ਰਹੇ ਹਨ।ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ 2027 ਦੀਆਂ ਚੋਣਾਂ ਨੂੰ ਮੁੱਖ ਰੱਖਦੇ ਹੋਏ ਵਿਧਾਨ ਸਭਾ ਹਲਕਿਆਂ ਅੰਦਰ ਵਿਸ਼ਾਲ ਰੈਲੀਆਂ ਕੀਤੀਆਂ ਜਾ ਰਹੀਆਂ ਹਨ। ਸ਼੍ਰੋਮਣੀ ਅਕਾਲੀ ਦਲ ਵੱਲੋਂ ਹੁਣ ਤੋਂ ਹੀ ਆਪਣੇ ਵਰਕਰਾਂ ਅਤੇ ਆਗੂਆਂ ਨਾਲ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ। ਹਲਕਾ ਸਮਰਾਲਾ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ' ਪੰਜਾਬ ਬਚਾਉ ਸਰਦਾਰ ਸੁਖਬੀਰ ਸਿੰਘ ਬਾਦਲ ਲਿਆਉ ' ਵਿਸ਼ਾਲ ਰੈਲੀ 1 ਮਾਰਚ ਦਿਨ ਐਤਵਾਰ ਨੂੰ ਕੀਤੀ ਜਾ ਰਹੀ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸੀਨੀਅਰ ਅਕਾਲੀ ਆਗੂ ਅਤੇ ਮਾਛੀਵਾੜਾ ਸਾਹਿਬ ਅਨਾਜ ਮੰਡੀ ਦੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਅਤੇ ਜ਼ਿਲ੍ਹਾ ਪਰਿਸ਼ਦ ਮੈਂਬਰ ਹਰਜੋਤ ਸਿੰਘ ਮਾਂਗਟ ਨੇ ਕੀਤਾ। ਉਹਨਾਂ ਨੇ ਕਿਹਾ ਕਿ ਅਕਾਲੀ ਦਲ ਨੂੰ ਚਾਹੁਣ ਵਾਲੇ ਵੱਡੀ ਗਿਣਤੀ ਵਿੱਚ ਵਰਕਰ ਅਤੇ ਲੋਕ ਸਰਦਾਰ ਸੁਖਬੀਰ ਸਿੰਘ ਬਾਦਲ ਦੇ ਵਿਚਾਰ ਸੁਣਨ ਲਈ ਰੈਲੀ ਵਿੱਚ ਜ਼ਰੂਰ ਸ਼ਾਮਿਲ ਹੋਣਗੇ। ਉਹਨਾਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣ ਲਈ ਲੋਕ ਹੁਣ ਉਤਾਵਲੇ ਹਨ ਅਤੇ ਰੈਲੀ ਵਿੱਚ ਸ਼ਾਮਲ ਹੋਣ ਲਈ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਿਆ ਜਾ ਰਿਹਾ । ਹਲਕਾ ਸਮਰਾਲਾ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪਰਮਜੀਤ ਸਿੰਘ ਢਿੱਲੋਂ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ ਅਤੇ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਬਣਾਉਣਗੇ । ਉਹਨਾਂ ਨੇ ਕਿਹਾ ਕਿ ਪੰਜਾਬ ਦੀ ਇੱਕੋ ਇੱਕ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਦੇ ਭਲੇ ਦੀ ਗੱਲ ਕਰਦੀ ਹੈ। ਉਹਨਾਂ ਨੇ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਸਮੇਂ ਰਿਕਾਰਡ ਤੋੜ ਵਿਕਾਸ ਕਾਰਜਾਂ ਦੇ ਕੰਮ ਹੋਏ ਸਨ ਜੋ ਅੱਜ ਵੀ ਮੂੰਹ ਬੋਲਦੀਆਂ ਤਸਵੀਰਾਂ ਸਾਹਮਣੇ ਦਿਖਾਈ ਦਿੰਦੀਆਂ ਹਨ। ਲੋਕ ਹੁਣ ਆਪ ਮੁਹਾਰੇ ਸ਼੍ਰੋਮਣੀ ਅਕਾਲੀ ਦਲ ਦੇ ਨਾਲ ਜੁੜ ਰਹੇ ਹਨ ਅਤੇ ਦੂਸਰੀਆਂ ਪਾਰਟੀਆਂ ਦੀਆਂ ਲੂੰਬੜ ਚਾਲਾਂ ਤੋਂ ਜਾਗਰੂਕ ਹੋ ਚੁੱਕੇ ਹਨ।



ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀਆਂ ਰੈਲੀਆਂ ਵਿੱਚ ਭਾਰੀ ਇਕੱਠ ਦੇਖ ਕੇ ਵਿਰੋਧੀ ਪਾਰਟੀਆਂ ਨੂੰ ਕੰਬਣੀ ਛਿੜ ਗਈ ਹੈ। ਇਧਰ ਜੇਕਰ ਹਲਕਾ ਸਮਰਾਲਾ ਤੋਂ ਪਰਮਜੀਤ ਸਿੰਘ ਢਿੱਲੋਂ ਦੀ ਗੱਲ ਕਰੀਏ ਤਾਂ ਪਰਮਜੀਤ ਸਿੰਘ ਢਿੱਲੋਂ ਇੱਕ ਪਾਰਟੀ ਦੇ ਵਫ਼ਾਦਾਰ ਅਤੇ ਮਿਹਨਤੀ ਆਗੂ ਹਨ ਜੋ ਦਿਨ ਰਾਤ ਪਾਰਟੀ ਨੂੰ ਉੱਪਰ ਚੱਕਣ ਲਈ ਮਿਹਨਤ ਕਰ ਰਹੇ ਹਨ। ਉਹਨਾਂ ਨੇ ਕਿਹਾ ਕਿ ਜਿਸ ਹਿਸਾਬ ਨਾਲ ਪਰਮਜੀਤ ਸਿੰਘ ਢਿੱਲੋਂ ਹਲਕੇ ਅੰਦਰ ਮਿਹਨਤ ਕਰ ਰਹੇ ਹਨ ਵਰਕਰਾਂ ਨਾਲ ਮੋਢੇ ਨਾਲ ਮੋਢਾ ਲਾ ਕੇ ਚਲਦੇ ਹਨ ਤਾਂ ਉਨ੍ਹਾਂ ਦੀ ਜਿੱਤ 2027 ਵਿੱਚ ਯਕੀਨੀ ਹੀ ਹੈ। ਉਹਨਾਂ ਸਮੂਹ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਆਗੂਆਂ ਦੇ ਵਰਕਰਾਂ ਨੂੰ ਇਸ ਰੈਲੀ ਨੂੰ ਸਫਲ ਬਣਾਉਣ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਵਿੱਚ ਦਿੱਤੇ ਯੋਗਦਾਨ ਲਈ ਧੰਨਵਾਦ ਵੀ ਪ੍ਰਗਟ ਕੀਤਾ।

# ਪ੍ਰਾਚੀਨ ਸ੍ਰੀ ਵਾਮਨ ਅਵਤਾਰ ਮੰਦਿਰ ਬਚਾਉਣ ਲਈ ਮੋਹਿਤ ਮੋਹਿੰਦਰਾ ਦੀ ਟੀਮ ਮੈਦਾਨ 'ਚ, ਪੂਰਨ ਹਮਾਇਤ ਦਾ ਕੀਤਾ ਐਲਾਨ

## ਹਿੰਦੂ ਆਸਥਾ ਨਾਲ ਖਿਲਵਾੜ ਬਰਦਾਸ਼ਤ ਨਹੀਂ : ਮੋਹਿਤ ਮੋਹਿੰਦਰਾ



**ਪਟਿਆਲਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਇਤਿਹਾਸਕ ਅਤੇ ਪ੍ਰਾਚੀਨ ਸ੍ਰੀ ਵਾਮਨ ਅਵਤਾਰ ਮੰਦਿਰ ਅਤੇ ਪਵਿੱਤਰ ਸਰੋਵਰ ਦੀ ਹੋਂਦ ਬਚਾਉਣ ਲਈ ਚੱਲ ਰਹੇ ਸੰਘਰਸ਼ ਨੂੰ ਅੱਜ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ, ਜਦੋਂ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼੍ਰੀ ਮੋਹਿਤ ਮੋਹਿੰਦਰਾ ਦੀ ਅਗਵਾਈ ਹੇਠ ਟੀਮ ਨੇ ਸੰਘਰਸ਼ ਵਿੱਚ ਸ਼ਮੂਲੀਅਤ ਕਰਦਿਆਂ ਸੰਪੂਰਨ ਹਮਾਇਤ ਦਾ ਐਲਾਨ ਕੀਤਾ।

ਮੋਹਿਤ ਮੋਹਿੰਦਰਾ ਨੇ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਇਹ ਸਰਕਾਰ ਨਾ ਸਿਰਫ਼ ਗੂੰਗੀ-ਬੋਲੀ ਹੈ, ਸਗੋਂ ਇਹ ਪੂਰੀ ਤਰ੍ਹਾਂ 'ਖਾਲੀ ਪੀਪਾ' ਸਰਕਾਰ ਸਾਬਤ ਹੋਈ ਹੈ। ਜਿਸ ਸਰਕਾਰ ਕੋਲ ਹਿੰਦੂਆਂ ਦਾ ਪੈਸਾ ਹਿੰਦੂ ਧਾਰਮਿਕ ਸਥਾਨਾਂ ਦੇ ਰੱਖ-ਰਖਾਅ ਅਤੇ ਪ੍ਰਾਚੀਨ ਵਿਰਾਸਤ ਨੂੰ ਬਚਾਉਣ ਲਈ ਨਹੀਂ ਹੈ, ਉਸ ਨੂੰ ਸੱਤਾ ਵਿੱਚ ਰਹਿਣ ਦਾ ਕੋਈ ਹੱਕ ਨਹੀਂ। ਉਨ੍ਹਾਂ ਕਿਹਾ ਕਿ ਇੱਕ ਪਾਸੇ ਸਰਕਾਰ ਵੱਡੇ-ਵੱਡੇ ਵਿਕਾਸ ਦੇ ਦਾਅਵੇ ਕਰਕੇ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾ ਰਹੀ ਹੈ, ਪਰ ਦੂਜੇ ਪਾਸੇ ਸਾਡੀ ਆਸਥਾ ਦੇ ਪ੍ਰਤੀਕ ਮੰਦਿਰਾਂ ਅਤੇ ਸਰੋਵਰਾਂ ਦੀ ਹਾਲਤ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ। ਇਹ ਸਰਕਾਰ ਸਿਰਫ਼ ਇਸ਼ਤਿਹਾਰੀ ਸਰਕਾਰ ਹੈ, ਜਿਸ ਦਾ ਖ਼ਜ਼ਾਨਾ ਸਨਾਤਨ ਧਰਮ ਦੇ ਕੰਮਾਂ ਲਈ ਤਾਂ ਖਾਲੀ ਹੋ ਜਾਂਦਾ ਹੈ, ਪਰ ਆਪਣੀ ਝੂਠੀ ਵਾਹ-ਵਾਹ ਖੱਟਣ ਲਈ ਇਨ੍ਹਾਂ ਕੋਲ ਕਰੋੜਾਂ ਰੁਪਏ ਮੌਜੂਦ ਹਨ।

ਮੋਹਿਤ ਮੋਹਿੰਦਰਾ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਜਦੋਂ ਪਟਿਆਲਾ ਦੀਆਂ ਮੁੱਖ ਜਥੇਬੰਦੀਆਂ ਅਤੇ ਸਨਾਤਨੀ ਸਮਾਜ ਭੁੱਖ ਹੜਤਾਲ 'ਤੇ ਬੈਠਾ ਹੈ, ਪਰ ਪਟਿਆਲਾ ਪ੍ਰਸ਼ਾਸਨ ਦੇ ਕੰਨਾਂ 'ਤੇ ਜੂੰ ਤੱਕ ਨਹੀਂ ਸਰਕ ਰਹੀ। ਉਨ੍ਹਾਂ ਕਿਹਾ, ਇਹ ਬਹੁਤ ਮੰਦਭਾਗੀ ਗੱਲ ਹੈ ਕਿ ਸੂਬੇ ਦੀ ਸਰਕਾਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਅਣਗੌਲਿਆਂ ਕਰ ਰਹੀ ਹੈ। ਜੇਕਰ ਸਰਕਾਰ ਨੇ ਜਲਦ ਹੀ ਕੋਈ ਠੋਸ ਕਦਮ ਨਾ ਚੁੱਕਿਆ, ਤਾਂ ਸਨਾਤਨੀ ਸਮਾਜ ਅਤੇ ਕਾਂਗਰਸ ਪਾਰਟੀ ਮਿਲ ਕੇ ਵੱਡੇ ਧਰਨੇ ਦਾ ਐਲਾਨ ਕਰਨਗੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜਦੋਂ ਤੱਕ ਪ੍ਰਾਚੀਨ ਮੰਦਿਰ ਅਤੇ ਸਰੋਵਰ ਨੂੰ ਬਚਾਉਣ ਲਈ ਕੋਈ ਪੱਕਾ ਹੱਲ ਨਹੀਂ ਨਿਕਲਦਾ, ਇਹ ਲੜਾਈ ਰੁਕਣ ਵਾਲੀ ਨਹੀਂ ਹੈ। ਉਨ੍ਹਾਂ ਪਟਿਆਲਾ ਵਾਸੀਆਂ ਨੂੰ ਵੀ ਇਸ ਲੜਾਈ ਦਾ ਮੁੱਖ ਹਿੱਸਾ ਬਣਨ ਦੀ ਅਪੀਲ ਕੀਤੀ।

ਇਸ ਮੌਕੇ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਜਥੇਬੰਦੀਆਂ ਦੇ ਨੁਮਾਇੰਦੇ ਵੀ ਮੋਹਿਤ ਮੋਹਿੰਦਰਾ ਦੀ ਟੀਮ ਦੇ ਹੌਸਲੇ ਦੀ ਦਾਦ ਦੇਣ ਪਹੁੰਚੇ।

# ਵਿਧਾਇਕ ਚੇਤਨ ਸਿੰਘ ਜੌੜਾ ਮਾਜਰਾ ਵੱਲੋਂ ਜਨਰਲ ਧਰਮਸ਼ਾਲਾ ਅਤੇ ਸੀਵਰੇਜ ਪ੍ਰੋਜੈਕਟ ਦਾ ਉਦਘਾਟਨ



**ਸਮਾਣਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਦੇ ਵਿਕਾਸ ਨੂੰ ਨਵੀਂ ਦਿਸ਼ਾ ਦਿੰਦਿਆਂ ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਪਿੰਡ ਖੇੜੀ ਬਰਨਾ ਵਿਖੇ ਨਵੀਂ ਬਣੀ ਜਨਰਲ ਧਰਮਸ਼ਾਲਾ ਅਤੇ ਸੀਵਰੇਜ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ। ਇਹ ਸਾਰੇ ਵਿਕਾਸ ਕਾਰਜ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਪੂਰੇ ਕੀਤੇ ਗਏ ਹਨ।

ਇਸ ਮੌਕੇ ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ। ਸਰਕਾਰ ਵੱਲੋਂ ਛੱਪੜਾਂ ਦੀ ਸੁਧਾਰ ਯੋਜਨਾ, ਨਵੀਂ ਸੀਵਰੇਜ ਲਾਈਨ ਪਾਉਣ ਅਤੇ ਪਿੰਡ ਦੀਆਂ ਸੜਕਾਂ ਦੇ ਨਿਰਮਾਣ ਵਰਗੇ ਮਹੱਤਵਪੂਰਨ ਕੰਮ ਮੁਕੰਮਲ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਪਿੰਡ ਵਿੱਚ ਸਫ਼ਾਈ ਪ੍ਰਣਾਲੀ ਸੁਧਰੇਗੀ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮਿਲਣਗੀਆਂ।

ਵਿਧਾਇਕ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਨੂੰ ਮਾਡਲ ਪਿੰਡ ਬਣਾਉਣਾ ਹੈ, ਤਾਂ ਜੋ ਸ਼ਹਿਰਾਂ ਵਾਂਗ ਬੁਨਿਆਦੀ ਸਹੂਲਤਾਂ ਪਿੰਡਾਂ ਵਿੱਚ ਵੀ ਉਪਲਬਧ ਹੋਣ। ਉਨ੍ਹਾਂ ਨੇ ਨੌਜਵਾਨਾਂ ਅਤੇ ਸਿਆਣਿਆਂ ਨੂੰ ਅਪੀਲ ਕੀਤੀ ਕਿ ਉਹ ਇਕਜੁੱਟ ਹੋ ਕੇ ਪਿੰਡ ਦੀ ਤਰੱਕੀ ਲਈ ਕੰਮ ਕਰਨ। ਜਦੋਂ ਸਾਰਾ ਪਿੰਡ ਇਕਠੇ ਹੋ ਕੇ ਯਤਨ ਕਰਦਾ ਹੈ ਤਾਂ ਵਿਕਾਸ ਦੀ ਗਤੀ ਹੋਰ ਤੇਜ਼ ਹੋ ਜਾਂਦੀ ਹੈ।

ਪਿੰਡ ਵਾਸੀਆਂ ਨੇ ਸਰਕਾਰ ਦੇ ਇਨ੍ਹਾਂ ਲੋਕ-ਹਿਤੈਸ਼ੀ ਕਦਮਾਂ ਦੀ ਭਰਪੂਰ ਸਰਾਹਨਾ ਕੀਤੀ ਅਤੇ ਕਿਹਾ ਕਿ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਦਾ ਹੱਲ ਹੁਣ ਸੰਭਵ ਹੋਇਆ ਹੈ। ਉਨ੍ਹਾਂ ਨੇ ਮੁੱਖ ਮੰਤਰੀ ਅਤੇ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕੰਮ ਪਿੰਡ ਦੀ ਤਸਵੀਰ ਬਦਲਣ ਵਿੱਚ ਮਦਦਗਾਰ ਸਾਬਤ ਹੋਣਗੇ।

ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਬਲਕਾਰ ਸਿੰਘ ਗੱਜੂਮਾਜਰਾ, ਜਿਲ੍ਹਾ ਪਰਿਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਸਰਪੰਚ ਲਖਵਿੰਦਰ ਸਿੰਘ, ਜਿਲ੍ਹਾ ਪਰਿਸ਼ਦ ਮੈਂਬਰ ਜਸਵੀਰ ਸਿੰਘ, ਪਵਿੱਤਰ ਸਿੰਘ ਡਕਾਲਾ, ਮਨਿੰਦਰ ਸਿੰਘ ਡਕਾਲਾ ਬਲਾਕ ਪ੍ਰਧਾਨ ਬਲਕਾਰ ਸਿੰਘ ਰਾਜਗੜ੍ਹ, ਦਰਬਾਰਾ ਸਿੰਘ ਤੁੱਲੇਵਾਲ, ਦਰਬਾਰ ਸਿੰਘ ਡਰੌਲੀ, ਗੁਰਸੇਵਕ ਸਿੰਘ ਚੂਹੜਪੁਰ ਜੱਟਾਂ, ਪੰਚਾਇਤ ਵਿਭਾਗ ਦੇ ਅਫ਼ਸਰ ਸਮੂਹ ਪਿੰਡ ਨਿਵਾਸੀ ਅਤੇ ਹੋਰ ਪਤਵੰਤੇ ਹਾਜਰ ਸਨ।

# ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲਾ: ਸਕੂਲਾਂ ਕਾਲਜਾਂ ਦੇ ਸੱਭਿਆਚਾਰਕ ਮੁਕਾਬਲੇ ; ਏਕਮਪ੍ਰੀਤ ਸਿੰਘ ਨੇ ਸਜਾਈ ਸਭ ਤੋਂ ਸੋਹਣੀ ਦਸਤਾਰ

## ਮਨਵੀਰ ਸਿੰਘ ਬਣਿਆ ਸਭ ਤੋਂ ਸੋਹਣਾ ਗੱਭਰੂ, ਨਿਰਮਤ ਕੌਰ ਤੇ ਅਰਸ਼ਦੀਪ ਕੌਰ ਨੇ ਜਿੱਤੇ ਸੋਹਣੀ ਮੁਟਿਆਰ ਦੇ ਖਿਤਾਬ



**ਪਟਿਆਲਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਸ਼ੀਸ਼ ਮਹਿਲ ਵਿਖੇ ਪੰਜਾਬ ਸਰਕਾਰ ਦੀ ਅਗਵਾਈ 'ਚ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਸ੍ਰੀ ਵਰਜੀਤ ਵਾਲੀਆ ਦੀ ਸਰਪ੍ਰਸਤੀ 'ਚ ਲਗਾਏ ਜਾ ਰਹੇ ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲੇ ਦੌਰਾਨ ਅੱਜ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਦੇ ਦਸਤਾਰਬੰਦੀ, ਸੋਹਣਾ ਗੱਭਰੂ ਤੇ ਸੋਹਣੀ ਮੁਟਿਆਰ ਮੁਕਾਬਲੇ ਕਰਵਾਏ ਗਏ। ਵਧੀਕ ਡਿਪਟੀ ਕਮਿਸ਼ਨਰ ਕਮ ਮੇਲਾ ਅਫ਼ਸਰ ਦਮਨਜੀਤ ਸਿੰਘ ਮਾਨ, ਸਹਾਇਕ ਮੇਲਾ ਅਫ਼ਸਰ ਨਮਨ ਮੜਕਨ ਐਸ.ਡੀ.ਐਮ. ਰਾਜਪੁਰਾ ਤੇ ਅਸ਼ੋਕ ਕੁਮਾਰ ਐਸ.ਡੀ.ਐਮ. ਪਾਤੜਾ ਦੀ ਦੇਖ-ਰੇਖ ''ਚ ਹੋਏ ਇਨ੍ਹਾਂ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ। ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਪ੍ਰਦਰਸ਼ਨੀ (ਗੈਸਟ ਆਈਟਮ) ਦੇ ਤੌਰ 'ਤੇ ਸੱਭਿਆਚਾਰਕ ਪੇਸ਼ਕਾਰੀਆਂ ਕੀਤੀਆਂ। ਜੇਤੂਆਂ ਨੂੰ ਇਨਾਮ ਵੰਡਣ ਦੀ ਰਸਮ ਬਾਲ ਸੁਰੱਖਿਆ ਅਫ਼ਸਰ ਰੂਪਵੰਤ ਕੌਰ, ਡਾ. ਨਰਿੰਦਰ ਸਿੰਘ ਤੇਜਾ, ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ, ਭਾਸ਼ਾ ਵਿਭਾਗ ਪੰਜਾਬ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਤੇ ਡਾ. ਮਨਜਿੰਦਰ ਸਿੰਘ ਨੇ ਅਦਾ ਕੀਤੀ।

ਦਸਤਾਰਬੰਦੀ ਮੁਕਾਬਲਿਆਂ ਤਹਿਤ ਸਕੂਲੀ ਵਿਦਿਆਰਥੀਆਂ 'ਚੋਂ ਏਕਮਪ੍ਰੀਤ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਰਨ ਪਹਿਲੇ, ਹਰਪ੍ਰੀਤ ਸਿੰਘ ਪੀ.ਐਮ. ਸ੍ਰੀ ਸਰਕਾਰੀ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਪਾਸੀ ਰੋਡ ਦੂਸਰੇ, ਜੋਬਨ ਸਿੰਘ ਤੇ ਪਲਵਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੋਸ਼ਨਪੁਰ ਸਾਂਝੇ ਤੌਰ 'ਤੇ ਤੀਸਰੇ ਸਥਾਨ 'ਤੇ ਰਹੇ। ਕਾਲਜਾਂ ਦੇ ਵਰਗ 'ਚ ਪ੍ਰਭਦੀਪ ਸਿੰਘ ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ ਪਟਿਆਲਾ ਪਹਿਲੇ, ਇਸ਼ਪ੍ਰੀਤ ਸਿੰਘ ਮੋਦੀ ਕਾਲਜ ਪਟਿਆਲਾ ਦੂਸਰੇ ਸਥਾਨ 'ਤੇ ਰਿਹਾ। ਇਨ੍ਹਾਂ ਮੁਕਾਬਲਿਆਂ ਦੀ ਜੱਜਮੈਂਟ ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ, ਡਾ. ਮਨਜਿੰਦਰ ਸਿੰਘ ਖੋਜ ਅਫ਼ਸਰ ਭਾਸ਼ਾ ਵਿਭਾਗ ਤੇ ਬੀਰਇੰਦਰ ਸਿੰਘ ਪੰਜਾਬੀ ਯੂਨੀਵਰਸਿਟੀ ਨੇ ਕੀਤੀ।

ਸੋਹਣੀ ਮੁਟਿਆਰ ਮੁਕਾਬਲੇ ਤਹਿਤ ਸਕੂਲ ਵਰਗ 'ਚੋਂ ਨਿਮਰਤ ਕੌਰ ਸਰਕਾਰੀ ਪ੍ਰਾਇਮਰੀ ਸਕੂਲ ਮੱਦੋਮਾਜਰਾ ਪਹਿਲੇ, ਖੁਸ਼ਪ੍ਰੀਤ ਕੌਰ ਸਰਕਾਰੀ ਐਲੀਮੈਂਟਰੀ ਸਕੂਲ ਦੁੱਖ ਨਿਵਾਰਨ ਸਾਹਿਬ ਦੂਸਰੇ, ਨਵਜੋਤ ਕੌਰ ਪੰਜਾਬੀ ਯੂਨੀਵਰਸਿਟੀ ਮਾਡਲ ਸਕੂਲ ਤੇ ਪੱਲਵੀ ਸਰਕਾਰੀ ਪ੍ਰਾਇਮਰੀ ਸਕੂਲ ਝੰਡੀ ਸਾਂਝੇ ਤੌਰ 'ਤੇ ਤੀਸਰੇ ਸਥਾਨ 'ਤੇ ਰਹੀਆਂ। ਸਰਵੋਤਮ ਪੇਸ਼ਕਾਰ ਵਜੋਂ ਦਿਸ਼ਾ ਤੇ ਰਸ਼ਮੀ ਦੀ ਚੋਣ ਕੀਤੀ ਗਈ। ਨਵਜੋਤ ਕੌਰ ਪੰਜਾਬੀ ਯੂਨੀਵਰਸਿਟੀ ਮਾਡਲ ਸਕੂਲ ਸਰਵੋਤਮ ਨਰਤਕੀ ਚੁਣੀ ਗਈ। ਕਾਲਜ ਦੇ ਸੋਹਣੀ ਮੁਟਿਆਰ ਵਰਗ 'ਚ ਅਰਸ਼ਜੋਤ ਕੌਰ ਮੋਦੀ ਕਾਲਜ ਪਟਿਆਲਾ ਪਹਿਲੇ, ਵੰਸ਼ਪ੍ਰੀਤ ਕੌਰ ਮੋਦੀ ਕਾਲਜ ਤੇ ਰਮਨਜੋਤ ਕੌਰ ਮਹਿੰਦਰਾ ਕਾਲਜ ਪਟਿਆਲਾ ਸਾਂਝੇ ਤੌਰ 'ਤੇ ਦੂਸਰੇ, ਇਸ਼ਪ੍ਰੀਤ ਕੌਰ ਮਹਿੰਦਰਾ ਕਾਲਜ ਤੇ ਅਮਨਦੀਪ ਕੌਰ ਬਿਕਰਮ ਕਾਲਜ ਆਫ਼ ਕਾਮਰਸ ਪਟਿਆਲਾ ਸਾਂਝੇ ਤੌਰ 'ਤੇ ਤੀਸਰੇ ਸਥਾਨ 'ਤੇ ਰਹੀਆਂ। ਲੜਕਿਆਂ ਦੇ ਵਰਗ 'ਚ ਮਨਵੀਰ ਸਿੰਘ ਬਿਕਰਮ ਕਾਲਜ ਆਫ਼ ਕਾਮਰਸ ਸਭ ਤੋਂ ਸੋਹਣਾ ਗੱਭਰੂ ਚੁਣਿਆ ਗਿਆ। ਇਸ ਵਰਗ 'ਚ ਪ੍ਰਭਜੋਤ ਸਿੰਘ ਬਿਕਰਮ ਕਾਲਜ ਆਫ਼ ਕਾਮਰਸ ਪਟਿਆਲਾ ਦੂਸਰੇ ਤੇ ਏਕਮਜੋਤ ਸਿੰਘ ਮਹਿੰਦਰਾ ਕਾਲਜ ਪਟਿਆਲਾ ਤੀਸਰੇ ਸਥਾਨ 'ਤੇ ਰਿਹਾ। ਡਾ. ਹਰਿੰਦਰ ਹੁੰਦਲ, ਗੁਰਕੰਵਲ ਚਹਿਲ ਤੇ ਪ੍ਰੋ. ਮਨਿੰਦਰ ਕੌਰ ਪਟੇਲ ਕਾਲਜ ਰਾਜਪੁਰਾ ਨੇ ਇਨ੍ਹਾਂ ਮੁਕਾਬਲਿਆਂ ਦੀ ਜੱਜਮੈਂਟ ਕੀਤੀ। ਇਸ ਮੌਕੇ ਪ੍ਰਿੰ. ਕਰਮਜੀਤ ਕੌਰ, ਹੈਡਮਿਸਟ੍ਰੈਸ ਰਪਿੰਦਰ ਗਰੇਵਾਲ, ਪ੍ਰਿਥੀ ਸਿੰਘ ਬੀ.ਪੀ.ਈ.ਓ. ਪਟਿਆਲਾ-2, ਕੁਲਦੀਪ ਸਿੰਘ, ਲਖਵਿੰਦਰ ਸਿੰਘ, ਭਾਵਨਾ ਸ਼ਰਮਾ, ਰੁਪਿੰਦਰ ਕੌਰ, ਰੀਨਾ ਅਤੇ ਸਮੇਤ ਵੱਖ-ਵੱਖ ਵਿਭਾਗਾਂ ਦੀਆਂ ਟੀਮਾਂ ਨੇ ਸਮਾਗਮ ਦੀ ਸਫ਼ਲਤਾ ਲਈ ਯੋਗਦਾਨ ਪਾਇਆ।

# ਪੰਜਾਬ ਕ੍ਰਿਕਟ ਐਸੋਸੀਏਸ਼ਨ ਪਟਿਆਲਾ ਵਿਖੇ ਟ੍ਰਾਇਲ 2 ਮਾਰਚ ਨੂੰ

**ਪਟਿਆਲਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਪਟਿਆਲਾ ਜਿਲ੍ਹਾ ਅੰਡਰ - 23 ਸਾਲਾਂ ਟੀਮ ਦੀ ਚੋਣ ਲਈ ਟ੍ਰਾਇਲ ਆਯੋਜਿਤ ਕੀਤੇ ਜਾ ਰਹੇ ਹਨ, ਜੋ ਕਿ ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਕਰਵਾਏ ਜਾਣ ਵਾਲੇ 2026-2027 ਸੀਜ਼ਨ ਪੰਜਾਬ ਸਟੇਟ ਇੰਟਰ ਡਿਸਟ੍ਰਿਕਟ ਅੰਡਰ-23 ਸਾਲਾਂ (ਮਲਟੀ-ਡੇਅਜ਼ ਅਤੇ ਵਨ ਡੇਅ) ਟੂਰਨਾਮੈਂਟਾਂ ਵਿੱਚ ਹਿੱਸਾ ਲਵੇਗੀ। ਇਹ ਟ੍ਰਾਇਲ ਮਿਤੀ 02.03.2026, ਦਿਨ ਸੋਮਵਾਰ ਨੂੰ ਸਵੇਰੇ 08 ਵਜੇ ਤੋਂ ਧਰੁਵ ਪਾਂਡਵ ਸਟੇਡੀਅਮ (ਕ੍ਰਿਕਟ), ਪਟਿਆਲਾ (ਪੰਜਾਬ) ਵਿਖੇ ਹੋਣਗੇ।

ਸਾਰੇ ਖਿਡਾਰੀ, ਜਿਨ੍ਹਾਂ ਦਾ ਜਨਮ 01.09.2003 ਨੂੰ ਜਾਂ ਇਸ ਤੋਂ ਬਾਅਦ ਹੋਇਆ ਹੈ ਜਾਂ ਪਟਿਆਲਾ ਜ਼ਿਲ੍ਹੇ ਦੇ ਅਧਿਕਾਰ ਖੇਤਰ ਵਿੱਚ ਰਹਿ ਰਹੇ ਹਨ (30 ਜੂਨ, 2025 ਨੂੰ ਜਾਂ ਇਸ ਤੋਂ ਪਹਿਲਾਂ) ਅਤੇ 2026-27 ਟੂਰਨਾਮੈਂਟ ਤੋਂ ਪਹਿਲਾਂ ਪਿਛਲੇ ਇੱਕ ਸਾਲ (ਪਿਛਲੇ ਸਾਲ ਦੇ ਨਤੀਜੇ/ਮਾਰਕਸ਼ੀਟ ਅਤੇ ਮੌਜੂਦਾ ਸੈਸ਼ਨ ਬੋਨਾਫਾਈਡ ਸਰਟੀਫਿਕੇਟ ਦੇ ਨਾਲ) ਪੜ੍ਹ ਰਹੇ ਹਨ, ਟ੍ਰਾਇਲਾਂ ਲਈ ਯੋਗ ਹਨ।

ਖਿਡਾਰੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਯੋਗਤਾ ਸਬੰਧੀ ਅਸਲ ਦਸਤਾਵੇਜ਼ ਜਿਵੇਂ ਕਿ ਪਾਸਪੋਰਟ, ਡਿਜੀਟਲ ਜਨਮ ਸਰਟੀਫਿਕੇਟ, ਆਧਾਰ ਕਾਰਡ, ਸਕੂਲ ਦਾਖਲਾ ਨੰਬਰ ਅਤੇ ਸਾਲ 2025-26 ਦੇ ਦਾਖਲੇ ਦੀ ਮਿਤੀ/ਡੇਟ ਸ਼ੀਟ/ਮਾਰਕਸ਼ੀਟ (ਓਪਨ ਸਕੂਲ ਯੋਗ ਨਹੀਂ ਹੈ) ਦੇ ਨਾਲ-ਨਾਲ ਮੌਜੂਦਾ ਸੀਜ਼ਨ 2026-2027 ਲਈ ਸਕੂਲ ਬੋਨਾਫਾਈਡ ਸਰਟੀਫਿਕੇਟ, ਇੱਕ ਤਾਜ਼ਾ ਫੋਟੋ ਅਤੇ ਉਪਰੋਕਤ ਦਸਤਾਵੇਜ਼ਾਂ ਦੀਆਂ ਦੋ ਸੈੱਟ ਫੋਟੋਕਾਪੀਆਂ ਦੇ ਨਾਲ ਆਉਣ।

# ਸਿੱਖਿਆ ਕ੍ਰਾਂਤੀ ਤਹਿਤ ਸਕੂਲ ਮੈਨੇਜਮੈਂਟ ਕਮੇਟੀਆਂ ਦੇ ਮੈਂਬਰਾਂ ਦੀ ਡੀਈਓ ਸੈਕੰਡਰੀ ਪਟਿਆਲਾ ਨਾਲ ਅਹਿਮ ਮੀਟਿੰਗ



**ਪਟਿਆਲਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਸਰਪ੍ਰਸਤੀ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ ਸਕੂਲਾਂ ਵਿੱਚ ਚੱਲ ਰਹੇ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਪਟਿਆਲਾ ਦੇ ਸਕੂਲ ਮੈਨੇਜਮੈਂਟ ਕਮੇਟੀ ਨੁਮਾਇੰਦਿਆਂ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਅਤੇ ਐਲੀਮੈਂਟਰੀ ਸਿੱਖਿਆ ਪਟਿਆਲਾ ਨਾਲ ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਟਿਆਲਾ ਵਿਖੇ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ ਸਕੂਲਾਂ ਵਿੱਚ ਚੱਲ ਰਹੀਆਂ ਸਿਵਲ ਵਰਕਸ ਗ੍ਰਾਂਟਾਂ ਦੇ ਅਧੀਨ ਕਾਰਜਾਂ, ਸਕੂਲਾਂ ਵਿੱਚ ਆ ਰਹੇ ਕੰਪਿਊਟਰਾਂ ਅਤੇ ਇੰਟਰੈਕਟਿਵ ਪੈਨਲਾਂ, ਸਕੂਲਾਂ ਦੀ ਸਵੱਛਤਾ ਸਮੇਤ ਹੋਰ ਅਹਿਮ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਸਕੂਲ ਮੈਨੇਜਮੈਂਟ ਕਮੇਟੀ ਮੈਂਬਰਾਂ ਵਿੱਚ ਰਾਜਪੁਰਾ ਤੋਂ ਵਿਜੇ ਮੈਨਰੋ ਜ਼ਿਲ੍ਹਾ ਇੰਚਾਰਜ ਸਿੱਖਿਆ ਪਟਿਆਲਾ ਦਿਹਾਤੀ, ਪਟਿਆਲਾ ਤੋ ਗੁਰਦੇਵ ਟਿਵਾਣਾ ਜ਼ਿਲ੍ਹਾ ਇੰਚਾਰਜ ਸਿੱਖਿਆ ਪਟਿਆਲਾ ਸ਼ਹਿਰੀ,ਗੁਰਪ੍ਰੀਤ ਸਿੰਘ ਸੇਖੋਂ ਸਨੌਰ,ਰਮਨਦੀਪ ਸ਼ਰਮਾ ਸਮਾਣਾ ਆਦਿ ਨੇ ਆਪਣੇ ਸੁਝਾਅ ਮੀਟਿੰਗ ਵਿੱਚ ਰੱਖੇ।ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਸੰਜੀਵ ਸ਼ਰਮਾ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਆਧੁਨਿਕ ਅਤੇ ਡਿਜੀਟਲ ਸਿੱਖਿਆ ਪ੍ਰਦਾਨ ਕਰਨ ਲਈ ਜ਼ਿਲ੍ਹੇ ਦੇ ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਤਹਿਤ ਜਲਦ ਹੀ ਕੰਪਿਊਟਰ ਅਤੇ ਇੰਟਰੈਕਟਿਵ ਪੈਨਲ ਉਪਲਬਧ ਕਰਵਾਏ ਜਾ ਰਹੇ ਹਨ।ਇਸ ਉਪਰੰਤ ਸਕੂਲ ਮੈਨੇਜਮੈਂਟ ਕਮੇਟੀ ਮੈਂਬਰਾਂ ਵੱਲੋਂ ਖੁਸ਼ੀ ਦਾ ਇਜ਼ਹਾਰ ਵੀ ਕੀਤਾ ਗਿਆ। ਮੀਟਿੰਗ ਦੌਰਾਨ ਹੀ ਡੀਈਓ ਸੈਕੰਡਰੀ ਸਿੱਖਿਆ ਅਤੇ ਡੀਈਓ ਐਲੀਮੈਂਟਰੀ ਸਿੱਖਿਆ ਪਟਿਆਲਾ ਨੇ ਮਿਲੇ ਸੁਝਾਵਾਂ ਤੇ ਤੁਰੰਤ ਕਾਰਵਾਈ ਕਰਦਿਆਂ ਬਲਾਕ ਨੋਡਲ ਅਫਸਰਾਂ ਅਤੇ ਬੀਪੀਈਓਜ਼ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ।ਇਸ ਮੌਕੇ ਸੰਜੀਵ ਸ਼ਰਮਾ ਡੀਈਓ ਸੈਕੰਡਰੀ ਸਿੱਖਿਆ, ਸ਼ਾਲੂ ਮਹਿਰਾ ਡੀਈਓ ਐਲੀਮੈਂਟਰੀ ਸਿੱਖਿਆ,ਡਾ. ਰਵਿੰਦਰਪਾਲ ਸਿੰਘ ਡਿਪਟੀ ਡੀਈਓ,ਮਨਵਿੰਦਰ ਕੌਰ ਭੁੱਲਰ ਡਿਪਟੀ ਡੀਈਓ,ਰਾਜਿੰਦਰ ਸਿੰਘ ਖਹਿਰਾ ਡੀ.ਐੱਸ.ਐੱਮ., ਲਖਵਿੰਦਰ ਸਿੰਘ,ਜਸਪਾਲ ਸ਼ਰਮਾ,ਰਾਜਿੰਦਰ ਸਿੰਘ ਚਾਨੀ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਰਹੇ।ਮੀਟਿੰਗ ਦੇ ਸਾਰਥਕ ਨਤੀਜਿਆਂ ਤੋਂ ਪ੍ਰਸੰਨ ਹੋ ਕੇ ਸਕੂਲ ਮੈਨੇਜਮੈਂਟ ਕਮੇਟੀ ਮੈਂਬਰਾਂ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਅਜਿਹੀਆਂ ਮੀਟਿੰਗਾਂ ਹਰ ਮਹੀਨੇ ਆਯੋਜਿਤ ਕਰਨ ਦੀ ਅਪੀਲ ਵੀ ਕੀਤੀ।

# ਵਾਹਨਾਂ ਦੀਆਂ ਨੰਬਰ ਪਲੇਟਾਂ ਤਿਆਰ ਕਰਨ ਵਾਲੇ ਦੁਕਾਨਦਾਰਾਂ ਲਈ ਦਿਸ਼ਾ-ਨਿਰਦੇਸ਼ ਜਾਰੀ

**ਮਾਨਸਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀਮਤੀ ਨਵਜੋਤ ਕੌਰ ਆਈ.ਏ.ਐਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਮਾਨਸਾ ਦੀ ਹਦੂਦ ਅੰਦਰ ਜੋ ਵੀ ਦੁਕਾਨਦਾਰ ਵਹੀਕਲਾਂ ਦੀਆਂ ਨੰਬਰ ਪਲੇਟਾਂ ਤਿਆਰ ਕਰਦੇ ਜਾਂ ਬਣਾਉਂਦੇ ਹਨ ਲਈ ਹੁਕਮ ਜਾਰੀ ਕੀਤੇ ਹਨ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਸ਼ਰਾਰਤੀ ਅਨਸਰ ਨੰਬਰ ਪਲੇਟਾਂ ਬਣਾਉਣ ਵਾਲੀਆਂ ਦੁਕਾਨਾਂ ਤੋਂ ਬੜੀ ਆਸਾਨੀ ਨਾਲ ਵਹੀਕਲਾਂ ਦੀਆਂ ਜਾਅਲੀ ਨੰਬਰ ਪਲੇਟਾਂ ਬਣਾ ਲੈਂਦੇ ਹਨ ਅਤੇ ਬਾਅਦ ਵਿੱਚ ਕਿਸੇ ਵਾਰਦਾਤ ਨੂੰ ਅੰਜਾਮ ਦਿੰਦੇ ਹਨ ਜਿਸ ਕਾਰਨ ਵਾਰਦਾਤ ਵਿੱਚ ਵਰਤੇ ਗਏ ਵਹੀਕਲਾਂ ਨੂੰ ਟਰੇਸ ਕਰਨ ਵਿੱਚ ਕਾਫ਼ੀ ਦਿੱਕਤ ਪੇਸ਼ ਆਉਂਦੀ ਹੈ। ਉਨ੍ਹਾਂ ਕਿਹਾ ਕਿ ਨੰਬਰ ਪਲੇਟ ਬਣਾਉਣ ਵਾਲੀਆਂ ਦੁਕਾਨਾਂ ਕਿਸੇ ਵੀ ਵਿਅਕਤੀ ਨੂੰ ਬਿਨ੍ਹਾਂ ਵਹੀਕਲ ਤੋਂ ਨੰਬਰ ਪਲੇਟ ਬਣਾਕੇ ਨਾ ਦੇਣ ਅਤੇ ਨੰਬਰ ਪਲੇਟ ਸਿਰਫ਼ ਵਾਹਨ 'ਤੇ ਲਗਾਕੇ ਹੀ ਦਿੱਤੀ ਜਾਵੇ।

ਉਨ੍ਹਾਂ ਹੁਕਮ ਵਿੱਚ ਕਿਹਾ ਕਿ ਵਾਹਨਾਂ ਦੀਆਂ ਨੰਬਰ ਪਲੇਟਾਂ ਬਣਾਉਣ ਵਾਲੀਆਂ ਦੁਕਾਨਾਂ 'ਤੇ ਇੱਕ ਰਜਿਸਟਰ ਲਗਾਇਆ ਜਾਵੇ, ਜਿਸ ਵਿੱਚ ਨੰਬਰ ਪਲੇਟ ਬਣਾਉਣ ਵਾਲੇ ਵਿਅਕਤੀ ਦਾ ਨਾਮ ਸਮੇਤ ਪੂਰਾ ਪਤਾ ਅਤੇ ਉਸ ਦਾ ਸ਼ਨਾਖ਼ਤੀ ਪਰੂਫ਼ ਨਾਲ ਦਰਜ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਵਾਹਨਾਂ ਦਾ ਨੰਬਰ, ਚੈਸੀ ਨੰਬਰ, ਇੰਜਨ ਨੰਬਰ ਵੀ ਰਜਿਸਟਰ ਵਿੱਚ ਦਰਜ ਕਰਕੇ ਉਸ ਵਿਅਕਤੀ ਦੇ ਦਸਤਖ਼ਤ ਕਰਵਾਏ ਜਾਣ। ਉਨ੍ਹਾਂ ਕਿਹਾ ਕਿ ਵਾਹਨਾਂ ਦੀਆਂ ਨੰਬਰ ਪਲੇਟਾਂ ਬਣਾਉਣ ਵਾਲੀਆਂ ਦੁਕਾਨਾਂ 'ਤੇ ਦੁਕਾਨਦਾਰਾਂ ਵੱਲੋਂ ਸੀ.ਸੀ.ਟੀ.ਵੀ. ਕੈਮਰੇ ਲਗਵਾਏ ਜਾਣ, ਤਾਂ ਜੋ ਇਹ ਕੈਮਰੇ ਗੱਡੀ ਅਤੇ ਨੰਬਰ ਪਲੇਟ ਲਗਾਉਣ ਆਏ ਵਿਅਕਤੀ ਨੂੰ ਕਵਰ ਕਰਦੇ ਹੋਣ।

ਇਹ ਹੁਕਮ 32 ਮਾਰਚ 2026 ਤੱਕ ਲਾਗੂ ਰਹੇਗਾ।

# ਹਿੰਸਾ ਅਤੇ ਨਸ਼ਿਆਂ ਨੂੰ ਪ੍ਰਮੋਟ ਕਰਨ ਵਾਲੇ ਗੀਤਾਂ ਅਤੇ ਭਾਸ਼ਣਾਂ 'ਤੇ ਮੁਕੰਮਲ ਰੋਕ ਦੇ ਹੁਕਮ

**ਮਾਨਸਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀਮਤੀ ਨਵਜੋਤ ਕੌਰ ਆਈ.ਏ.ਐਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੀ ਹੱਦ ਅੰਦਰ ਸਰਕਾਰੀ ਅਤੇ ਗੈਰ ਸਰਕਾਰੀ ਬੱਸਾਂ, ਮੈਰਿਜ ਪੈਲੇਸਾਂ, ਸ਼ਹਿਰਾਂ, ਪਿੰਡਾਂ ਵਿੱਚ ਗਾਇਕਾਂ, ਗੀਤਕਾਰਾਂ ਅਤੇ ਬੁਲਾਰਿਆਂ ਵੱਲੋਂ ਲਗਾਏ ਜਾਣ ਵਾਲੇ ਅਖਾੜੇ ਜਾਂ ਸਟੇਜਾਂ 'ਤੇ ਹਿੰਸਾ ਅਤੇ ਨਸ਼ਿਆਂ ਨੂੰ ਪ੍ਰਮੋਟ ਕਰਨ ਵਾਲੇ ਗੀਤਾਂ ਅਤੇ ਭਾਸ਼ਣਾ 'ਤੇ ਮੁਕੰਮਲ ਪਾਬੰਦੀ ਲਗਾਈ ਹੈ। ਹੁਕਮ ਵਿੱਚ ਕਿਹਾ ਗਿਆ ਹੈ ਕਿ ਸਰਕਾਰੀ ਅਤੇ ਗੈਰ ਸਰਕਾਰੀ ਬੱਸਾਂ, ਮੈਰਿਜ ਪੈਲੇਸਾਂ, ਸ਼ਹਿਰਾਂ, ਪਿੰਡਾਂ ਵਿੱਚ ਗਾਇਕਾਂ, ਗੀਤਕਾਰਾਂ ਅਤੇ ਬੁਲਾਰਿਆਂ ਵੱਲੋਂ ਲਗਾਏ ਜਾਣ ਵਾਲੇ ਅਖਾੜੇ ਜਾਂ ਸਟੇਜਾਂ 'ਤੇ ਅਕਸਰ ਹਿੰਸਾ ਅਤੇ ਨਸ਼ਿਆਂ ਨੂੰ ਪ੍ਰਮੋਟ ਕਰਨ ਵਾਲੇ ਗੀਤ ਗਾਏ ਜਾਂਦੇ ਹਨ। ਇਨ੍ਹਾਂ ਗੀਤਾਂ ਨੂੰ ਸੁਣਕੇ ਆਮ ਲੋਕਾਂ ਤੋਂ ਇਲਾਵਾ ਯੁਵਾ ਪੀੜੀ ਦੇ ਲੜਕੇ ਅਤੇ ਲੜਕੀਆਂ ਦੇ ਆਚਰਣ 'ਤੇ ਭੈੜਾ ਅਸਰ ਪੈਂਦਾ ਹੈ, ਜਿਸ ਨੂੰ ਰੋਕਣ ਲਈ ਹਿੰਸਾ ਅਤੇ ਨਸ਼ਿਆਂ ਨੂੰ ਪ੍ਰਮੋਟ ਕਰਨ ਵਾਲੇ ਗੀਤਾਂ ਦੀ ਰੋਕਥਾਮ ਕਰਨੀ ਅਤਿ ਜ਼ਰੂਰੀ ਹੋ ਗਈ ਹੈ।

# ਯੂਰਪ ਦੇ ਡੈਨਮਾਰਕ ਵਿਖੇ ਦੂਜੀ ਇੰਡੋ ਇੰਟਰਨੈਸ਼ਨਲ ਬੈਂਚਰੈਸਟ ਸ਼ੂਟਿੰਗ ਚੈਂਪੀਅਨਸ਼ਿਪ ਆਯੋਜਿਤ

## 100 ਤੋਂ ਵੱਧ ਖਿਡਾਰੀਆਂ ਨੇ ਲਿਆ ਦੋਨੋ ਦੇਸ਼ਾਂ ਦੇ ਦੋਸਤਾਨਾ ਚੈਂਪੀਅਨਸ਼ਿਪ ਵਿੱਚ ਹਿੱਸਾ




**ਪਟਿਆਲਾ, 2 ਮਾਰਚ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਯੂਰਪ ਦੇ ਡੈਨਮਾਰਕ ਸ਼ਹਿਰ ਵਿਖੇ ਕੀ ਦੂਜੀ ਇੰਡੋ ਬੈਂਕ ਰੈਸਟ ਸ਼ੂਟਿੰਗ ਇੰਟਰਨੈਸ਼ਨਲ ਚੈਂਪੀਅਨਸ਼ਿਪ ਆਯੋਜਿਤ ਕਰਵਾਈ ਗਈ ਜਿੱਥੇ 100 ਤੋਂ ਵੱਧ ਇੰਟਰਨੈਸ਼ਨਲ ਖਿਡਾਰੀਆਂ ਨੇ ਆਪਣੀ ਕਲਾ ਦੇ ਜੌਹਰ ਦਿਖਾਏ ਕਰਵਾਈ ਗਈ ਇਸ ਚੈਂਪੀਅਨਸ਼ਿਪ ਵਿੱਚ ਸਮੁੱਚੇ ਖਿਡਾਰੀਆਂ ਨੇ ਆਪਣੀ ਕਲਾ ਦਾ ਪ੍ਰਦਰਸ਼ਨ ਦਿਖਾਉਂਦੇ ਹੋਏ ਯੂਥ ਕੈਟਾਗਰੀ ਵਿੱਚ ਕ੍ਰਿਸ ਜੋਸ਼ੀ ਨੇ ਸੋਨੇ ਦਾ ਤਮਗਾ ,ਜੂਨੀਅਰ ਕੈਟਾਗਰੀ ਵਿੱਚ ਹਰਸਿਮਰਨ ਸਿੰਘ ਨੇ ਸੋਨੇ ਦਾ ਤਗਮਾ ਆਪਣੇ ਦੇਸ਼ ਦੇ ਨਾਮ ਕਰਵਾਇਆ ਜ਼ਿਕਰਯੋਗ ਹੈ ਕਿ ਇਹ ਦੋਵੇਂ ਖਿਡਾਰੀ ਪਟਿਆਲਾ ਦੀ ਬੈਸਟ ਸ਼ੂਟਰ ਸ਼ੂਟਿੰਗ ਅਕੈਡਮੀ ਚ ਅੰਤਰਰਾਸ਼ਟਰੀ ਕੋਚ ਪ੍ਰਵੇਸ਼ ਜੋਸ਼ੀ ਤੋਂ ਆਪ ਇਨ ਟਰੇਨਿੰਗ ਲੈ ਰਹੇ ਸਨ ਜਿਨਾਂ ਦੀ ਅਣਥੱਕ ਮਿਹਨਤ ਸਦਕਾ ਇਹਨਾਂ ਦੋਵੇਂ ਖਿਡਾਰੀਆਂ ਨੇ ਸੋਨੇ ਦਾ ਸੋਨੇ ਦੇ ਤਮਗੇ ਜਿੱਤ ਕੇ ਡੈਨਮਾਰਕ ਵਿੱਚ ਆਪਣੇ ਦੇਸ਼ ਦਾ ਨਾਮ ਰੋਸ਼ਨ ਕੀਤਾ ਹੈ ਜਿੱਥੇ ਇਹਨਾਂ ਦੋਵੇਂ ਖਿਡਾਰੀਆਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਭਾਰਤ ਦੇ ਅਜਿਹੇ ਖਿਡਾਰੀਆਂ ਤੇ ਦੇਸ਼ ਮਾਣ ਮਹਿਸੂਸ ਕਰਦਾ ਹੈ ਜਿਨਾਂ ਨੇ ਚੰਗੀ ਮਿਹਨਤ ਸਦਕਾ ਵਿਦੇਸ਼ਾਂ ਦੀ ਧਰਤੀ ਤੇ ਜਾ ਕੇ ਵੀ ਆਪਣੇ ਦੇਸ਼ ਦਾ ਨਾਮ ਰੋਸ਼ਨ ਕੀਤਾ ਹੈ ਇਸ ਮੌਕੇ ਅੰਤਰਰਾਸ਼ਟਰੀ ਕੋਚ ਪ੍ਰਵੇਸ਼ ਜੋਸ਼ੀ ਨੇ ਕਿਹਾ ਕਿ ਇਹ ਖਿਡਾਰੀ ਪਿਛਲੇ ਲੰਬੇ ਸਮੇਂ ਤੋਂ ਅਕੈਡਮੀ ਵਿਖੇ ਪ੍ਰੈਕਟਿਸ ਕਰ ਰਹੇ ਸਨ ਜਿਨਾਂ ਦੀ ਮਿਹਨਤ ਸਦਕਾ ਦੋਵਾਂ ਦੇਸ਼ਾਂ ਦੇ ਖਿਡਾਰੀਆਂ ਵਿਚਕਾਰ ਖੇਡੇ ਗਏ ਦੋਸਤਾਂਨਾ ਮੈਚ ਵਿਚ ਹਿੱਸਾ ਲਿਆ।

# ਧਾਰੂਹੇੜਾ ਨਗਰ ਪਾਲਿਕਾ ਦਾ ਜੂਨੀਅਰ ਇੰਜੀਨੀਅਰ 90 ਹਜ਼ਾਰ ਰਿਸ਼ਵਤ ਲੈਂਦਾ ਕਾਬੂ

**ਚੰਡੀਗੜ੍ਹ/ਰੇਵੜੀ, 26 ਫਰਵਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜ ਸਤਿਕਾਰਤਾ ਤੇ ਭ੍ਰਿਸ਼ਟਾਚਾਰ ਰੋਕੂ ਬਿਊਰੋ, ਹਰਿਆਣਾ ਦੀ ਰੇਵੜੀ ਇਕਾਈ ਨੇ ਨਗਰ ਪਾਲਿਕਾ ਧਾਰੂਹੇੜਾ ਵਿੱਚ ਤਾਇਨਾਤ ਜੂਨੀਅਰ ਇੰਜੀਨੀਅਰ ਹਰੀਸ਼ ਚੰਦਰ ਨੂੰ ?90,000 ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।

ਬਿਊਰੋ ਮੁਤਾਬਕ ਦੋਸ਼ੀ ਨੇ ਸਰਕਾਰੀ ਨਿਰਮਾਣ ਕੰਮਾਂ ਦੇ ਬਿੱਲ ਤਿਆਰ ਕਰਨ ਦੇ ਬਦਲੇ ਰਿਸ਼ਵਤ ਦੀ ਮੰਗ ਕੀਤੀ ਸੀ। ਤੈਅ ਯੋਜਨਾ ਅਨੁਸਾਰ ਟ੍ਰੈਪ ਲਗਾ ਕੇ ਕਾਰਵਾਈ ਕੀਤੀ ਗਈ ਅਤੇ ਦੋਸ਼ੀ ਦੇ ਕਬਜ਼ੇ ਵਿੱਚੋਂ ਰਿਸ਼ਵਤ ਦੀ ਰਕਮ ਬਰਾਮਦ ਕਰ ਲਈ ਗਈ ਹੈ। ਮਾਮਲੇ ਦੀ ਜਾਂਚ ਜਾਰੀ ਹੈ।

ਬਿਊਰੋ ਨੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਰਿਸ਼ਵਤ ਸੰਬੰਧੀ ਸ਼ਿਕਾਇਤ ਹੈਲਪਲਾਈਨ 1064 ਜਾਂ 1800-180-2022 'ਤੇ ਦਰਜ ਕਰਵਾਈ ਜਾਵੇ।

# ਪਟਿਆਲਾ ਵਿੱਚ ਸ਼੍ਰੀ ਖਾਟੂ ਸ਼ਿਆਮ ਨਿਸ਼ਾਨ ਯਾਤਰਾ ਦਾ ਸ਼ਾਨਦਾਰ ਆਯੋਜਨ

## ਆਸ਼ੀਸ਼ ਕਪੂਰ ਵੱਲੋਂ ਸ਼ਰਧਾਲੂਆਂ ਦਾ ਕੀਤਾ ਗਿਆ ਗਰਮਜੋਸ਼ੀ ਨਾਲ ਸਵਾਗਤ



**ਪਟਿਆਲਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਵਿੱਚ ਅੱਜ ਸ਼੍ਰੀ ਖਾਟੂ ਸ਼ਿਆਮ ਜੀ ਦੀ ਭਵਿਆ ਨਿਸ਼ਾਨ ਯਾਤਰਾ ਭਾਰੀ ਸ਼ਰਧਾ ਅਤੇ ਉਤਸ਼ਾਹ ਨਾਲ ਆਯੋਜਿਤ ਕੀਤੀ ਗਈ। ਇਹ ਪਾਵਨ ਯਾਤਰਾ ਰਾਘੋ ਮਾਜਰਾ ਸਥਿਤ ਹਨੂਮਾਨ ਮੰਦਰ ਤੋਂ ਸ਼ੁਰੂ ਹੋ ਕੇ ਗੁੜ ਮੰਡੀ ਵਿਖੇ ਸਥਿਤ ਖਾਟੂ ਸ਼ਿਆਮ ਮੰਦਰ ਵਿੱਚ ਵਿਧੀਵਤ ਤੌਰ 'ਤੇ ਸੰਪੰਨ ਹੋਈ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਯਾਤਰਾ ਦਾ ਆਯੋਜਨ ਸ਼੍ਰੀ ਨਰੇਸ਼ ਕੁਮਾਰ ਕਾਕਾ ਦੀ ਅਗਵਾਈ ਹੇਠ ਕੀਤਾ ਗਿਆ।

ਇਸ ਧਾਰਮਿਕ ਕਾਰਜਕ੍ਰਮ ਵਿੱਚ ਰਾਸ਼ਟਰੀ ਬਜਰੰਗ ਦਲ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਆਸ਼ੀਸ਼ ਕਪੂਰ ਅਤੇ ਪ੍ਰਸਿੱਧ ਜੋਤਿਸ਼ਾਚਾਰਯ ਸੂਰਿਆਕਾਂਤ ਵਰਮਾ (ਕਿਲ੍ਹਾ ਚੌਂਕ) ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ 'ਤੇ ਆਯੋਜਕ ਨਰੇਸ਼ ਕੁਮਾਰ ਕਾਕਾ ਵੱਲੋਂ ਆਸ਼ੀਸ਼ ਕਪੂਰ ਨੂੰ ਸ਼੍ਰੀ ਖਾਟੂ ਸ਼ਿਆਮ ਜੀ ਦੀ ਪਾਵਨ ਤਸਵੀਰ ਭੇਟ ਕਰਕੇ ਅਤੇ ਸਿਰੋਪਾ ਪਹਿਨਾ ਕੇ ਸਨਮਾਨਿਤ ਕੀਤਾ ਗਿਆ।

ਸ੍ਰੀ ਕਪੂਰ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨਰੇਸ਼ ਕੁਮਾਰ ਕਾਕਾ ਵੱਲੋਂ ਹਰ ਸਾਲ ਕੱਢੀ ਜਾਣ ਵਾਲੀ ਇਹ ਨਿਸ਼ਾਨ ਯਾਤਰਾ ਸਮਾਜ ਨੂੰ ਧਾਰਮਿਕ ਮੂਲਿਆਂ ਅਤੇ ਸਨਾਤਨ ਪਰੰਪਰਾਵਾਂ ਨਾਲ ਜੋੜਨ ਦਾ ਸਰਾਹਣਯੋਗ ਉਪਰਾਲਾ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਲਗਭਗ 3100 ਸ਼ਰਧਾਲੂਆਂ ਨੇ ਨਿਸ਼ਾਨ ਚੁੱਕ ਕੇ ਯਾਤਰਾ ਵਿੱਚ ਭਾਗ ਲਿਆ, ਜੋ ਲੋਕਾਂ ਦੀ ਅਟੱਲ ਸ਼ਰਧਾ ਅਤੇ ਆਸਥਾ ਦਾ ਜੀਤਾ-ਜਾਗਦਾ ਪ੍ਰਤੀਕ ਹੈ।

ਯਾਤਰਾ ਦੌਰਾਨ ਭਜਨਾਂ, ਧਾਰਮਿਕ ਜੈਕਾਰਿਆਂ ਅਤੇ ਸੇਵਾ ਭਾਵ ਨਾਲ ਸਾਰਾ ਮਾਹੌਲ ਧਾਰਮਿਕ ਰੰਗ ਵਿੱਚ ਰੰਗਿਆ ਰਿਹਾ। ਰਸਤੇ ਭਰ ਸ਼ਰਧਾਲੂਆਂ ਵੱਲੋਂ ਠੰਢੇ ਪਾਣੀ ਅਤੇ ਪ੍ਰਸਾਦ ਦੀ ਸੇਵਾ ਵੀ ਕੀਤੀ ਗਈ।

ਇਸ ਮੌਕੇ 'ਤੇ ਰਿਸ਼ਵ ਅਗਰਵਾਲ, ਆਸ਼ੀਸ਼ ਵਰਮਾ, ਆਸ਼ੂ ਭਾਰਦਵਾਜ, ਸੁਭਾਸ਼ ਗੌਤਮ, ਸਾਹਿਲ ਖੰਨਾ, ਹਿਤੇਸ਼ ਪਾਂਧੀ, ਪੁਨੀਤ ਚਾਵਲਾ, ਕੇਸ਼ੀ ਪੰਡਿਤ, ਜੋਗਿੰਦਰ ਬਿੱਟੂ, ਰੋਹਿਤ ਗੋਇਲ, ਰਾਜੇਸ਼ ਵਰਮਾ ਸਮੇਤ ਕਈ ਸ਼ਖ਼ਸੀਅਤਾਂ ਅਤੇ ਸ਼ਰਧਾਲੂ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ।

# ਪਟਿਆਲਾ ਨਗਰ ਨਿਗਮ ਦਾ ਮਾਸਟਰ ਪਲਾਨ: 161 ਕਰੋੜ ਦਾ ਬਜਟ ਪਾਸ

## 51 ਕਰੋੜ ਦੇ ਮੈਗਾ ਸਫਾਈ ਪ੍ਰੋਜੈਕਟ ਅਤੇ ਰੋਡ ਸਵੀਪਿੰਗ ਨਾਲ ਸ਼ਹਿਰ ਹੋਵੇਗਾ ਕੂੜਾ ਮੁਕਤ: ਮੇਅਰ, ਕਮਿਸ਼ਨਰ



**ਪਟਿਆਲਾ, 2 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਪਟਿਆਲਾ ਵੱਲੋਂ ਆਗਾਮੀ ਵਿੱਤੀ ਸਾਲ 2026-27 ਲਈ 161 ਕਰੋੜ ਰੁਪਏ ਦਾ ਵੱਡਾ ਸਾਲਾਨਾ ਬਜਟ ਤਿਆਰ ਕੀਤਾ ਗਿਆ ਹੈ, ਜੋ ਕਿ ਪਿਛਲੇ ਸਾਲ ਦੇ 146 ਕਰੋੜ ਰੁਪਏ ਦੇ ਬਜਟ ਦੇ ਮੁਕਾਬਲੇ 15 ਕਰੋੜ ਰੁਪਏ ਵਧੇਰੇ ਹੈ। ਇਸ ਬਜਟ ਨੂੰ ਅੱਜ ਪ੍ਰਵਾਨਗੀ ਦੇਣ ਲਈ ਵਿੱਤ ਅਤੇ ਠੇਕਾ ਕਮੇਟੀ ਦੀ ਮੀਟਿੰਗ ਮੇਅਰ ਕੁੰਦਨ ਗੋਗੀਆ ਅਤੇ ਕਮਿਸ਼ਨਰ ਪਰਮਜੀਤ ਸਿੰਘ ਦੀ ਅਗਵਾਈ ਵਿੱਚ ਬੁਲਾਈ ਗਈ. ਇਸ ਮੌਕੇ ਉਨ੍ਹਾਂ ਨਾਲ ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ ਤੋਂ ਇਲਾਵਾ ਨਿਗਮ ਦੇ ਸੀਨੀਅਰ ਅਧਿਕਾਰੀ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ. ਇਸ ਮੌਕੇ ਵੱਲੋਂ ਸ਼ਹਿਰ ਦੇ ਵਿਕਾਸ ਲਈ ਕਈ ਅਹਿਮ ਮੱਤੇ ਪਾਸ ਕੀਤੇ ਗਏ। ਬਜਟ ਅਨੁਸਾਰ, ਨਿਗਮ ਵੱਲੋਂ 120 ਕਰੋੜ ਰੁਪਏ ਵਿਭਾਗੀ ਖਰਚਿਆਂ ਲਈ ਰੱਖੇ ਗਏ ਹਨ, ਜਦਕਿ ਸ਼ਹਿਰ ਦੇ ਵਿਕਾਸ ਕਾਰਜਾਂ ਲਈ 53 ਕਰੋੜ ਰੁਪਏ ਦੀ ਰਾਸ਼ੀ ਖਰਚਣ ਦਾ ਪ੍ਰਸਤਾਵ ਹੈ। ਨਿਗਮ ਪ੍ਰਸ਼ਾਸਨ ਨੂੰ ਉਮੀਦ ਹੈ ਕਿ ਰਾਜ ਸਰਕਾਰ ਵੱਲੋਂ ਵਿਕਾਸ ਲਈ ਲਗਭਗ 150 ਕਰੋੜ ਰੁਪਏ ਦੀ ਵਾਧੂ ਗ੍ਰਾਂਟ ਵੀ ਪ੍ਰਾਪਤ ਹੋ ਸਕਦੀ ਹੈ, ਜਿਸ ਨਾਲ ਵੱਡੇ ਪ੍ਰੋਜੈਕਟਾਂ ਨੂੰ ਨੇਪਰੇ ਚਾੜ੍ਹਿਆ ਜਾਵੇਗਾ।

**51 ਕਰੋੜ ਦਾ ਮੈਗਾ ਸਫਾਈ ਪ੍ਰੋਜੈਕਟ ਅਤੇ ਰੋਡ ਸਵੀਪਿੰਗ**

ਸ਼ਹਿਰ ਦੀ ਸਫਾਈ ਵਿਵਸਥਾ ਨੂੰ ਪੂਰੀ ਤਰ੍ਹਾਂ ਬਦਲਣ ਲਈ ਨਿਗਮ ਨੇ ?51.85 ਕਰੋੜ ਦੀ ਲਾਗਤ ਵਾਲਾ 'ਇੰਟੀਗ੍ਰੇਟਿਡ ਸਾਲਿਡ ਵੇਸਟ ਮੈਨੇਜਮੈਂਟ' ਪ੍ਰੋਜੈਕਟ ਉਲੀਕਿਆ ਹੈ। ਅਗਲੇ 3 ਸਾਲਾਂ ਲਈ ਤਿਆਰ ਕੀਤੇ ਇਸ ਪ੍ਰੋਜੈਕਟ ਤਹਿਤ ਸ਼ਹਿਰ ਦੇ ਸਾਰੇ 60 ਵਾਰਡਾਂ ਵਿੱਚੋਂ 'ਡੋਰ-ਟੂ-ਡੋਰ' ਕੂੜਾ ਇਕੱਠਾ ਕੀਤਾ ਜਾਵੇਗਾ, ਉਸ ਦੀ ਛਾਂਟੀ ਕੀਤੀ ਜਾਵੇਗੀ ਅਤੇ ਵਿਗਿਆਨਕ ਤਰੀਕੇ ਨਾਲ ਨਿਪਟਾਰਾ ਕੀਤਾ ਜਾਵੇਗਾ। ਇਸ ਦੇ ਨਾਲ ਹੀ, ਸੜਕਾਂ 'ਤੇ ਉੱਡਦੀ ਧੂੜ ਅਤੇ ਖਰਾਬ ਹੁੰਦੀ ਹਵਾ ਦੀ ਗੁਣਵੱਤਾ ਨੂੰ ਸੁਧਾਰਨ ਲਈ ?11 ਕਰੋੜ ਦੀ ਲਾਗਤ ਨਾਲ 'ਮਕੈਨਾਈਜ਼ਡ ਰੋਡ ਸਵੀਪਿੰਗ' ਮਸ਼ੀਨਾਂ ਰਾਹੀਂ ਸਫਾਈ ਕਰਵਾਈ ਜਾਵੇਗੀ। ਇਹ ਹਾਈ-ਟੈਕ ਮਸ਼ੀਨਾਂ ਇੱਕ ਘੰਟੇ ਵਿੱਚ 6 ਤੋਂ 8 ਕਿਲੋਮੀਟਰ ਸੜਕ ਸਾਫ਼ ਕਰਨ ਦੇ ਸਮਰੱਥ ਹਨ ਅਤੇ ਪਾਣੀ ਦੇ ਛਿੜਕਾਅ ਰਾਹੀਂ ਧੂੜ ਉੱਡਣ ਤੋਂ ਰੋਕਦੀਆਂ ਹਨ।

**ਵਾਰਡਾਂ ਦਾ ਵਿਕਾਸ ਅਤੇ ਆਧੁਨਿਕ ਸਹੂਲਤਾਂ**

ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਕਾਸ ਨੂੰ ਤੇਜ਼ੀ ਦੇਣ ਲਈ ਕਈ ਅਹਿਮ ਮੱਤੇ ਪਾਸ ਕੀਤੇ ਗਏ ਹਨ। ਤਫਜ਼ਲਪੁਰਾ ਪਾਰਕ ਵਿੱਚ ਸਟਰੀਟ ਲਾਈਟਾਂ ਲਈ 11 ਲੱਖ, ਸੰਨੀ ਐਨਕਲੇਵ ਦੀਆਂ ਸੜਕਾਂ ਲਈ 16.88 ਲੱਖ ਅਤੇ ਗੋਪਾਲ ਕਾਲੋਨੀ ਵਿੱਚ ਇੰਟਰਲੌਕਿੰਗ ਟਾਇਲਾਂ ਲਗਾਉਣ ਲਈ 20 ਲੱਖ ਰੁਪਏ ਖਰਚੇ ਜਾਣਗੇ। ਇਸ ਤੋਂ ਇਲਾਵਾ, ਮਥੁਰਾ ਕਾਲੋਨੀ ਅਤੇ ਗ੍ਰੀਨ ਲਹਿਲ ਕਾਲੋਨੀ ਵਿੱਚ ਵੀ ਸੜਕ ਮੁਰੰਮਤ ਅਤੇ ਬੋਰ ਇੰਸਟਾਲੇਸ਼ਨ ਦੇ ਕੰਮਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਨਿਗਮ ਵੱਲੋਂ ਆਪਣੀਆਂ ਵੱਖ-ਵੱਖ ਸ਼ਾਖਾਵਾਂ ਲਈ ?48.08 ਲੱਖ ਦੀ ਲਾਗਤ ਨਾਲ ਨਵੇਂ ਕੰਪਿਊਟਰ ਅਤੇ ਪ੍ਰਿੰਟਰ ਵੀ ਖਰੀਦੇ ਜਾ ਰਹੇ ਹਨ ਤਾਂ ਜੋ ਦਫ਼ਤਰੀ ਕੰਮਕਾਜ ਨੂੰ ਤੇਜ਼ ਕੀਤਾ ਜਾ ਸਕੇ।

**ਕਮਾਈ ਦੇ ਟੀਚੇ ਅਤੇ ਚੁਣੌਤੀਆਂ**

ਨਿਗਮ ਨੇ ਅਗਲੇ ਸਾਲ ਲਈ ਕਮਾਈ ਦੇ ਵੱਡੇ ਟੀਚੇ ਮਿਥੇ ਹਨ, ਜਿਨ੍ਹਾਂ ਵਿੱਚ ਪ੍ਰਾਪਰਟੀ ਟੈਕਸ ਤੋਂ 30 ਕਰੋੜ, ਜੀ.ਐਸ.ਟੀ. ਸ਼ੇਅਰ ਤੋਂ 72 ਕਰੋੜ ਅਤੇ ਪਾਣੀ-ਸੀਵਰੇਜ ਬਿੱਲਾਂ ਤੋਂ 12 ਕਰੋੜ ਰੁਪਏ ਸ਼ਾਮਲ ਹਨ। ਹਾਲਾਂਕਿ, ਐਡੀਸ਼ਨਲ ਐਕਸਾਈਜ਼ ਡਿਊਟੀ, ਰੋਡ ਕਟਿੰਗ ਅਤੇ ਲਾਇਸੈਂਸ ਫੀਸ ਵਰਗੀਆਂ ਬ੍ਰਾਂਚਾਂ ਵਿੱਚ ਵੀ ਵਾਧਾ ਹੋਣ ਦੀ ਉਮੀਦ ਹੈ। ਨਿਗਮ ਨੇ ਸਾਲ 2026-27 ਵਿੱਚ ਲਾਇਸੈਂਸ ਫੀਸ ਤੋਂ 42 ਲੱਖ ਰੁਪਏ ਕਮਾਉਣ ਦਾ ਨਵਾਂ ਟੀਚਾ ਰੱਖਿਆ ਹੈ।

# ਬੀਬੀਕੇ ਡੀਏਵੀ ਕਾਲਜ ਫਾਰ ਵੂਮੈਨ ਨੇ ਆ.ਫਤ ਪ੍ਰਬੰਧਨ ਸਿਖਲਾਈ ਕੈਂਪ ਵਿਚ ਲਿਆ ਭਾਗ

**ਕੌਮੀ ਪਤ੍ਰਿਕਾ**
**ਕ੍ਰਿਸ਼ਨ ਸਿੰਘ ਦੁਸਾਂਝ**

ਅੰਮ੍ਰਿਤਸਰ 2 ਮਾਰਚ: ਬੀਬੀਕੇ ਡੀਏਵੀ ਕਾਲਜ ਫਾਰ ਵੂਮੈਨ, ਅੰਮ੍ਰਿਤਸਰ ਨੇ ਯੁਵਾ ਆਪਦਾ ਮਿੱਤਰਾ ਸਕੀਮ ਦੀ ਅਗਵਾਈ ਹੇਠ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ?ਰੇਸ਼ਨ (ਐਮ ਜੀ ਐਸ ਆਈ ਪੀ ਏ) ਦੁਆਰਾ ਪੰਜਾਬ ਸਰਕਾਰ ਦੁਆਰਾ ਆਯੋਜਿਤ ਇੱਕ ਆਫ਼ਤ ਪ੍ਰਬੰਧਨ ਸਿਖਲਾਈ ਪ੍ਰੋਗਰਾਮ ਵਿਚ ਸਰਗਰਮੀ ਨਾਲ ਹਿੱਸਾ ਲਿਆ। ਇਹ ਸਿਖਲਾਈ ਪ੍ਰੋਗਰਾਮ 24 ਤੋਂ 30 ਜਨਵਰੀ 2026 ਤੱਕ ਸਰਕਾਰੀ ਪੌਲੀਟੈਕਨਿਕ ਕਾਲਜ ਵਿਖੇ ਆਯੋਜਿਤ ਕੀਤਾ ਗਿਆ। ਇਸ ਪਹਿਲਕਦਮੀ ਦਾ ਉਦੇਸ਼ ਨੌਜਵਾਨ ਵਲੰਟੀਅਰਾਂ ਨੂੰ ਆਫ਼ਤਾਂ ਅਤੇ ਐਮਰਜੈਂਸੀ ਸਥਿਤੀਆਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਜਵਾਬ ਦੇਣ ਲਈ ਲੋੜੀਂਦੇ ਗਿਆਨ ਅਤੇ ਹੁਨਰਾਂ ਨਾਲ ਲੈਸ ਕਰਨਾ ਸੀ। ਸੈਸ਼ਨਾਂ ਦੌਰਾਨ ਆਫ਼ਤ ਪ੍ਰਬੰਧਨ ਦੇ ਮੁੱਖ ਪਹਿਲੂਆਂ ਨੂੰ ਸ਼ਾਮਲ ਕੀਤਾ ਗਿਆ, ਜਿਸ ਵਿਚ ਕੁਦਰਤੀ ਅਤੇ ਮਨੁੱਖ ਦੁਆਰਾ ਬਣਾਈਆਂ ਆਫ਼ਤਾਂ ਦੀਆਂ ਕਿਸਮਾਂ, ਤਿਆਰੀ ਅਤੇ ਪ੍ਰਭਾਵ ਨੂੰ ਘਟਾਉਣ ਦੀਆਂ ਰਣਨੀਤੀਆਂ, ਮੁੱਢਲੀ ਸਹਾਇਤਾ ਅਤੇ ਬੁਨਿਆਦੀ ਜੀਵਨ-ਰੱਖਿਅਕ ਤਕਨੀਕਾਂ, ਖੋਜ ਅਤੇ ਬਚਾਅ ਕਾਰਜ, ਐਮਰਜੈਂਸੀ ਪ੍ਰਤੀਕਿਰਿਆ, ਨਿਕਾਸੀ ਅਤੇ ਰਾਹਤ ਪ੍ਰਬੰਧਨ ਅਤੇ ਸੰਕਟ ਦੌਰਾਨ ਨੌਜਵਾਨ ਵਲੰਟੀਅਰਾਂ ਦੀ ਭੂਮਿਕਾ ਸ਼ਾਮਲ ਰਹੀ । ਪ੍ਰੈਕਟੀਕਲ ਪ੍ਰਦਰਸ਼ਨ, ਮੌਕ ਡ੍ਰਿਲ ਅਤੇ ਇੰਟਰਐਕਟਿਵ ਸੈਸ਼ਨ ਐਮਰਜੈਂਸੀ




ਪ੍ਰਤੀਕਿਰਿਆ ਵਿਧੀਆਂ ਨਾਲ ਹੱਥੀਂ ਸਿਖਲਾਈ ਅਤੇ ਅਸਲ-ਸਮੇਂ ਦੇ ਸੰਪਰਕ ਪ੍ਰਦਾਨ ਕਰਨ ਲਈ ਕਰਵਾਏ ਗਏ ਸਨ। ਕਾਲਜ ਦੇ ਕੁੱਲ 12 ਐਨਐਸਐਸ ਵਲੰਟੀਅਰਾਂ ਨੇ ਇਸ ਤੀਬਰ ਸਿਖਲਾਈ ਪ੍ਰੋਗਰਾਮ ਵਿਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਇਸਦੇ ਸਫਲਤਾਪੂਰਵਕ ਸੰਪੂਰਨ ਹੋਣ 'ਤੇ ਉਨ੍ਹਾਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ। ਭਾਗੀਦਾਰਾਂ ਵਿੱਚੋਂ, ਬੀ.ਕਾਮ ਸਮੈਸਟਰ ੭9 ਦੀ ਵਿਦਿਆਰਥਣ ਅਤੇ ਇੱਕ ਐਨਐਸਐਸ ਵਲੰਟੀਅਰ, ਸ਼੍ਰੀਮਤੀ ਭਾਵਿਆ ਨੂੰ ਸਰਵੋਤਮ ਵਲੰਟੀਅਰ ਚੁਣਿਆ ਗਿਆ ਅਤੇ ਕੈਂਪ ਦੌਰਾਨ ਉਨ੍ਹਾਂ ਦੇ ਸ਼ਾਨਦਾਰ ਸਮਰਪਣ ਅਤੇ ਮਿਸਾਲੀ ਸੇਵਾ ਲਈ ਵਿਸ਼ੇਸ਼ ਸਨਮਾਨ ਪ੍ਰਦਾਨ ਕੀਤਾ ਗਿਆ। ਪ੍ਰਿੰਸੀਪਲ ਡਾ. ਪੁਸ਼ਪਿੰਦਰ ਵਾਲੀਆ ਨੇ ਕਿਹਾ ਕਿ ਕਾਲਜ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਅਤੇ ਸਮਰੱਥ ਨੌਜਵਾਨ ਲੀਡਰਾਂ ਨੂੰ ਤਿਆਰ ਕਰਨ ਲਈ ਵਚਨਬੱਧ ਹੈ ਜੋ ਐਮਰਜੈਂਸੀ ਦੌਰਾਨ ਅਰਥਪੂਰਨ ਯੋਗਦਾਨ ਪਾ ਸਕਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਸਿਖਲਾਈ ਪ੍ਰੋਗਰਾਮ ਅੱਜ ਦੇ ਸਮੇਂ ਵਿਚ ਜ਼ਰੂਰੀ ਹਨ, ਜਦੋਂ ਕਿਸੇ ਵੀ ਸਮੇਂ ਅਣਕਿਆਸੀ ਆਫ਼ਤਾਂ ਆ ਸਕਦੀਆਂ ਹਨ। ਪ੍ਰੋਗਰਾਮ ਦਾ ਤਾਲਮੇਲ ਸ਼੍ਰੀਮਤੀ ਅਕਸ਼ਿਕਾ ਅਨੇਜਾ, ਐਨਐਸਐਸ ਪ੍ਰੋਗਰਾਮ ਅਫਸਰ ਦੁਆਰਾ ਕੀਤਾ ਗਿਆ ਸੀ।

## ਪੰਜਾਬ ਸਰਕਾਰ ਦਾ ਨਵਾਂ ਫ਼ਰਮਾਨ, ਇਨ੍ਹਾਂ ਪਿੰਡਾਂ ਦੀ ਜ਼ਮੀਨ ਪੁੱਡਾ ਨੂੰ ਦੇਣ ਦੇ ਹੁਕਮ

ਚੰਡੀਗੜ੍ਹ 2 ਮਾਰਚ। ਪੰਜਾਬ ਸਰਕਾਰ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਹਾਊਸਿੰਗ ਵਿਭਾਗ ਨੂੰ ਇਕ ਅਹਿਮ ਪੱਤਰ ਲਿਖ ਕੇ ਸੂਬੇ ਦੇ ਵੱਖ-ਵੱਖ ਪਿੰਡਾਂ ਦੀ ਜ਼ਮੀਨ ਨੂੰ EWS ਸਕੀਮ ਲਈ ਪੁੱਡਾ ਨੂੰ ਸਹਿਯੋਗ ਕਰਨ ਲਈ ਕਿਹਾ ਹੈ। 22 ਫਰਵਰੀ 2026 ਨੂੰ ਜਾਰੀ ਕੀਤੇ ਗਏ ਇਸ ਸਰਕਾਰੀ ਪੱਤਰ ਅਨੁਸਾਰ ਐੱਸ.ਏ.ਐਸ. ਨਗਰ (ਮੋਹਾਲੀ) ਦੇ ਉਨ੍ਹਾਂ 16 ਪਿੰਡਾਂ ਦੀ ਸੂਚੀ ਦਾ ਹਵਾਲਾ ਦਿੱਤਾ ਗਿਆ ਹੈ ਜੋ ਨਵੰਬਰ 2025 ਦੀ ਨੋਟੀਫਿਕੇਸ਼ਨ ਮੁਤਾਬਕ ਹੁਣ ਨਗਰ ਕੌਂਸਲਾਂ ਦੀ ਹੱਦ ਅੰਦਰ ਆ ਚੁੱਕੇ ਹਨ। ਵਿਭਾਗ ਨੇ ਹਾਊਸਿੰਗ ਅਤੇ ਅਰਬਨ ਡਿਵੈਲਪਮੈਂਟ ਵਿਭਾਗ ਨੂੰ ਇਨ੍ਹਾਂ 16 ਪਿੰਡਾਂ ਦੀ ਜ਼ਮੀਨ ਦੀ ਫ਼ਿਜ਼ੀਬਿਲਟੀ (ਵਿਹਾਰਕਤਾ) ਚੈੱਕ ਕਰਨ ਲਈ ਕਿਹਾ ਹੈ ਤਾਂ ਜੋ ਇਸ ਜ਼ਮੀਨ ਨੂੰ EWS ਸਕੀਮ ਲਈ ਵਰਤੋਂ ਵਿਚ ਲਿਆਂਦਾ ਜਾ ਸਕੇ। ਸਰਕਾਰ ਨੇ 16 ਪਿੰਡਾਂ ਦੀ ਮੁੱਖ ਸੂਚੀ ਤੋਂ ਇਲਾਵਾ, ਚਾਰ ਹੋਰ ਵਿਸ਼ੇਸ਼ ਸਾਈਟਾਂ ਦੀ ਫ਼ਿਜ਼ੀਬਿਲਟੀ ਚੈੱਕ ਕਰਨ ਲਈ ਵੀ ਨਿਰਦੇਸ਼ ਦਿੱਤੇ ਹਨ। ਜਿਨ੍ਹਾਂ ਵਿਚ ਪਿੰਡ ਟੰਗੋਰੀ (ਜ਼ਿਲਾ ਐਸ.ਏ.ਐਸ. ਨਗਰ) 25 ਏਕੜ ਜ਼ਮੀਨ, ਪਿੰਡ ਝਪਾਰਖੇੜੀ (ਜ਼ਿਲਾ ਅੰਮ੍ਰਿਤਸਰ) 9 ਏਕੜ ਜ਼ਮੀਨ, ਪਿੰਡ ਦਧੇੜੀ (ਜ਼ਿਲਾ ਪਟਿਆਲਾ) 5 ਏਕੜ ਜ਼ਮੀਨ, ਪਿੰਡ ਕਾਦੀਆਂਵਾਲੀ (ਜ਼ਿਲਾ ਜਲੰਧਰ) 4.5 ਏਕੜ ਜ਼ਮੀਨ ਸ਼ਾਮਲ ਹੈ।

## ਬਿਰਯਾਨੀ ਦੇ ਨਾਂ 'ਤੇ 70,000 ਕਰੋੜ ਦਾ ਵੱਡਾ ਟੈਕਸ ਘਪਲਾ ! 19 ਦੀ ਮਦਦ ਨਾਲ ਹੋਇਆ ਪਰਦਾਫਾਸ਼

ਬਿਜ਼ਨੈੱਸ ਡੈਸਕ 2 ਮਾਰਚ। ਦੇਸ਼ ਭਰ ਦੇ ਰੈਸਟੋਰੈਂਟਾਂ ਵੱਲੋਂ ਕਰੋੜਾਂ ਰੁਪਏ ਦੀ ਟੈਕਸ ਚੋਰੀ ਦਾ ਇੱਕ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਆਰਟੀਫੀਸ਼ੀਅਲ ਇੰਟੈਲੀਜੈਂਸ (19) ਦੀ ਮਦਦ ਨਾਲ ਕੀਤੀ ਗਈ ਜਾਂਚ ਵਿੱਚ ਖੁਲਾਸਾ ਹੋਇਆ ਹੈ ਕਿ ਰੈਸਟੋਰੈਂਟਾਂ ਨੇ ਲਗਭਗ 70,000 ਕਰੋੜ ਰੁਪਏ ਦੀ ਬਿਰਯਾਨੀ ਦੀ ਵਿਕਰੀ ਨੂੰ ਲੁਕਾ ਕੇ ਵੱਡੇ ਪੱਧਰ 'ਤੇ ਟੈਕਸ ਚੋਰੀ ਕੀਤੀ ਹੈ। ਇਨਕਮ ਟੈਕਸ ਵਿਭਾਗ ਅਨੁਸਾਰ, ਰੈਸਟੋਰੈਂਟ ਮਾਲਕ ਇੱਕ ਖਾਸ ਬਿਲਿੰਗ ਸੌਫਟਵੇਅਰ ਦੀ ਦੁਰਵਰਤੋਂ ਕਰ ਰਹੇ ਸਨ। ਗਾਹਕਾਂ ਤੋਂ ਪੂਰੇ ਪੈਸੇ ਵਸੂਲਣ ਤੋਂ ਬਾਅਦ, ਸਿਸਟਮ ਵਿੱਚੋਂ ਬਿੱਲਾਂ ਨੂੰ ਡਿਲੀਟ ਜਾਂ ਐਡਿਟ ਕਰ ਦਿੱਤਾ ਜਾਂਦਾ ਸੀ। ਸਭ ਤੋਂ ਵੱਧ ਹੇਰਾਫੇਰੀ ਨਕਦ ਬਿੱਲਾਂ ਵਿੱਚ ਕੀਤੀ ਗਈ, ਕਿਉਂਕਿ ਨਕਦ ਲੈਣ-ਦੇਣ ਨੂੰ ਟਰੈਕ ਕਰਨਾ ਮੁਸ਼ਕਲ ਹੁੰਦਾ ਹੈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਲਗਭਗ 13,000 ਕਰੋੜ ਰੁਪਏ ਦੇ ਬਿੱਲ ਸਿਸਟਮ ਤੋਂ ਪੂਰੀ ਤਰ੍ਹਾਂ ਮਿਟਾ ਦਿੱਤੇ ਗਏ ਸਨ। ਇਸ ਘਪਲੇ ਨੂੰ ਫੜਨ ਲਈ ਇਨਕਮ ਟੈਕਸ ਵਿਭਾਗ ਨੇ ਜਨਰੇਟਿਵ 19 ਅਤੇ ਹਾਈ-ਕੈਪੇਸਿਟੀ ਸਿਸਟਮਾਂ ਦੀ ਵਰਤੋਂ ਕੀਤੀ। ਵਿਭਾਗ ਨੇ ਦੇਸ਼ ਭਰ ਦੇ ਲਗਭਗ 1.77 ਲੱਖ ਰੈਸਟੋਰੈਂਟਾਂ ਦੇ 60 ਟੈਰਾਬਾਈਟ ਟ?ਰਾਂਜੈਕਸ਼ਨ ਡੇਟਾ ਦਾ ਵਿਸ਼ਲੇਸ਼ਣ ਕੀਤਾ। ਅਹਿਮਦਾਬਾਦ ਸਥਿਤ ਇੱਕ ਸੌਫਟਵੇਅਰ ਕੰਪਨੀ ਦੇ ਡੇਟਾ ਰਾਹੀਂ ਇਸ ਵੱਡੇ ਨੈੱਟਵਰਕ ਦਾ ਖੁਲਾਸਾ ਹੋਇਆ ਹੈ। ਟੈਕਸ ਚੋਰੀ ਦੇ ਸਭ ਤੋਂ ਵੱਧ ਮਾਮਲੇ ਦੱਖਣੀ ਅਤੇ ਪੱਛਮੀ ਭਾਰਤ ਦੇ ਸੂਬਿਆਂ ਵਿੱਚ ਦੇਖਣ ਨੂੰ ਮਿਲੇ ਹਨ: ਤਾਮਿਲਨਾਡੂ: 1,200 ਕਰੋੜ ਰੁਪਏ ਦੀ ਚੋਰੀ। ਇਸ ਤੋਂ ਇਲਾਵਾ ਮਹਾਰਾਸ਼ਟਰ ਅਤੇ ਗੁਜਰਾਤ ਵਿੱਚ ਵੀ ਵੱਡੀ ਗਿਣਤੀ ਵਿੱਚ ਅਜਿਹੇ ਮਾਮਲੇ ਸਾਹਮਣੇ ਆਏ ਹਨ। ਇਸ ਮਾਮਲੇ ਦੀ ਜਾਂਚ ਦੀ ਸ਼ੁਰੂਆਤ ਹੈਦਰਾਬਾਦ ਅਤੇ ਵਿਸ਼ਾਖਾਪਟਨਮ ਤੋਂ ਹੋਈ ਸੀ। ਜਦੋਂ ਮਾਮਲਾ ਗੰਭੀਰ ਜਾਪਿਆ ਤਾਂ ਕੇਂਦਰੀ ਪ੍ਰਤੱਖ ਟੈਕਸ ਬੋਰਡ (324") ਨੇ ਇਸ ਜਾਂਚ ਨੂੰ ਪੂਰੇ ਦੇਸ਼ ਵਿੱਚ ਵਧਾ ਦਿੱਤਾ। ਅਧਿਕਾਰੀਆਂ ਮੁਤਾਬਕ ਰੈਸਟੋਰੈਂਟਾਂ ਨੇ ਆਪਣੀ ਕੁੱਲ ਵਿਕਰੀ ਦਾ ਲਗਭਗ 27% ਹਿੱਸਾ ਟੈਕਸ ਵਿਭਾਗ ਤੋਂ ਛੁਪਾ ਕੇ ਰੱਖਿਆ ਸੀ। ਹੁਣ ਵਿਭਾਗ ਵੱਲੋਂ ਇਨ੍ਹਾਂ ਰੈਸਟੋਰੈਂਟਾਂ 'ਤੇ ਭਾਰੀ ਜੁਰਮਾਨਾ ਲਗਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ।

## ਪਾਣੀ ਵਾਲੀ ਟੈਂਕੀ ਦੇ ਉਪਰੋਂ ਅਚਾਨਕ ਡਿੱਗਣ ਕਾਰਨ ਵਿਅਕਤੀ ਦੀ ਹੋਈ ਮੌਤ

ਝਬਾਲ 2 ਮਾਰਚ। ਕਸਬਾ ਝਬਾਲ ਵਿਖੇ ਪਿੰਡ ਤੋਂ ਬਾਹਰ ਤਰਨਤਾਰਨ ਰੋਡ 'ਤੇ ਬੰਦ ਪਈ ਪਾਣੀ ਵਾਲੀ ਟੈਂਕੀ ਤੋਂ ਛਾਲ ਮਾਰ ਕੇ ਇਕ ਵਿਅਕਤੀ ਵੱਲੋਂ ਆਤਮ ਹੱਤਿਆ ਕਰਨ ਦੀ ਦੁਖਦਾਈ ਖ਼ਬਰ ਸਾਹਮਣੇ ਆਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਝਬਾਲ ਖਾਮ ਵਾਸੀ ਰਾਜਵਿੰਦਰ ਸਿੰਘ ਰਾਜੂ, ਪੁੱਤਰ ਸਵਰਗਵਾਸੀ ਬਾਬਾ ਦਿਆਲ ਸਿੰਘ, ਪੇਸ਼ੇ ਨਾਲ ਟਰੱਕ ਡਰਾਈਵਰ ਸੀ ਅਤੇ ਪਿਛਲੇ ਕੁਝ ਦਿਨਾਂ ਤੋਂ ਪਿੰਡ ਆਇਆ ਹੋਇਆ ਸੀ। ਦੱਸਿਆ ਜਾ ਰਿਹਾ ਹੈ ਕਿ ਅੱਜ ਉਹ ਪਿੰਡ ਤੋਂ ਬਾਹਰ ਤਰਨਤਾਰਨ ਰੋਡ 'ਤੇ ਬਣੀ ਬੰਦ ਪਈ ਪਾਣੀ ਵਾਲੀ ਟੈਂਕੀ 'ਤੇ ਚੜ੍ਹ ਗਿਆ ਅਤੇ ਅਚਾਨਕ ਹੇਠਾਂ ਛਾਲ ਮਾਰ ਦਿੱਤੀ। ਇਸ ਘਟਨਾ ਦੌਰਾਨ ਰਾਜਵਿੰਦਰ ਸਿੰਘ ਰਾਜੂ ਦੀ ਮੌਕੇ 'ਤੇ ਹੀ ਮੌਤ ਹੋ ਗਈ।

# ਸਕੂਲਾਂ ਦੇ ਖਾਤੇ 'ਚ ਪਏ ਸਰਕਾਰੀ ਫੰਡਾਂ 'ਤੇ ਮੰਡਰਾਇਆ ਲੈਪਸ ਹੋਣ ਦਾ ਖ਼ਤਰਾ, ਸਿੱਖਿਆ ਵਿਭਾਗ ਅੱਗੇ ਖੜ੍ਹੀ ਹੋਈ ਮੁਸੀਬਤ

ਲੁਧਿਆਣਾ 2 ਮਾਰਚ। ਪੰਜਾਬ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਜਾਰੀ ਕੀਤੇ ਕਰੋੜਾਂ ਰੁਪਇਆਂ ਦੇ ਫੰਡ ਦੀ ਸਮੇਂ 'ਤੇ ਵਰਤੋਂ ਨਾ ਕਰਨਾ ਹੁਣ ਜ਼ਿਲਾ ਸਿੱਖਿਆ ਅਧਿਕਾਰੀਆਂ ਅਤੇ ਸਕੂਨ ਮੁਖੀਆਂ 'ਤੇ ਭਾਰੀ ਪੈ ਸਕਦੀ ਹੈ। ਸਕੂਲਾਂ ਅਤੇ ਅਧਿਕਾਰੀਆਂ ਦੀ ਢਿੱਲੀ ਕਾਰਜਪ੍ਰਣਾਲੀ ਦਾ ਆਲਮ ਇਹ ਹੈ ਕਿ ਕੇਂਦਰ ਸਰਕਾਰ ਵੱਲੋਂ ਆਪਣੀਆਂ ਵੱਖ-ਵੱਖ ਯੋਜਨਾਵਾਂ ਦੇ ਤਹਤਿ ਸਕੂਲਾਂ ਦੇ ਭੇਜੇ ਜਾਣ ਵਾਲੇ ਫੰਡਾਂ 'ਤੇ ਲੈਪਸ ਹੋਣ ਦਾ ਖਤਰਾ ਮੰਡਰਾ ਰਿਹਾ ਹੈ ਅਤੇ ਜੇਕਰ ਫੰਡ ਨਾ ਖਰਚ ਕੀਤੇ ਗਏ ਤਾਂ ਵਾਪਸ ਹੋ ਜਾਣਗੇ। ਉਕਤ ਸਬੰਧੀ ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਕਮ ਸਟੇਟ ਪ੍ਰਾਜੈਕਟ ਡਾਇਰੈਕਟਰ (ਸਮੱਗਰ ਸਿੱਖਿਆ ਮੁਹਿੰਮ, ਅਥਾਰਟੀ, ਪੰਜਾਬ) ਵੱਲੋਂ ਜਾਰੀ ਤਾਜ਼ਾ ਹੁਕਮਾਂ ਨੇ ਵੀ ਵਿਭਾਗ ਵਿਚ ਖਲਬਲੀ ਮਚਾ ਦਿੱਤੀ ਹੈ। ਵਿਭਾਗ ਨੇ ਸਾਫ ਕਰ ਦਿੱਤਾ ਹੈ ਕਿ ਜੇਕਰ ਵਿਕਾਸ ਕੰਮਾਂ ਵਿਚ ਤੇਜ਼ੀ ਨਾ ਲਿਆਂਦੀ ਗਈ ਤਾਂ ਅਲਾਟ ਕੀਤਾ ਬਜਟ ਵਾਪਸ ਹੋ ਜਾਵੇਗਾ। ਹਾਲ ਹੀ ਵਿਚ ਸੈਕਟਰੀ ਸਕੂਲ ਸਿੱਖਿਆ ਪੰਜਾਬ ਵੱਲੋਂ ਮੁੱਖ ਦਫਤਰ ਵਿਚ ਸਮੂਹ ਜ਼ਿਲਾ ਸਿੱਖਿਆ ਅਫਸਰਾਂ (ਸੈ.ਸਿੱਖਿਆ) ਦੇ ਨਾਂਲ ਵਿਭਾਗ ਦੇ ਵੱਖ ਵੱਖ ਪ੍ਰਾਜੈਕਟਾਂ ਦੀ ਰਿਵਿਊ ਮੀਟਿੰਗ ਕੀਤੀ ਗਈ। ਇਸ ਬੈਠਕ ਵਿਚ ਕਈ ਜ਼ਿਲਿਆਂ ਵਿਚ ਚੱਲ ਰਹੇ ਨਿਰਮਾਣ ਕਾਰਜਾਂ ਦੀ ਸਲੋ ਪ੍ਰੋਗ੍ਰੈਸ 'ਤੇ ਗੰਭੀਰ ਨੋਟਿਸ ਲਿਆ ਗਿਆ। ਸੈਕਟਰੀ ਨੇ ਨਾਰਾਜ਼ਗੀ ਜ਼ਾਹਰ ਕਰਦਿਆਂ ਕਿਹਾ ਕਿ ਸਕੂਲਾਂ ਵਿਚ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਦਿੱਤੇ ਫੰਡਾਂ ਦੀ ਵਰਤੋਂ ਉਮੀਦ ਮੁਤਾਬਕ ਨਹੀਂ ਹੋ ਰਹੀ। ਡਿਪਟੀ ਐੱਸ.ਪੀ.ਡੀ. (ਸਿਵਲ ਵਰਕਸ) ਪੰਜਾਬ ਵੱਲੋਂ ਜਾਰੀ ਨਿਰਦੇਸ਼ਾਂ ਤੇ ਹਦਾਇਤਾਂ ਮੁਤਾਬਕ ਸਾਲ 2024-25 ਦੇ ਲਈ 'ਸਮੱਗਰ ਸਿੱਖਿਆ' ਮੁਹਿੰਮ ਅਤੇ 'ਪੀ.ਐੱਮ. ਸ੍ਰੀ' ਸਕੀਮ ਦੇ ਤਹਿਤ ਮਨਜ਼ੂਰ ਕੀਤੀਆਂ ਗਈਆਂ ਗਤੀਵਿਧੀਆਂ ਜਿਵੇਂ ਏ.ਸੀ.ਆਰ., ਲੈਬਸ, ਲਾਈਬ੍ਰੇਰੀ, ਆਰਟ ਐਂਡ ਕ੍ਰਾਫਟ ਰੂਮ, ਲੜਕਿਆਂ ਅਤੇ ਲੜਕੀਆਂ ਦੇ ਟਾਇਲੇਟਸ ਅਤੇ ਮੇਜਰ ਅਤੇ ਮਾਈਨਰ ਰਿਪੇਅਰ ਦਾ ਕੰਮ ਅਗਲੇ 1 ਹਫਤੇ ਵਿਚ ਮੁਕੰਮਲ ਕਰਨਾ ਜ਼ਰੂਰੀ ਹੈ। ਕੰਮ ਪੂਰਾ ਕਰਨ ਤੋਂ ਬਾਅਦ ਯੂਨੀਲਾਈਜ਼ੇਸ਼ਨ ਸਰਟੀਫਿਕੇਟ ਜਮ?ਹਾ ਕਰਵਾ ਕੇ ਪ੍ਰਬੰਧ ਪੋਰਟਲ 'ਤੇ ਫਿਜ਼ੀਕਲ ਤੇ ਫਾਈਨਾਂਸ਼ੀਅਲ ਪ੍ਰੋਗ੍ਰੈਸ ਨੂੰ ਤੁਰੰਤ ਅਪਡੇਟ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਵਿਭਾਗ ਨੇ ਚਿਤਾਵਨੀ ਦਿੱਤੀ ਕਿ ਸਮੱਗਰ 2.0 ਸਕੀਮ ਦੇ ਤਹਿਤ ਮਨਜ਼ੂਰ ਫੰਡ ਕੇਵਲ ਵਿੱਤੀ ਸਾਲ 2025-26 ਤੱਕ ਹੀ ਵਰਤੇ ਜਾ ਸਕਦੇ ਹਨ। 1 ਅਪ੍ਰੈਲ 2026 ਤੋਂ ਸਮੱਗਰ 3.0 ਲਾਗੂ ਹੋਣ ਜਾ ਰਿਹਾ ਹੈ ਜਿਸ ਕਾਰਨ ਪੁਰਾਣੇ ਅਧੂਰੇ ਪਏ ਕੰਮਾਂ ਲਈ ਮੁੜ ਕੋਈ ਫੰਡ ਜਾਰੀ ਨਹੀਂ ਹੋਵੇਗਾ ਤੇ ਬਿਨਾਂ ਵਰਤੋਂ ਵਾਲਾ ਬਜਟ ਖੁਦਬਖੁਦ ਖਤਮ ਹੋ ਜਾਵੇਗਾ। ਅਧਿਕਾਰੀਆਂ ਨੂੰ ਹੁਕਮ ਦਿੱਤੇ ਗਏ ਹਨ ਕਿ ਉਹ ਆਪਣੇ ਆਪਣੇ ਜ਼ਿਲਿਆਂ ਦੇ ਸਕੂਲ ਮੁਖੀਆਂ ਤੋਂ ਲਗਾਤਾਰ ਰਿਪੋਰਟ ਲੈਣ ਅਤੇ ਚੱਲ ਰਹੇ ਨਿਰਮਾਣ ਕਾਰਜਾਂ ਦੀ ਨਿਜੀ ਤੌਰ 'ਤੇ ਮਾਨੀਟਰਿੰਗ ਕਰਨ ਤਾਂ ਕਿ ਸਰਕਾਰੀ ਪੈਸੇ ਦੀ ਸਹੀ ਸਮੇਂ 'ਤੇ ਸਹੀ ਵਰਤੋਂ ਹੋ ਸਕੇ ਤੇ ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤਾਂ ਮਿਲ ਸਕਣ।

# ਫਿਰੌਤੀ ਮੰਗਣ ਦੇ ਮਾਮਲੇ ਦਾ ਮੁੱਖ ਮਾਸਟਰਮਾਈਂਡ ਮੁੰਬਈ ਤੋਂ ਗ੍ਰਿ.ਫਤਾਰ

**ਕੌਮੀ ਪਤ੍ਰਿਕਾ**

ਕੋਟਕਪੂਰਾ 2 ਮਾਰਚ। ਕੋਟਕਪੂਰਾ ਪੁਲਸ ਵੱਲੋਂ 2 ਲੱਖ ਰੁਪਏ ਦੀ ਫਿਰੌਤੀ ਮੰਗਣ ਦੇ ਮਾਮਲੇ ਦੇ ਮੁੱਖ ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਹੈ। ਗ੍ਰਿਫਤਾਰ ਕੀਤੇ ਮੁੱਖ ਮੁਲਜ਼ਮ ਦੀ ਪਛਾਣ ਦੀਪਕ ਸ਼ਰਮਾਂ ਪੁੱਤਰ ਸਤਪਾਲ ਸ਼ਰਮਾ ਵਾਸੀ ਕੋਟਕਪੂਰਾ ਵਜੋਂ ਹੋਈ ਹੈ। ਇਸ ਤੋਂ ਇਲਾਵਾ ਇਸ ਵਿਚ ਉਸ ਦਾ ਸਾਥ ਦੇਣ ਲਈ ਮੁਲਜ਼ਮ ਦੀਪਕ ਸ਼ਰਮਾ ਦੀ ਮਾਤਾ ਵੀਨਾ ਰਾਣੀ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਸਥਾਨਕ ਡੀ.ਐੱਸ.ਪੀ. ਦਫਤਰ ਵਿਖੇ ਜਾਣਕਾਰੀ ਦਿੰਦੇ ਹੋਏ ਰਮਨਦੀਪ ਸਿੰਘ ਐੱਸ.ਪੀ (ਐੱਨ.ਡੀ.ਪੀ.ਐੱਸ) ਫਰੀਦਕੋਟ ਨੇ ਦੱਸਿਆ ਕਿ ਕੋਟਕਪੂਰਾ ਦੇ ਇਕ ਕਾਰੋਬਾਰੀ ਨੂੰ ਉਸ ਕੋਲ ਸਾਲ-2020 ਦੌਰਾਨ ਕੰਮ ਕਰਦੇ ਦੀਪਕ ਸ਼ਰਮਾ ਨਾਮ ਦੇ ਵਿਅਕਤੀ ਨੇ ਆਪਣੀ ਇੰਸਟਾਗ੍ਰਾਮ ਸਟੋਰੀ ਅਤੇ ਵੀਡੀਓ ਪਾ ਕੇ ਉਸ ਕਾਰੋਬਾਰੀ, ਉਸਦੇ ਪਿਤਾ ਅਤੇ ਉਸਦੇ ਜਾਣਕਾਰ ਨੂੰ ਜਾਨੋ ਮਾਰਨ ਦੀਆਂ ਧਮਕੀਆਂ ਦੇਣ ਬਾਰੇ ਸੂਚਨਾ ਹਾਸਿਲ ਹੋਈ ਸੀ। ਇਸ ਤੋਂ ਇਲਾਵਾ ਮੁਲਜ਼ਮ ਦੀਪਕ ਸ਼ਰਮਾ ਵੱਲੋਂ ਉਸ ਕਾਰੋਬਾਰੀ ਨੂੰ ਕਰੀਬ 6 ਮਹੀਨੇ ਪਹਿਲਾਂ ਵੀ ਵਟਸਐਪ ਕਾਲ ਰਾਹੀ 2 ਲੱਖ ਰੁਪਏ ਦੀ ਮੰਗ ਕੀਤੀ ਸੀ, ਜਿਸ ਤੋਂ ਬਾਅਦ ਮੁਲਜ਼ਮ ਦੀਪਕ ਸ਼ਰਮਾ ਦੀ ਮਾਤਾ ਵੀਨਾ ਰਾਣੀ ਵੱਲੋਂ ਵੀ ਉਸਦੇ ਲੜਕੇ ਨੂੰ ਫਿਰੌਤੀ ਦੀ ਰਕਮ ਦੇਣ ਲਈ ਧਮਕਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਸੂਚਨਾ ਮਿਲਣ "ਤੇ ਜੋਗੇਸ਼ਵਰ ਸਿੰਘ ਐੱਸ.ਪੀ ਇਨਵੈਸਟੀਗੇਸ਼ਨ ਫਰੀਦਕੋਟ ਦੇ ਨਿਰਦੇਸ਼ਾਂ ਹੇਠ ਸੰਜੀਵ ਕੁਮਾਰ




ਡੀ.ਐਸ.ਪੀ ਕੋਟਕਪੂਰਾ ਦੀ ਨਿਗਰਾਨੀ ਹੇਠ ਪੁਲਸ ਟੀਮਾਂ ਬਣਾ ਕੇ ਮੁਲਜ਼ਮਾਂ ਦੀ ਭਾਲ ਸ਼ੁਰੂ ਕੀਤੀ ਗਈ, ਜਿਸ ਦੌਰਾਨ ਟੈਕਨੀਕਲ ਇਨਪੁੱਟ ਅਤੇ ਹਿਊਮਨ ਇੰਟੈਲੀਜੈਂਸ ਦੇ ਅਧਾਰ "ਤੇ ਕਾਰਵਾਈ ਕਰਦੇ ਹੋਏ ਇਸ ਮਾਮਲੇ ਵਿਚ ਮੁਲਜ਼ਮ ਵੀਨਾ ਰਾਣੀ ਨੂੰ ਮਿਤੀ 12 ਫਰਵਰੀ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਮੁੱਖ ਮੁਲਜ਼ਮ ਦੀਪਕ ਸ਼ਰਮਾ ਨੂੰ ਮਹਾਂਰਾਸ਼ਟਰ ਦੇ ਮੁੰਬਈ ਤੋਂ ਮਿਤੀ 19 ਫਰਵਰੀ ਨੂੰ ਗ੍ਰਿਫਤਾਰ ਕਰਕੇ ਪੰਜਾਬ ਲਿਆਂਦਾ ਗਿਆ, ਜਿਸ ਨੂੰ ਕਿ ਕੱਲ 23 ਫਰਵਰੀ ਨੂੰ ਫਰੀਦਕੋਟ ਦੀ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ 2 ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁੱਢਲੀ ਤਫਤੀਸ਼ ਦੌਰਾਨ ਵਜਾ ਰੰਜਿਸ਼ ਇਹ ਸਾਹਮਣੇ ਆਈ ਹੈ ਕਿ ਮੁੱਖ ਮੁਲਜ਼ਮ ਦੀਪਕ ਸ਼ਰਮਾ ਉਕਤ ਕਾਰੋਬਾਰੀ ਕੋਲ ਪੈਟਰੋਲ ਪੰਪ "ਤੇ ਬਤੌਰ ਸੇਲਜਮੈਨ ਲੱਗਾ ਹੋਇਆ ਸੀ, ਜਿਸ ਵੱਲੋਂ ਹਿਸਾਬ ਕਿਤਾਬ 'ਚ ਹੇਰਾਫੇਰੀ ਸਾਹਮਣੇ ਆਉਣ "ਤੇ ਕੰਮ ਤੋਂ ਹਟਾ ਦਿੱਤਾ ਗਿਆ ਸੀ। ਇਸ ਤੋਂ ਇਲਾਵਾ ਕਰੋਨਾ ਸਮੇਂ ਦੌਰਾਨ ਮੁਲਜ਼ਮ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਉਲੰਘਣਾ ਕਰਨ "ਤੇ ਮੁਕੱਦਮਾ ਦਰਜ ਕੀਤਾ ਗਿਆ ਸੀ, ਜਿਸ ਵਿਚ ਉਹ ਕਾਰੋਬਾਰੀ ਵੀ ਬਤੌਰ ਗਵਾਹ ਸੀ। ਕੋਟਕਪੂਰਾ ਪੁਲਸ ਵੱਲੋਂ ਇਸ ਸਬੰਧੀ ਥਾਣਾ ਸਿਟੀ ਕੋਟਕਪੂਰਾ ਵਿਖੇ ਮੁਕੱਦਮਾ ਦਰਜ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਇਸ ਮਾਮਲੇ ਦੀ ਹੋਰ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਮੁਲਜ਼ਮ ਦੇ ਬੈਕਵਰਡ ਅਤੇ ਫਾਰਵਰਡ ਲਿੰਕਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਸਕੇ।

# ਪਾਵਰਕਾਮ ਦਾ ਅਨੋਖਾ ਕਾਰਨਾਮਾ, ਪੂਰਾ ਮਾਮਲਾ ਜਾਣ ਉਡ ਜਾਣਗੇ ਹੋਸ਼

**ਕੌਮੀ ਪਤ੍ਰਿਕਾ**

ਮੁੱਲਾਂਪੁਰ ਦਾਖਾ 2 ਮਾਰਚ। ਪਾਵਰਕਾਮ ਆਪਣੇ ਖਪਤਕਾਰਾਂ ਨੂੰ ਬਿਜਲੀ ਚੋਰੀ ਦੇ ਕੇਸਾ ਵਿਚ ਜਾਅਲੀ ਦਸਤਖਤ ਕਰਕੇ ਉਲਝਾਉਣ ਲੱਗਾ ਹੈ, ਜਿਸ ਦੀ ਤਾਜ਼ਾ ਉਦਾਹਰਣ ਉਦੋਂ ਦੇਖਣ ਨੂੰ ਮਿਲੀ ਜਦੋਂ 30 ਸਾਲ ਪਹਿਲਾਂ ਦੁਨੀਆ ਨੂੰ ਅਲਵਿਦਾ ਕਰਕੇ ਗਏ ਇਕ ਖਪਤਕਾਰ ਦੇ ਜਾਅਲੀ ਦਸਤਖਤ ਕਰਕੇ ਪਰਿਵਾਰ ਨੂੰ ਬਿਜਲੀ ਚੋਰੀ ਦੇ ਮਾਮਲੇ ਸਬੰਧੀ ਲੱਖਾਂ ਰੁਪਏ ਦਾ ਜੁਰਮਾਨਾ ਭੇਜ ਦਿੱਤਾ। ਇਸ ਸਬੰਧੀ ਖਪਤਕਾਰ ਦੇ ਸਪੁੱਤਰ ਨੇ ਪੁਲਸ ਨੂੰ ਦਰਖਾਸਤ ਦੇ ਕੇ ਆਪਣੇ ਪਿਤਾ ਦੇ ਨਾਂ 'ਤੇ ਲੱਗੇ ਬਿਜਲੀ ਮੀਟਰ ਸਬੰਧੀ ਉਸ ਦੇ ਜਾਅਲੀ ਦਸਤਖਤ ਕਰਕੇ ਝੂਠਾ ਬਿਜਲੀ ਚੋਰੀ ਦਾ ਕੇਸ ਬਣਾਉਣ ਨੂੰ ਲੈ ਕੇ ਉੱਚ ਪੱਧਰੀ ਜਾਂਚ ਕਰਵਾਉਣ ਤੇ ਕਾਨੂੰਨੀ ਕਾਰਵਾਈ ਕਰਨ ਲਈ ਇਨਸਾਫ਼ ਦੀ ਗੁਹਾਰ ਲਗਾਈ ਹੈ। ਸਵ. ਪਿਆਰੇ ਲਾਲ ਦੇ ਪੁੱਤਰ ਰਵਿੰਦਰ ਪਾਲ ਨੇ ਦੱਸਿਆ ਕਿ ਮੇਰੇ ਪਿਤਾ ਪਿਆਰੇ ਲਾਲ ਦੀ 1997 ਵਿਚ ਮੌਤ ਹੋ ਚੁੱਕੀ ਹੈ ਪਰ ਉਨ੍ਹਾਂ ਦੇ ਨਾਮ 'ਤੇ ਉਕਤ ਲੱਗੇ ਬਿਜਲੀ ਮੀਟਰ ਨੰਬਰ 3006687915 (ਮੀਟਰ ਲੜੀ ਨੰਬਰ 814187) ਦਰਜ ਹੈ। ਕੁਝ ਦਿਨ ਪਹਿਲਾਂ ਬਿਜਲੀ ਮਹਿਕਮੇ ਦੇ ਸਬੰਧਿਤ ਅਧਿਕਾਰੀ ਉਸ ਦੇ ਘਰ ਆਏ ਤੇ ਕਹਿਣ ਲੱਗੇ ਕਿ ਉਸਦੇ ਖਿਲਾਫ ਬਿਜਲੀ ਚੋਰੀ ਦਾ ਕੇਸ ਬਣਾਇਆ ਗਿਆ ਹੈ, ਕਿਉਂਕਿ ਮੀਟਰ ਨਾਲ ਛੇੜਛਾੜ ਹੋਈ ਹੈ। ਰਵਿੰਦਰਪਾਲ ਨੇ ਇਸ ਸਬੰਧੀ ਦਸਤਾਵੇਜ਼ ਮੰਗੇ




ਤਾਂ ਕਾਗਜ਼ਾਤਾਂ ਨੂੰ ਵੇਖ ਕੇ ਮੇਰੇ ਪੈਰਾਂ ਥੱਲਿਓਂ ਜਮੀਨ ਨਿਕਲ ਗਈ ਕਿਉਂਕਿ ਉਨ੍ਹਾਂ ਦਸਤਾਵੇਜ਼ਾਂ 'ਤੇ ਉਸ ਦੇ ਮਰਹੂਮ ਪਿਤਾ ਪਿਆਰੇ ਲਾਲ ਦੇ ਜਾਅਲੀ ਦਸਤਖਤ ਕੀਤੇ ਹੋਏ ਸਨ, ਜਦੋਂ ਕਿ ਉਸ ਦੇ ਪਿਤਾ ਦੀ ਮੌਤ ਸੰਨ 1997 ਵਿਚ ਹੋ ਚੁੱਕੀ ਹੈ। ਇਸ ਦੌਰਾਨ ਜਦੋਂ ਉਸ ਨੇ ਸਬੰਧਿਤ ਮੁਲਾਜ਼ਮਾਂ ਨੂੰ ਪੁੱਛਿਆ ਕਿ ਉਸ ਦੇ ਪਿਤਾ ਦੀ ਮੌਤ ਤੋਂ ਬਾਅਦ ਇਹ ਦਸਤਖਤ ਕਦੋਂ ਤੇ ਕਿਸ ਨੇ ਅਤੇ ਕਿਵੇਂ ਕੀਤੇ ਤਾਂ ਬਿਜਲੀ ਅਧਿਕਾਰੀ ਉਥੋਂ ਖਿਸਕ ਗਏ, ਜਦੋਂਕਿ ਦਫ਼ਤਰ ਵਿਚ ਉਸਦੀ ਗੱਲ ਸੁਣਨ ਤੋਂ ਕੰਨੀ ਕਤਰਾਉਂਦੇ ਹਨ। ਰਵਿੰਦਰਪਾਲ ਗਰਵੋਰ ਨੇ ਪੁਲਸ ਪ੍ਰਸ਼ਾਸਨ ਅਤੇ ਬਿਜਲੀ ਬੋਰਡ ਅਧਿਕਾਰੀਆਂ ਤੋਂ ਇਸ ਗੰਭੀਰ ਮਾਮਲੇ ਦੀ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਇਸ ਸਬੰਧੀ ਪਾਵਰਕਾਮ ਅੱਡਾ ਦਾਖਾ ਦੇ ਐੱਸ.ਡੀ.ਓ. ਜਸਕਿਰਨਪ੍ਰੀਤ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਖਪਤਕਾਰ ਵੱਲੋਂ ਬਿਜਲੀ ਚੋਰੀ ਕੀਤੀ ਗਈ ਹੈ, ਇਸ ਸਬੰਧੀ ਇਹ ਮਾਮਲਾ ਦਰਜ ਕੀਤਾ ਗਿਆ ਹੈ ਕਿਉਂਕਿ ਮੀਟਰ ਨਾਲ ਛੇੜਛਾੜ ਹੋਈ ਹੈ, ਜਾਅਲੀ ਦਸਤਖਤਾਂ ਸਬੰਧੀ ਪੁੱਛੇ ਸਵਾਲ 'ਤੇ ਉਨ੍ਹਾਂ ਕਹਿਣਾ ਸੀ ਕਿ ਜਦ ਮੀਟਰ ਲਾਹੁਣ ਵਾਲੀ ਟੀਮ ਪੁੱਜੀ ਸੀ ਤਾਂ ਕਿਸੇ ਖਪਤਕਾਰ ਨੇ ਦਸਤਖਤ ਕਰ ਦਿੱਤੇ ਹਨ, ਉਹ ਘਰ ਦਾ ਵੀ ਮੈਂਬਰ ਹੋ ਸਕਦਾ ਹੈ, ਕੋਈ ਬਾਹਰਲਾ ਨਹੀਂ? ਇਸ ਸਬੰਧੀ ਜਾਂਚ ਪੜਤਾਲ ਕਰ ਰਹੇ ਹਨ। ਜਾਅਲੀ ਦਸਤਖਤ ਕਰਕੇ ਬਿਜਲੀ ਮੀਟਰ ਨੂੰ ਲੈ ਕੇ ਦਿੱਤੀ ਦਰਖਾਸਤ ਸਬੰਧੀ ਜਦ ਇੰਸਪੈਕਟਰ ਕੁਲਜਿੰਦਰ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਸਬੰਧੀ ਮਾਮਲੇ ਦੀ ਜਾਂਚ ਕਰ ਰਹੇ ਹਨ, ਜੋ ਵੀ ਦੋਸ਼ੀ ਪਾਇਆ ਗਿਆ ਉਸ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਗਟਰ 'ਚੋਂ ਨਿਕਲੇ 500-500 ਦੇ ਨੋਟ ! ਦੇਖਣ ਪਹੁੰਚੇ ਲੋਕਾਂ ਨੇ ਮਚਾ'ਤੀ ਲੁੱਟ

ਬੀਕਾਨੇਰ 2 ਮਾਰਚ। ਰਾਜਸਥਾਨ ਦੇ ਬੀਕਾਨੇਰ ਸ਼ਹਿਰ ਤੋਂ ਇਕ ਬੇਹੱਦ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਸੀਵਰੇਜ ਦੇ ਗੰਦੇ ਪਾਣੀ 'ਚੋਂ 500-500 ਰੁਪਏ ਦੇ ਨੋਟਾਂ ਦੀ ਬਰਸਾਤ ਹੋਣ ਲੱਗੀ। ਇਹ ਘਟਨਾ ਮੁਕਤਾ ਪ੍ਰਸਾਦ ਥਾਣਾ ਖੇਤਰ ਦੇ ਅੰਤੋਦਿਆ ਨਗਰ ਸਥਿਤ ਇਕ ਜਨਤਕ ਪਾਰਕ ਦੀ ਹੈ, ਜਿੱਥੇ ਸ਼ਨੀਵਾਰ ਨੂੰ ਸੀਵਰੇਜ ਚੈਂਬਰ (ਗਟਰ) 'ਚੋਂ ਅਚਾਨਕ ਨੋਟ ਨਿਕਲਣੇ ਸ਼ੁਰੂ ਹੋ ਗਏ। ਚਸ਼ਮਦੀਦਾਂ ਮੁਤਾਬਕ, ਨਹਿਰੂ ਪਾਰਕ ਅਤੇ ਈ.ਐੱਸ.ਆਈ. ਹਸਪਤਾਲ ਦੇ ਵਿਚਕਾਰ ਬਣੇ ਇਕ ਟਾਇਲਟ ਦੇ ਨੇੜੇ ਸੀਵਰੇਜ ਚੈਂਬਰ ਖੁੱਲ੍ਹਾ ਸੀ। ਸਭ ਤੋਂ ਪਹਿਲਾਂ ਮੋਟਰਸਾਈਕਲ ਸਵਾਰ ਕੁਝ ਨੌਜਵਾਨ ਉੱਥੇ ਪਹੁੰਚੇ ਅਤੇ ਬੋਰਿਆਂ 'ਚ ਨੋਟ ਭਰ ਕੇ ਫਰਾਰ ਹੋ ਗਏ। ਜਦੋਂ ਸਥਾਨਕ ਲੋਕਾਂ ਨੂੰ ਇਸ ਦੀ ਖ਼ਬਰ ਲੱਗੀ ਤਾਂ ਉੱਥੇ ਭਾਰੀ ਭੀੜ ਇਕੱਠੀ ਹੋ ਗਈ। ਲੋਕਾਂ ਨੇ ਸੀਵਰੇਜ ਦੇ ਗੰਦੇ ਅਤੇ ਬਦਬੂਦਾਰ ਪਾਣੀ 'ਚ ਹੱਥ ਪਾ-ਪਾ ਕੇ ਨੋਟ ਕੱਢੇ। ਹਾਲਤ ਇਹ ਸੀ ਕਿ ਲੋਕ ਇਨ੍ਹਾਂ ਨੋਟਾਂ ਨੂੰ ਸਾਫ਼ ਪਾਣੀ ਨਾਲ ਧੋ ਕੇ ਸੁਕਾਉਂਦੇ ਹੋਏ ਦੇਖੇ ਗਏ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਫਿਲਹਾਲ ਇਹ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਇਹ ਨੋਟ ਅਸਲੀ ਹਨ ਜਾਂ ਨਕਲੀ। ਪੁਲਸ ਨੂੰ ਇਕ ਸੀਸੀਟੀਵੀ ਫੁਟੇਜ ਵੀ ਮਿਲੀ ਹੈ, ਜਿਸ 'ਚ 2 ਨੌਜਵਾਨ ਮੋਟਰਸਾਈਕਲ 'ਤੇ ਬੋਰਾ ਲੈ ਕੇ ਭੱਜਦੇ ਦਿਖਾਈ ਦੇ ਰਹੇ ਹਨ। ਪੁਲਸ ਇਸ ਗੱਲ ਦੀ ਜਾਂਚ ਕਰ ਰਹੀ ਹੈ ਕਿ ਇਹ ਨੋਟ ਉਹ ਖ਼ੁਦ ਲੈ ਕੇ ਆਏ ਸਨ ਜਾਂ ਸੀਵਰੇਜ 'ਚੋਂ ਕੱਢ ਕੇ ਭੱਜੇ ਹਨ। ਆਸ-ਪਾਸ ਦੇ ਸੀਸੀਟੀਵੀ ਕੈਮਰਿਆਂ ਦੀ ਮਦਦ ਨਾਲ ਮੁਲਜ਼ਮਾਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

## ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਔਰਤ ਦੀਆਂ ਵਾਲੀਆਂ ਝਪਟੀਆਂ

ਸ੍ਰੀ ਹਰਗੋਬਿੰਦਪੁਰ ਸਾਹਿਬ 2 ਮਾਰਚ। ਕਸਬਾ ਘੁਮਾਣ ਦੇ ਨਜ਼ਦੀਕੀ ਪਿੰਡ ਚੀਮਾ ਖੁੱਡੀ ਵਿਖੇ ਮੋਟਰਸਾਈਕਲ ਸਵਾਰ ਦੋ ਅਣਪਛਾਤੇ ਵਿਅਕਤੀਆਂ ਵੱਲੋਂ ਇਕ ਔਰਤ ਦੇ ਕੰਨਾਂ 'ਚੋਂ ਸੋਨੇ ਦੀਆਂ ਵਾਲੀਆਂ ਝਪਟ ਕੇ ਫ਼ਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਪੀੜਤ ਹਰਭਜਨ ਕੌਰ ਪਤਨੀ ਕਰਮ ਸਿੰਘ ਵਾਸੀ ਪਿੰਡ ਚੀਮਾ ਖੁੱਡੀ ਨੇ ਦੱਸਿਆ ਕਿ ਉਹ ਦੁਪਹਿਰ 3 ਵਜੇ ਦੇ ਕਰੀਬ ਘੁਮਾਣ ਤੋਂ ਵਾਪਸ ਆਪਣੇ ਪਿੰਡ ਆ ਰਹੀ ਸੀ। ਜਦੋਂ ਉਹ ਸਰਕਾਰੀ ਹਾਈ ਸਕੂਲ ਨੇੜੇ ਬੱਸ ਤੋਂ ਉਤਰੀ, ਤਾਂ ਮੋਟਰਸਾਈਕਲ 'ਤੇ ਸਵਾਰ ਦੋ ਨੌਜਵਾਨ ਉੱਥੇ ਆਏ। ਉਨ੍ਹਾਂ ਨੇ ਪਹਿਲਾਂ ਉਸ ਨੂੰ ਰਸਤੇ ਬਾਰੇ ਪੁੱਛਿਆ ਅਤੇ ਫਿਰ ਅਚਾਨਕ ਝਪਟਾ ਮਾਰ ਕੇ ਉਸ ਦੇ ਕੰਨਾਂ ਵਿਚ ਪਾਈਆਂ ਸੋਨੇ ਦੀਆਂ ਵਾਲੀਆਂ ਖੋਹ ਕੇ ਤੇਜ਼ੀ ਨਾਲ ਫ਼ਰਾਰ ਹੋ ਗਏ।

## ਸਰਹੱਦ 'ਤੇ ਡਰੋਨ ਰਾਹੀਂ ਹਥਿਆਰਾਂ ਦੀ ਤਸਕਰੀ ਨਾਕਾਮ: ਮਾੜੀ ਮੇਘਾ ਦੇ ਖੇਤਾਂ 'ਚੋਂ ਪਿਸਤੌਲ ਸਮੇਤ 3 ਨੌਜਵਾਨ ਕਾਬੂ

ਤਰਨ ਤਾਰਨ 2 ਮਾਰਚ। ਤਰਨ ਤਾਰਨ ਜ਼ਿਲ੍ਹੇ ਦੇ ਸਰਹੱਦੀ ਇਲਾਕੇ ਵਿੱਚ ਡਰੋਨ ਗਤੀਵਿਧੀਆਂ ਰਾਹੀਂ ਹੋ ਰਹੀ ਹਥਿਆਰਾਂ ਦੀ ਤਸਕਰੀ ਵਿਰੁੱਧ ਸੁਰੱਖਿਆ ਏਜੰਸੀਆਂ ਨੂੰ ਵੱਡੀ ਸਫਲਤਾ ਮਿਲੀ ਹੈ। ਬੀਐਸਐਫ ਅਤੇ ਪੰਜਾਬ ਪੁਲਸ ਦੀ ਸਾਂਝੀ ਟੀਮ ਨੇ ਹਲਕਾ ਖੇਮਕਰਨ ਦੇ ਪਿੰਡ ਮਾੜੀ ਮੇਘਾ ਦੇ ਖੇਤਾਂ ਵਿੱਚ ਕਾਰਵਾਈ ਕਰਦੇ ਹੋਏ 3 ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਹੈ। ਮਿਲੀ ਜਾਣਕਾਰੀ ਅਨੁਸਾਰ, ਇਹ ਨੌਜਵਾਨ ਪਾਕਿਸਤਾਨ ਵਾਲੇ ਪਾਸਿਓਂ ਡਰੋਨ ਰਾਹੀਂ ਭੇਜਿਆ ਗਿਆ ਇੱਕ ਪਿਸਤੌਲ ਪ੍ਰਾਪਤ ਕਰਨ ਲਈ ਖੇਤਾਂ ਵਿੱਚ ਪਹੁੰਚੇ ਹੋਏ ਸਨ। ਸੁਰੱਖਿਆ ਏਜੰਸੀਆਂ ਨੂੰ ਇਸ ਸਬੰਧੀ ਪਹਿਲਾਂ ਹੀ ਗੁਪਤ ਸੂਚਨਾ ਮਿਲੀ ਸੀ, ਜਿਸ ਦੇ ਆਧਾਰ 'ਤੇ ਥਾਣਾ ਖਾਲੜਾ ਦੀ ਪੁਲਸ ਅਤੇ ਬੀਐਸਐਫ ਨੇ ਇਲਾਕੇ ਵਿੱਚ ਨਾਕਾਬੰਦੀ ਕੀਤੀ ਹੋਈ ਸੀ। ਤਲਾਸ਼ੀ ਦੌਰਾਨ ਕਾਬੂ ਕੀਤੇ ਗਏ ਨੌਜਵਾਨਾਂ ਕੋਲੋਂ ਇੱਕ ਪਿਸਤੌਲ ਬਰਾਮਦ ਕੀਤਾ ਗਿਆ ਹੈ। ਪੁਲਸ ਨੇ ਮਾਮਲਾ ਦਰਜ ਕਰਕੇ ਮੁਲਜ਼ਮਾਂ ਤੋਂ ਪੁੱਛਗਿੱਛ ਸ਼ੁਰੂ ਕਰ ਦਿੱਤੀ ਹੈ ਤਾਂ ਜੋ ਇਸ ਤਸਕਰੀ ਨੈੱਟਵਰਕ ਨਾਲ ਜੁੜੇ ਹੋਰ ਲੋਕਾਂ ਅਤੇ ਉਨ੍ਹਾਂ ਦੇ ਮਕਸਦਾਂ ਬਾਰੇ ਜਾਣਕਾਰੀ ਹਾਸਲ ਕੀਤੀ ਜਾ ਸਕੇ। ਜ਼ਿਕਰਯੋਗ ਹੈ ਕਿ ਸਰਹੱਦੀ ਇਲਾਕਿਆਂ ਵਿੱਚ ਡਰੋਨਾਂ ਦੀਆਂ ਵਧਦੀਆਂ ਗਤੀਵਿਧੀਆਂ ਨੂੰ ਮੁੱਖ ਰੱਖਦਿਆਂ ਸੁਰੱਖਿਆ ਏਜੰਸੀਆਂ ਵੱਲੋਂ ਚੌਕਸੀ ਹੋਰ ਵਧਾ ਦਿੱਤੀ ਗਈ ਹੈ।

# ਪੰਜਾਬ ਸਰਕਾਰ ਖ਼ਿਲਾ.ਫ ਕੰਪਿਊਟਰ ਅਧਿਆਪਕਾਂ ਨੇ ਖੋਲ੍ਹਿਆ ਮੋਰਚਾ, ਸਿੱਖਿਆ ਮੰਤਰੀ ਦੇ ਝੂਠੇ ਵਾਅਦਿਆਂ ਦੇ ਪੋਸਟਰਾਂ ਨਾਲ

**ਕੌਮੀ ਪਤ੍ਰਿਕਾ**

ਚੰਡੀਗੜ੍ਹ 2 ਮਾਰਚ। ਪੰਜਾਬ ਦੇ ਸਰਕਾਰੀ ਸਕੂਲਾਂ 'ਚ ਸ਼ੁਰੂ ਹੋਈ 'ਅਨਬਾਕਸਿੰਗ ਸੈਲੀਬ੍ਰੇਸ਼ਨ' (ਉਦਘਾਟਨੀ ਜਸ਼ਨ) ਇੱਕ ਵੱਡੇ ਵਿਵਾਦ ਦਾ ਰੂਪ ਧਾਰਨ ਕਰ ਚੁੱਕੀ ਹੈ। ਕੰਪਿਊਟਰ ਅਧਿਆਪਕਾਂ ਨੇ ਸਰਕਾਰ ਦੇ ਇਸ 'ਡਿਜੀਟਲ ਡਰਾਮੇ' ਨੂੰ ਸਿਰੇ ਤੋਂ ਨਕਾਰਦਿਆਂ ਐਲਾਨ ਕੀਤਾ ਹੈ ਕਿ ਉਹ ਇਨ੍ਹਾਂ ਸਮਾਰੋਹਾਂ 'ਚ ਨਵੇਂ ਕੰਪਿਊਟਰਾਂ ਦਾ ਸਵਾਗਤ ਫੁੱਲਾਂ ਨਾਲ ਨਹੀਂ, ਸਗੋਂ ਸਿੱਖਿਆ ਮੰਤਰੀ ਦੇ ਉਨ੍ਹਾਂ 'ਝੂਠੇ ਵਾਅਦਿਆਂ' ਦੇ ਪੋਸਟਰਾਂ ਨਾਲ ਕਰਨਗੇ, ਜੋ ਪਿਛਲੇ ਚਾਰ ਸਾਲਾਂ ਤੋਂ ਸਿਰਫ਼ ਸੋਸ਼ਲ ਮੀਡੀਆ ਦੀਆਂ ਪੋਸਟਾਂ ਤੱਕ ਹੀ ਸੀਮਤ ਰਹਿ ਗਏ ਹਨ। ਕੰਪਿਊਟਰ ਫੈਕਲਟੀ ਐਸੋਸੀਏਸ਼ਨ ਦੇ ਸੂਬਾਈ ਆਗੂ ਪ੍ਰਦੀਪ ਕੁਮਾਰ ਮਲੂਕਾ, ਜਸਪਾਲ ਫਤਿਹਗੜ੍ਹ ਸਾਹਿਬ, ਲਖਵਿੰਦਰ ਸਿੰਘ ਫਿਰੋਜ਼ਪੁਰ, ਪਵਨ ਸ਼ਰਮਾ ਜਲੰਧਰ, ਹਰਚਰਨ ਸਿੰਘ, ਜਤਿੰਦਰ ਸਿੰਘ ਸੋਢੀ, ਰਾਕੇਸ਼ ਸੈਣੀ ਪਠਾਨਕੋਟ ਅਤੇ ਕੰਪਿਊਟਰ ਅਧਿਆਪਕ ਭੁੱਖ ਹੜਤਾਲ ਸੰਘਰਸ਼ ਕਮੇਟੀ ਦੇ ਆਗੂ ਪਰਮਵੀਰ ਸਿੰਘ ਪੰਮੀ ਨੇ ਸਰਕਾਰੀ ਤੰਤਰ ਦੀ ਕਾਰਜ ਪ੍ਰਣਾਲੀ 'ਤੇ ਸਵਾਲ ਚੁੱਕਦਿਆਂ ਦੱਸਿਆ ਕਿ ਇਨ੍ਹਾਂ ਸਮਾਗਮਾਂ ਦੇ ਆਯੋਜਨ ਲਈ ਵਿਭਾਗ ਵੱਲੋਂ ਸਕੂਲ ਮੁਖੀਆਂ ਨੂੰ ਇੱਕ ਅਜਿਹਾ ਪੱਤਰ ਭੇਜਿਆ ਗਿਆ ਹੈ, ਜਿਸ 'ਤੇ ਕਿਸੇ ਵੀ ਉੱਚ ਅਧਿਕਾਰੀ ਦੇ ਦਸਤਖ਼ਤ ਨਹੀਂ ਹਨ। ਅਧਿਕਾਰੀ ਖ਼ੁਦ ਇਸ ਦੀ ਜ਼ਿੰਮੇਵਾਰੀ ਲੈਣ ਤੋਂ ਭੱਜ ਰਹੇ ਹਨ ਅਤੇ ਹੁਣ ਸਕੂਲ ਮੁਖੀਆਂ ਵੱਲੋਂ ਕੰਪਿਊਟਰ ਅਧਿਆਪਕਾਂ ਨੂੰ ਇਹ ਬਿਨਾਂ ਦਸਤਖ਼ਤਾਂ ਵਾਲਾ ਪੱਤਰ ਨੋਟ ਕਰਵਾ ਕੇ ਪ੍ਰਬੰਧ ਮੁਕੰਮਲ



ਕਰਨ ਦੇ ਹੁਕਮ ਦਿੱਤੇ ਜਾ ਰਹੇ ਹਨ। ਅਧਿਆਪਕਾਂ ਨੇ ਸਵਾਲ ਕੀਤਾ ਕਿ ਜੇਕਰ ਵਿਭਾਗ ਦੇ ਉੱਚ ਅਧਿਕਾਰੀ ਹੀ ਇਸ ਦੀ ਜ਼ਿੰਮੇਵਾਰੀ ਨਹੀਂ ਲੈ ਰਹੇ ਤਾਂ ਅਧਿਆਪਕਾਂ ਨੂੰ ਕਿਸ ਆਧਾਰ 'ਤੇ ਮਜਬੂਰ ਕੀਤਾ ਜਾ ਰਿਹਾ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇਨ੍ਹਾਂ ਚਾਰ ਕੰਪਿਊਟਰਾਂ ਦੇ ਡੱਬੇ ਖੋਲ੍ਹਣ ਲਈ 'ਇਤਿਹਾਸਕ ਉਪਲੱਬਧੀ' ਵਜੋਂ ਪ੍ਰਚਾਰ ਕਰਨ ਅਤੇ ਵਿਧਾਇਕਾਂ ਦੀ ਮੌਜੂਦਗੀ 'ਚ ਭਾਰੀ-ਭਰਕਮ ਸਮਾਰੋਹ ਕਰਨ ਦੇ ਹੁਕਮ ਦਿੱਤੇ ਗਏ ਹਨ। ਅਧਿਆਪਕਾਂ ਅਨੁਸਾਰ ਜਿਸ ਸਮਾਰੋਹ 'ਤੇ 30 ਹਜ਼ਾਰ ਰੁਪਏ ਦਾ ਅਨੁਮਾਨਿਤ ਖ਼ਰਚਾ ਹੋਣ ਦੀ ਗੱਲ ਕਹੀ ਜਾ ਰਹੀ ਹੈ, ਉਸ ਦੇ ਲਈ ਸਰਕਾਰ ਵੱਲੋਂ ਕੋਈ ਵੀ ਫੰਡ ਨਹੀਂ ਦਿੱਤਾ ਜਾ ਰਿਹਾ। ਇਹ ਸਾਰਾ ਖ਼ਰਚਾ ਅਧਿਆਪਕਾਂ ਨੂੰ ਮਜਬੂਰਨ ਆਪਣੀ ਜੇਬ ਵਿੱਚੋਂ ਕਰਨਾ ਪਵੇਗਾ। ਅਧਿਆਪਕਾਂ ਨੇ ਕਿਹਾ ਕਿ ਫ਼ਰਵਰੀ-ਮਾਰਚ 'ਚ ਵਿਦਿਆਰਥੀਆਂ ਦੀਆਂ ਸਲਾਨਾ ਪ੍ਰੀਖਿਆਵਾਂ ਚੱਲ ਰਹੀਆਂ ਹਨ ਅਤੇ ਅਜਿਹੇ ਫੋਕੇ ਜਸ਼ਨਾਂ ਕਾਰਨ ਪੜ੍ਹਾਈ ਦਾ ਘਾਣ ਹੋਣਾ ਤੈਅ ਹੈ। ਕੰਪਿਊਟਰ ਅਧਿਆਪਕ ਆਗੂਆਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਮੀਨੀ ਹਕੀਕਤ ਇਹ ਹੈ ਕਿ ਪੰਜਾਬ ਦੇ ਮਿਡਲ ਸਕੂਲਾਂ 'ਚ ਕੰਪਿਊਟਰ ਸਾਇੰਸ ਵਿਸ਼ੇ ਦੀ ਪੋਸਟ ਹੀ ਨਹੀਂ ਹੈ। ਇਨ੍ਹਾਂ ਸਕੂਲਾਂ ਦੇ ਵਿਦਿਆਰਥੀਆਂ ਨੂੰ ਕੰਪਿਊਟਰ ਸਿੱਖਿਆ ਦੇਣ ਲਈ ਨੇੜਲੇ ਸਰਕਾਰੀ ਹਾਈ ਸਕੂਲ ਜਾਂ ਸੀਨੀਅਰ ਸੈਕੰਡਰੀ ਸਕੂਲਾਂ ਦੇ ਅਧਿਆਪਕਾਂ ਨੂੰ 2-2 ਦਿਨ ਉੱਥੇ ਜਾ ਕੇ ਸੇਵਾਵਾਂ ਦੇਣੀਆਂ ਪੈਂਦੀਆਂ ਹਨ। ਪਿਛਲੇ 4 ਸਾਲਾਂ ਦੇ ਦੌਰਾਨ ਕੰਪਿਊਟਰ ਅਧਿਆਪਕਾਂ ਦੀ ਕੋਈ ਨਵੀਂ ਭਰਤੀ ਨਹੀਂ ਕੀਤੀ ਗਈ, ਜਿਸ ਕਾਰਨ ਅਧਿਆਪਕਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਅਧਿਆਪਕਾਂ ਨੇ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ ਉਨ੍ਹਾਂ ਦੇ ਰੈਗੂਲਰ ਆਰਡਰਾਂ ਦੇ ਲਾਭ ਬਹਾਲ ਨਹੀਂ ਹੁੰਦੇ, ਛੇਵਾਂ ਪੇ-ਕਮਿਸ਼ਨ ਲਾਗੂ ਨਹੀਂ ਹੁੰਦਾ ਅਤੇ ਮ੍ਰਿਤਕ ਅਧਿਆਪਕਾਂ ਦੇ ਵਾਰਸਾਂ ਨੂੰ ਨੌਕਰੀ ਨਹੀਂ ਮਿਲਦੀ, ਉਦੋਂ ਤੱਕ ਸਰਕਾਰ ਦਾ ਵਿਰੋਧ ਜਾਰੀ ਰਹੇਗਾ। ਉਨ੍ਹਾਂ ਦੱਸਿਆ ਕਿ ਸਮਾਰੋਹ 'ਚ ਪਹੁੰਚਣ ਵਾਲੇ ਹਰ ਵਧਾਇਕ ਨੂੰ ਸਿੱਖਿਆ ਮੰਤਰੀ ਦੀ ਪੁਰਾਣੀ 'ਝੂਠੇ ਵਾਅਦਿਆਂ' ਵਾਲੀ ਪੋਸਟ ਦਾ ਫਰੇਮ ਕੀਤਾ ਪੋਸਟਰ ਭੇਂਟ ਕੀਤਾ ਜਾਵੇਗਾ। ਸਕੂਲਾਂ ਦੀਆਂ ਕੰਧਾਂ 'ਤੇ ਸਰਕਾਰ ਦੀਆਂ ਨਾਕਾਮੀਆਂ ਦੇ ਪੋਸਟਰ ਲਗਾ ਕੇ ਜਨਤਾ ਨੂੰ ਦੱਸਿਆ ਜਾਵੇਗਾ ਕਿ ਇਹ ਵਿਕਾਸ ਨਹੀਂ, ਸਗੋਂ ਚੋਣਾਂ ਤੋਂ ਪਹਿਲਾਂ ਦਾ ਸਿਆਸੀ ਸਟੰਟ ਹੈ। ਅਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਅਧਿਆਪਕਾਂ ਦਾ ਇਹ ਤਿੱਖਾ ਰੁਖ਼ ਪੰਜਾਬ ਸਰਕਾਰ ਲਈ ਵੱਡੀ ਮੁਸੀਬਤ ਖੜ੍ਹੀ ਕਰ ਸਕਦਾ ਹੈ। ਅਧਿਆਪਕਾਂ ਨੇ ਸਾਫ਼ ਕਰ ਦਿੱਤਾ ਹੈ ਕਿ ਹੁਣ ਗੱਲਾਂ ਦਾ ਵੇਲਾ ਲੰਘ ਚੁੱਕਾ ਹੈ, ਹੁਣ ਫ਼ੈਸਲਾ ਸੜਕਾਂ 'ਤੇ ਹੋਵੇਗਾ।